Designer & Customized
WEDDING
CARDS & BOXES
Shagun Envelopes & Saha Chithi
More Than 500 Designs
of Wedding Cards & Boxes
+91-988881 88887, 988882 88887
SEA DESIGN COMPANY

ਰੋਜ਼ਾਨਾ
# ਸ਼ਹੀਦ-ਏ-ਆਜ਼ਮ
SHAHEED-E-AZAM, DAILY PUNJABI NEWSPAPER, PATIALA
ਰੋਜ਼ਾਨਾ ਪੰਜਾਬੀ ਅਖ਼ਬਾਰ, ਪਟਿਆਲਾ

Shaheed-e-Azam
PRINTING PRESS
Customized and Designer
- Wedding Invitations
- Wedding Boxes
(MDF/Acrylic/Folding)
- Shagan Envelop
- Sahi Chithi
98881-88887

PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 92 Chief Editor : Chowdhary Prabhjit Singh, Editor : Chhatarpal Singh 98146-32807, Thursday 24 September 2026 Price : 2 Rs. 

## ਆਯੁਸ਼ਮਾਨ ਭਾਰਤ ਦੇ 8 ਸਾਲ: 13.25 ਕਰੋੜ ਹਸਪਤਾਲ ਦਾਖ਼ਲਿਆਂ ਨਾਲ ਵਧਿਆ ਸਿਹਤ ਸੁਰੱਖਿਆ ਦਾ ਦਾਇਰਾ

**ਨਵੀਂ ਦਿੱਲੀ, 22 ਸਤੰਬਰ**
**-ਗੁਰਮੀਤ ਸਿੰਘ ਤੁੰਗ-**

ਆਯੁਸ਼ਮਾਨ ਭਾਰਤ-ਪ੍ਰਧਾਨ ਮੰਤਰੀ ਜਨ ਆਰੋਗਿਆ ਯੋਜਨਾ ਨੇ ਆਪਣੇ ਅੱਠ ਸਾਲ ਪੂਰੇ ਕਰ ਲਏ ਹਨ। ਇਸ ਮੌਕੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਯੋਜਨਾ ਦੀਆਂ ਉਪਲਬਧੀਆਂ ਉਜਾਗਰ ਕਰਦਿਆਂ ਕਿਹਾ ਕਿ ਇਸ ਦਾ ਮਕਸਦ ਲੋਕਾਂ ਨੂੰ ਗੁਣਵੱਤਾ ਵਾਲੀਆਂ ਅਤੇ ਕਿਫਾਇਤੀ ਸਿਹਤ ਸੇਵਾਵਾਂ ਤੱਕ ਪਹੁੰਚ ਮੁਹੱਈਆ ਕਰਵਾਉਣਾ ਹੈ। 23 ਸਤੰਬਰ 2018 ਨੂੰ ਸ਼ੁਰੂ ਕੀਤੀ ਗਈ ਇਸ ਯੋਜਨਾ ਤਹਿਤ ਯੋਗ ਪਰਿਵਾਰਾਂ ਨੂੰ ਹਰ ਸਾਲ 5 ਲੱਖ ਰੁਪਏ ਤੱਕ ਦਾ ਕੈਸ਼ਲੈੱਸ ਹਸਪਤਾਲੀ ਇਲਾਜ ਕਵਰ ਮਿਲਦਾ ਹੈ। ਸਰਕਾਰੀ ਅੰਕੜਿਆਂ ਅਨੁਸਾਰ 21 ਸਤੰਬਰ 2026 ਤੱਕ 48.51 ਕਰੋੜ ਤੋਂ ਵੱਧ ਲੋਕਾਂ ਕੋਲ ਆਯੁਸ਼ਮਾਨ ਕਾਰਡ ਮੌਜੂਦ ਸਨ।

13.25 ਕਰੋੜ ਹਸਪਤਾਲ ਦਾਖ਼ਲਿਆਂ ਨੂੰ ਮਿਲੀ ਮਨਜ਼ੂਰੀ : ਕੇਂਦਰੀ ਸਰਕਾਰ ਦੇ 31 ਅਗਸਤ 2026 ਤੱਕ ਦੇ ਅੰਕੜਿਆਂ ਮੁਤਾਬਕ 12-PMJAY ਤਹਿਤ ਲਗਭਗ 13.25 ਕਰੋੜ ਹਸਪਤਾਲ ਦਾਖ਼ਲਿਆਂ ਨੂੰ ਮਨਜ਼ੂਰੀ ਦਿੱਤੀ ਜਾ ਚੁੱਕੀ ਹੈ। ਇਨ੍ਹਾਂ ਇਲਾਜਾਂ ਦੀ ਕੁੱਲ ਕੀਮਤ ਕਰੀਬ 2.03 ਲੱਖ ਕਰੋੜ ਰੁਪਏ ਰਹੀ। ਯੋਜਨਾ ਦੇ ਤਹਿਤ ਦੇਸ਼ ਭਰ ਵਿੱਚ 38,000 ਤੋਂ ਵੱਧ ਸਰਕਾਰੀ ਅਤੇ ਨਿੱਜੀ ਹਸਪਤਾਲ ਸੂਚੀਬੱਧ ਹਨ।



70 ਸਾਲ ਤੋਂ ਵੱਧ ਉਮਰ ਦੇ ਬਜ਼ੁਰਗ ਵੀ ਦਾਇਰੇ ਵਿੱਚ : ਆਯੁਸ਼ਮਾਨ ਭਾਰਤ ਦਾ ਦਾਇਰਾ 70 ਸਾਲ ਜਾਂ ਇਸ ਤੋਂ ਵੱਧ ਉਮਰ ਦੇ ਸੀਨੀਅਰ ਨਾਗਰਿਕਾਂ ਤੱਕ ਵੀ ਵਧਾਇਆ ਗਿਆ ਹੈ। ਇਸ ਨਾਲ ਬਜ਼ੁਰਗਾਂ ਲਈ ਸਿਹਤ ਸੇਵਾਵਾਂ ਦੇ ਖਰਚੇ ਨੂੰ ਘਟਾਉਣ ਲਈ ਵਿੱਤੀ ਸੁਰੱਖਿਆ ਦਾ ਇੱਕ ਵਾਧੂ ਪ੍ਰਬੰਧ ਹੋਇਆ ਹੈ।

ਆਯੁਸ਼ਮਾਨ ਆਰੋਗਿਆ ਮੰਦਰਾਂ 'ਤੇ 500 ਕਰੋੜ ਤੋਂ ਵੱਧ ਦੌਰੇ : ਪ੍ਰਧਾਨ ਮੰਤਰੀ ਨੇ ਮੁੱਢਲੀ ਸਿਹਤ ਸੇਵਾ ਨੂੰ ਲੋਕਾਂ ਦੇ ਨੇੜੇ ਲਿਆਉਣ ਲਈ ਆਯੁਸ਼ਮਾਨ ਆਰੋਗਿਆ ਮੰਦਰਾਂ ਦੀ ਭੂਮਿਕਾ ਨੂੰ ਵੀ ਰੇਖਾਂਕਿਤ ਕੀਤਾ। ਉਨ੍ਹਾਂ ਮੁਤਾਬਕ ਇਨ੍ਹਾਂ ਕੇਂਦਰਾਂ 'ਤੇ ਹੁਣ ਤੱਕ 500 ਕਰੋੜ ਤੋਂ ਵੱਧ ਦੌਰੇ ਦਰਜ ਕੀਤੇ ਜਾ ਚੁੱਕੇ ਹਨ। ਸਰਕਾਰੀ ਜਾਣਕਾਰੀ ਅਨੁਸਾਰ ਆਯੁਸ਼ਮਾਨ ਭਾਰਤ ਸਿਰਫ਼ ਹਸਪਤਾਲੀ ਇਲਾਜ ਤੱਕ ਸੀਮਿਤ ਨਹੀਂ ਹੈ। ਇਸ ਨਾਲ ਆਯੁਸ਼ਮਾਨ ਭਾਰਤ ਡਿਜੀਟਲ ਮਿਸ਼ਨ ਅਤੇ ਸਿਹਤ ਬੁਨਿਆਦੀ ਢਾਂਚੇ ਨਾਲ ਜੁੜੀਆਂ ਪਹਿਲਕਦਮੀਆਂ ਵੀ ਕੰਮ ਕਰ ਰਹੀਆਂ ਹਨ। 17 ਸਤੰਬਰ 2026 ਤੱਕ 97.61 ਕਰੋੜ ਤੋਂ ਵੱਧ 1281 IDs ਚਾਲੂ ਹੋ ਚੁੱਕੀਆਂ ਸਨ। ਪ੍ਰਧਾਨ ਮੰਤਰੀ ਨੇ ਅੱਠਵੀਂ ਵਰ੍ਹੇਗੰਢ ਮੌਕੇ ਆਯੁਸ਼ਮਾਨ ਭਾਰਤ ਦੇ ਸਾਰੇ ਲਾਭਪਾਤਰੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਸਿਹਤ ਸੇਵਾਵਾਂ ਨੂੰ ਲੋਕਾਂ ਦੇ ਹੋਰ ਨੇੜੇ ਲਿਆਉਣ ਦੀ ਦਿਸ਼ਾ ਵਿੱਚ ਜਾਰੀ ਯਤਨਾਂ ਨੂੰ ਉਜਾਗਰ ਕੀਤਾ।

## ਪੰਜਾਬ ਦੇ ਮੁਲਾਜ਼ਮਾਂ ਲਈ ਖ਼ੁਸ਼ਖ਼ਬਰੀ: ਸਰਕਾਰ ਵੱਲੋਂ ਡੀ.ਏ. ਸਬੰਧੀ ਨੋਟੀਫ਼ਿਕੇਸ਼ਨ ਜਾਰੀ

**ਚੰਡੀਗੜ੍ਹ, 23 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਦੇ ਸਰਕਾਰੀ ਮੁਲਾਜ਼ਮਾਂ ਲਈ ਵੱਡੀ ਖ਼ਬਰ ਸਾਹਮਣੇ ਆਈ ਹੈ। ਪੰਜਾਬ ਸਰਕਾਰ ਵੱਲੋਂ ਮਹਿੰਗਾਈ ਭੱਤੇ (ਡੀਏ) ਵਿੱਚ 8 ਫ਼ੀਸਦੀ ਵਾਧੇ ਸਬੰਧੀ ਨੋਟੀਫ਼ਿਕੇਸ਼ਨ ਜਾਰੀ ਕਰ ਦਿੱਤਾ ਗਿਆ ਹੈ। ਦੋ ਕਿਸ਼ਤਾਂ ਵਿੱਚ ਮਿਲੇਗਾ ਵਾਧਾ



ਜ਼ਿਕਰਯੋਗ ਹੈ ਕਿ ਸਰਕਾਰ ਨੇ ਪਹਿਲਾਂ ਡੀਏ ਵਿੱਚ 8 ਫ਼ੀਸਦੀ ਵਾਧਾ ਕਰਨ ਦਾ ਐਲਾਨ ਕੀਤਾ ਸੀ, ਜਿਸ 'ਤੇ ਮੁੱਖ ਮੰਤਰੀ ਭਗਵੰਤ ਮਾਨ ਨਾਲ ਮੁਲਾਜ਼ਮਾਂ ਦੀ ਹੋਈ ਮੀਟਿੰਗ ਦੌਰਾਨ ਸਹਿਮਤੀ ਬਣੀ ਸੀ। ਮੀਟਿੰਗ ਵਿੱਚ ਸਰਕਾਰ ਵੱਲੋਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਲਈ ਕੁੱਲ 8 ਫ਼ੀਸਦੀ ਡੀਏ ਵਧਾਉਣ ਦਾ ਫ਼ੈਸਲਾ ਲਿਆ ਗਿਆ ਸੀ। ਇਹ ਵਾਧਾ 4-4 ਫ਼ੀਸਦੀ ਦੀਆਂ ਦੋ ਕਿਸ਼ਤਾਂ ਵਿੱਚ ਲਾਗੂ ਕੀਤਾ ਜਾਵੇਗਾ।

ਪਹਿਲੀ ਕਿਸ਼ਤ (4 ਫ਼ੀਸਦੀ): ਸਤੰਬਰ ਮਹੀਨੇ ਦੀ ਤਨਖ਼ਾਹ ਨਾਲ ਦਿੱਤੀ ਜਾਵੇਗੀ।

ਦੂਜੀ ਕਿਸ਼ਤ (4 ਫ਼ੀਸਦੀ): ਅਕਤੂਬਰ ਮਹੀਨੇ ਦੀ ਤਨਖ਼ਾਹ ਨਾਲ ਦਿੱਤੇ ਜਾਣ ਦੀ ਜਾਣਕਾਰੀ ਹੈ।

ਕੁੱਲ ਡੀਏ 50 ਫ਼ੀਸਦੀ ਹੋਵੇਗਾ; ਸਰਕਾਰ 'ਤੇ ਪਵੇਗਾ ਕਰੋੜਾਂ ਦਾ ਬੋਝ

ਮੁਲਾਜ਼ਮ ਅਤੇ ਪੈਨਸ਼ਨਰ ਜਥੇਬੰਦੀਆਂ ਵੱਲੋਂ ਲੰਬੇ ਸਮੇਂ ਤੋਂ ਡੀਏ ਅਤੇ ਹੋਰ ਮੰਗਾਂ ਦਾ ਮੁੱਦਾ ਚੁੱਕਿਆ ਜਾ ਰਿਹਾ ਸੀ। ਸਰਕਾਰ ਦੇ ਇਸ ਫ਼ੈਸਲੇ ਨਾਲ ਕੁੱਲ ਡੀਏ ਵਧ ਕੇ 50 ਫ਼ੀਸਦੀ ਹੋ ਜਾਵੇਗਾ। ਰਿਪੋਰਟਾਂ ਅਨੁਸਾਰ, ਇਸ ਵਾਧੇ ਨਾਲ ਸੂਬਾ ਸਰਕਾਰ 'ਤੇ ਲਗਪਗ 248 ਕਰੋੜ ਰੁਪਏ ਦਾ ਵਾਧੂ ਵਿੱਤੀ ਬੋਝ ਪਵੇਗਾ।

## ਦਸੰਬਰ ਵਿੱਚ ਕੈਨੇਡਾ ਜਾਣਗੇ ਪ੍ਰਧਾਨ ਮੰਤਰੀ ਮੋਦੀ, ਭਾਰਤ-ਕੈਨੇਡਾ ਵਪਾਰ ਸਮਝੌਤੇ 'ਤੇ ਤੇਜ਼ ਹੋਈ ਗੱਲਬਾਤ

**ਨਿਊਯਾਰਕ , 23 ਸਤੰਬਰ,**
**-ਸ਼ਹੀਦ-ਏ-ਆਜ਼ਮ-ਬਿਊਰੋ-**

ਕੈਨੇਡਾ ਦੇ ਪ੍ਰਧਾਨ ਮੰਤਰੀ ਮਾਰਕ ਕਾਰਨੀ ਨੇ ਕਿਹਾ ਹੈ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਸੰਬਰ ਵਿੱਚ ਕੈਨੇਡਾ ਦਾ ਦੌਰਾ ਕਰ ਸਕਦੇ ਹਨ। ਇਹ ਦੌਰਾ ਭਾਰਤ ਅਤੇ ਕੈਨੇਡਾ ਦਰਮਿਆਨ ਪ੍ਰਸਤਾਵਿਤ ਵਿਆਪਕ ਆਰਥਿਕ ਭਾਈਵਾਲੀ ਸਮਝੌਤੇ (CEPA) ਦੀ ਗੱਲਬਾਤ ਨੂੰ ਅੰਤਿਮ ਰੂਪ ਦੇਣ ਦੀਆਂ ਕੋਸ਼ਿਸ਼ਾਂ ਦਰਮਿਆਨ ਹੋਵੇਗਾ। ਸੰਯੁਕਤ ਰਾਸ਼ਟਰ ਮਹਾਸਭਾ ਦੇ ਮੌਕੇ 'ਤੇ ਨਿਊਯਾਰਕ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਾਰਨੀ ਨੇ ਕਿਹਾ ਕਿ ਭਾਰਤ ਨਾਲ ਵਪਾਰਕ ਗੱਲਬਾਤ ਵਿੱਚ ਚੰਗੀ ਤਰੱਕੀ ਹੋ ਰਹੀ ਹੈ ਅਤੇ ਦੋਵੇਂ ਦੇਸ਼ ਇਸ ਸਮਝੌਤੇ ਨੂੰ ਸਾਲ ਦੇ ਅੰਤ ਤੱਕ ਪੂਰਾ ਕਰਨ ਦੀ ਕੋਸ਼ਿਸ਼ ਕਰ ਰਹੇ ਹਨ। ਉਨ੍ਹਾਂ ਭਾਰਤ-ਕੈਨੇਡਾ ਸਬੰਧਾਂ ਨੂੰ ਲੋਕਾਂ ਵਿਚਕਾਰ ਸੰਪਰਕ, ਸੁਰੱਖਿਆ, ਵਪਾਰ ਅਤੇ ਆਰਥਿਕਤਾ ਸਮੇਤ ਕਈ



ਪੱਧਰਾਂ 'ਤੇ ਮਹੱਤਵਪੂਰਨ ਦੱਸਿਆ।

ਭਾਰਤ ਦੇ ਵਣਜ ਅਤੇ ਉਦਯੋਗ ਮੰਤਰੀ ਪੀਯੂਸ਼ ਗੋਇਲ ਨੇ ਵੀ ਕਿਹਾ ਸੀ ਕਿ ਦੋਵੇਂ ਦੇਸ਼ CEPA ਗੱਲਬਾਤ ਨੂੰ ਤੇਜ਼ ਕਰਨ 'ਤੇ ਸਹਿਮਤ ਹੋਏ ਹਨ। ਪ੍ਰਸਤਾਵਿਤ ਸਮਝੌਤੇ ਲਈ ਗੱਲਬਾਤ ਦਾ ਪੰਜਵਾਂ ਦੌਰ 5 ਅਕਤੂਬਰ ਤੋਂ ਸ਼ੁਰੂ ਹੋਵੇਗਾ। ਗੋਇਲ ਮੁਤਾਬਕ ਪਿਛਲੇ ਹਫ਼ਤੇ ਕੈਨੇਡਾ ਦੇ ਅੰਤਰਰਾਸ਼ਟਰੀ ਵਪਾਰ ਮੰਤਰੀ ਮੈਨਿੰਦਰ ਸਿੱਧੂ ਨਾਲ ਚੌਥੇ ਦੌਰ ਦੀ ਗੱਲਬਾਤ ਹੋਈ ਸੀ। ਭਾਰਤ ਅਤੇ ਕੈਨੇਡਾ ਨੇ ਮਾਰਚ 2026 ਵਿੱਚ CEPA ਲਈ ਗੱਲਬਾਤ ਦਾ ਰਸਮੀ ਢਾਂਚਾ ਤੈਅ ਕੀਤਾ ਸੀ ਅਤੇ ਦੋਵੇਂ ਸਰਕਾਰਾਂ ਨੇ 2026 ਦੇ ਅੰਤ ਤੱਕ ਗੱਲਬਾਤ ਪੂਰੀ ਕਰਨ ਦਾ ਟੀਚਾ ਰੱਖਿਆ ਹੈ। ਇਸ ਸਮਝੌਤੇ ਦਾ ਉਦੇਸ਼ ਦੋਵਾਂ ਦੇਸ਼ਾਂ ਵਿਚਕਾਰ ਵਸਤੂਆਂ, ਸੇਵਾਵਾਂ ਅਤੇ ਨਿਵੇਸ਼ ਦੇ ਖੇਤਰਾਂ ਵਿੱਚ ਆਰਥਿਕ ਸਹਿਯੋਗ ਨੂੰ ਵਧਾਉਣਾ ਹੈ।

ਵਣਜ ਮੰਤਰਾਲੇ ਦੇ ਅਨੁਸਾਰ, ਵਿੱਤੀ ਸਾਲ 2025-26 ਵਿੱਚ ਭਾਰਤ ਅਤੇ ਕੈਨੇਡਾ ਵਿਚਕਾਰ ਦੋਪੱਖੀ ਵਪਾਰ ਲਗਭਗ 8 ਅਰਬ ਅਮਰੀਕੀ ਡਾਲਰ ਰਿਹਾ। ਇਸ ਵਿੱਚ ਭਾਰਤ ਦੀ ਕੈਨੇਡਾ ਨੂੰ ਬਰਾਮਦ ਲਗਭਗ 4.67 ਅਰਬ ਡਾਲਰ ਅਤੇ ਕੈਨੇਡਾ ਤੋਂ ਦਰਾਮਦ ਲਗਭਗ 3.28 ਅਰਬ ਡਾਲਰ ਰਹੀ। ਦੋਵੇਂ ਦੇਸ਼ ਵਪਾਰਕ ਸਬੰਧਾਂ ਨੂੰ ਹੋਰ ਵਧਾਉਣ ਅਤੇ 2030 ਤੱਕ ਦੋਪੱਖੀ ਵਪਾਰ ਨੂੰ ਵਧਾਉਣ ਦੇ ਟੀਚੇ 'ਤੇ ਵੀ ਕੰਮ ਕਰ ਰਹੇ ਹਨ।

## ਮੁੱਖ ਚੋਣ ਕਮਿਸ਼ਨਰ 'ਤੇ 'ਇੱਕ ਵਿਅਕਤੀ ਦੀ ਤਾਨਾਸ਼ਾਹੀ' ਚਲਾਉਣ ਦੇ ਦੋਸ਼: ਗਿਆਨੇਸ਼ ਕੁਮਾਰ ਨੂੰ ਅਹੁਦੇ ਤੋਂ ਹਟਾਉਣ ਦੀ ਕੀਤੀ ਮੰਗ

**ਨਵੀਂ ਦਿੱਲੀ, 22 ਸਤੰਬਰ**
**-ਚੌਧਰੀ ਪ੍ਰਭਜੀਤ ਸਿੰਘ-**

ਚੋਣ ਕਮਿਸ਼ਨ ਅੰਦਰੂਨੀ ਖਿੱਚੋਤਾਣ ਅਤੇ ਮਤਭੇਦਾਂ ਦੇ ਇੱਕ ਵੱਡੇ ਵਿਵਾਦ ਦੇ ਘੇਰੇ ਵਿੱਚ ਆ ਗਿਆ ਹੈ। ਇੱਕ ਅੰਗਰੇਜ਼ੀ ਅਖ਼ਬਾਰ ਦੀ ਰਿਪੋਰਟ ਦਾ ਹਵਾਲਾ ਦਿੰਦਿਆਂ ਸਮੁੱਚੀ ਵਿਰੋਧੀ ਧਿਰ ਨੇ ਦਾਅਵਾ ਕੀਤਾ ਹੈ ਕਿ ਮੁੱਖ ਚੋਣ ਕਮਿਸ਼ਨਰ (353) ਗਿਆਨੇਸ਼ ਕੁਮਾਰ ਦੇ ਕਾਰਜਕਾਲ ਦੌਰਾਨ ਚੋਣ ਕਮਿਸ਼ਨ ਦੀ ਸਾਖ ਅਤੇ ਨਿਰਪੱਖਤਾ ਨੂੰ ਗੰਭੀਰ ਠੇਸ ਪੁੱਜੀ ਹੈ। ਵਿਰੋਧੀ ਨੇਤਾਵਾਂ ਨੇ ਦੋਸ਼ ਲਾਇਆ ਕਿ ਮੁੱਖ ਚੋਣ ਕਮਿਸ਼ਨਰ ਨੇ ਪੈਨਲ ਨੂੰ 'ਇੱਕ



ਵਿਅਕਤੀ ਦੀ ਤਾਨਾਸ਼ਾਹੀ' ਵਿੱਚ ਬਦਲ ਦਿੱਤਾ ਹੈ ਅਤੇ ਕਈ ਪਾਰਟੀਆਂ ਨੇ ਉਨ੍ਹਾਂ ਵਿਰੁੱਧ ਮਹਾਦੋਸ਼ (Impeachment) ਚਲਾ ਕੇ ਤੁਰੰਤ ਅਹੁਦੇ ਤੋਂ ਹਟਾਉਣ ਦੀ ਮੰਗ ਕੀਤੀ ਹੈ। ਇਹ ਵਿਵਾਦ ਇੱਕ ਮੀਡੀਆ ਰਿਪੋਰਟ ਤੋਂ ਬਾਅਦ ਸਾਹਮਣੇ ਆਇਆ ਹੈ, ਜਿਸ ਵਿੱਚ ਖ਼ੁਲਾਸਾ ਕੀਤਾ ਗਿਆ ਹੈ ਕਿ ਵੋਟਰ ਸੂਚੀਆਂ ਦੀ ਵਿਸ਼ੇਸ਼ ਸੋਧ (SIR) ਪ੍ਰਕਿਰਿਆ ਦੌਰਾਨ ਤਿੰਨ-ਮੈਂਬਰੀ ਚੋਣ ਕਮਿਸ਼ਨ ਦੇ ਬਾਕੀ ਦੋ ਮੈਂਬਰਾਂ- ਸੁਖਬੀਰ ਸਿੰਘ ਸੰਧੂ ਅਤੇ ਵਿਵੇਕ ਜੋਸ਼ੀ, ਨੇ ਪਿਛਲੇ 10 ਮਹੀਨਿਆਂ ਵਿੱਚ ਘੱਟੋ-ਘੱਟ 14 ਵਾਰ ਅਧਿਕਾਰਤ ਤੌਰ 'ਤੇ ਆਪਣੇ ਇਤਰਾਜ਼ ਦਰਜ ਕਰਵਾਏ ਹਨ। ਰਿਪੋਰਟ ਅਨੁਸਾਰ, ਇਹ ਇਤਰਾਜ਼ ਉਨ੍ਹਾਂ ਫ਼ੈਸਲਿਆਂ ਅਤੇ ਹੁਕਮਾਂ 'ਤੇ ਜਤਾਏ ਗਏ ਸਨ ਜੋ ਬਾਕੀ ਦੋ ਕਮਿਸ਼ਨਰਾਂ ਦੀ ਜਾਣਕਾਰੀ ਤੋਂ ਬਿਨਾਂ ਲਏ ਗਏ ਸਨ। ਇੱਥੋਂ ਤੱਕ ਕਿ ਇੱਕੋ ਦਿਨ ਵਿੱਚ ਚਾਰ ਵਾਰ ਇਤਰਾਜ਼ ਦਰਜ ਕਰਵਾਏ ਜਾਣ ਦਾ ਮਾਮਲਾ ਵੀ ਸਾਹਮਣੇ ਆਇਆ ਹੈ।

ਕਾਂਗਰਸ ਦੇ ਜਨਰਲ ਸਕੱਤਰ ਜੈਰਾਮ ਰਮੇਸ਼ ਨੇ ਇਸ ਰਿਪੋਰਟ ਦਾ ਸਕ੍ਰੀਨਸ਼ਾਟ ਸੋਸ਼ਲ ਮੀਡੀਆ 'ਤੇ ਸਾਂਝਾ ਕਰਦਿਆਂ ਕਿਹਾ ਕਿ ਚੋਣ ਕਮਿਸ਼ਨ ਦੀ ਨਿਰਪੱਖਤਾ ਨੂੰ ਤਬਾਹ ਕਰ ਦਿੱਤਾ ਗਿਆ ਹੈ।

ਕਾਂਗਰਸ ਸੰਸਦ ਮੈਂਬਰ ਮਨੀਸ਼ ਤਿਵਾੜੀ ਨੇ ਕਿਹਾ ਕਿ ਜੇਕਰ ਨਿਯਮਾਂ ਦੀ ਪਾਲਣਾ ਕੀਤੇ ਬਿਨਾਂ ਅਤੇ ਬਹੁਮਤ ਤੋਂ ਬਿਨਾਂ ਫ਼ੈਸਲੇ ਲਏ ਗਏ ਹਨ, ਤਾਂ ਚੋਣ ਕਮਿਸ਼ਨ ਦੇ ਅਜਿਹੇ ਸਾਰੇ ਫ਼ੈਸਲੇ ਗੈਰ-ਕਾਨੂੰਨੀ ਹਨ। ਉਨ੍ਹਾਂ ਕਿਹਾ ਕਿ ਇਹ ਮਾਮਲਾ 353 ਵਿਰੁੱਧ ਮਹਾਦੋਸ਼ ਦੀ ਕਾਰਵਾਈ ਚਲਾਉਣ ਲਈ ਬਿਲਕੁਲ ਉਚਿਤ ਹੈ। ਕਾਂਗਰਸੀ ਸੰਸਦ ਮੈਂਬਰ ਮਹੁੰਮਦ ਜਾਵੇਦ ਨੇ ਮੰਗ ਕੀਤੀ ਕਿ ਗਿਆਨੇਸ਼ ਕੁਮਾਰ ਨੂੰ ਵਿਵਾਦਗ੍ਰਸਤ ਫ਼ੈਸਲਿਆਂ ਦੀ ਪੂਰੀ ਸੱਚਾਈ ਦੇਸ਼ ਦੇ ਸਾਹਮਣੇ ਰੱਖਣੀ ਚਾਹੀਦੀ ਹੈ।

ਸੀ.ਪੀ.ਆਈ. (ਐੱਮ) ਦੇ ਸੰਸਦ ਮੈਂਬਰ ਜੌਨ ਬ੍ਰਿਟਾਸ ਨੇ ਤਿੱਖਾ ਹਮਲਾ ਬੋਲਦਿਆਂ ਕਿਹਾ ਕਿ ਇਹ ਹੁਣ ਚੋਣ ਕਮਿਸ਼ਨ ਨਹੀਂ ਰਿਹਾ ਸਗੋਂ ਗਿਆਨੇਸ਼ ਕੁਮਾਰ ਦੇ ਅਧੀਨ ਇੱਕ ਵਿਅਕਤੀ ਦੀ ਤਾਨਾਸ਼ਾਹੀ ਬਣ ਚੁੱਕਾ ਹੈ। ਉਨ੍ਹਾਂ ਦੱਸਿਆ ਕਿ ਸੰਸਦ ਮੈਂਬਰਾਂ ਨੇ 24 ਅਪਰੈਲ, 2026 ਨੂੰ ਹੀ ਸੰਵਿਧਾਨਕ ਧਾਰਾਵਾਂ ਤਹਿਤ ਸੀ.ਈ.ਸੀ. ਨੂੰ ਹਟਾਉਣ ਲਈ ਨੋਟਿਸ ਦਿੱਤਾ ਸੀ। ਉਨ੍ਹਾਂ ਸੁਪਰੀਮ ਕੋਰਟ ਨੂੰ ਅਪੀਲ ਕੀਤੀ ਕਿ ਗੈਰ-ਕਾਨੂੰਨੀ ਢੰਗ ਨਾਲ ਚਲਾਈ ਜਾ ਰਹੀ ਐੱਸ.ਆਈ.ਆਰ. ਪ੍ਰਕਿਰਿਆ ਨੂੰ ਤੁਰੰਤ ਰੱਦ ਕੀਤਾ ਜਾਵੇ।

## ਸੰਯੁਕਤ ਕਿਸਾਨ ਮੋਰਚਾ ਵੱਲੋਂ ਪੰਜਾਬ ਅਤੇ ਹਰਿਆਣਾ ਵਿੱਚ ਝੋਨੇ ਦੀ ਖ਼ਰੀਦ ਤੁਰੰਤ ਸ਼ੁਰੂ ਕਰਨ ਦੀ ਮੰਗ

**ਚੰਡੀਗੜ੍ਹ, 23 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸੰਯੁਕਤ ਕਿਸਾਨ ਮੋਰਚਾ ਨੇ ਪੰਜਾਬ ਤੇ ਹਰਿਆਣਾ ਵਿੱਚ ਝੋਨੇ ਦੀ ਸਰਕਾਰੀ ਖ਼ਰੀਦ ਤੁਰੰਤ ਸ਼ੁਰੂ ਕਰਨ ਦੀ ਮੰਗ ਕੀਤੀ ਹੈ। ਇਸ ਦੇ ਨਾਲ ਹੀ ਮੋਰਚੇ ਨੇ ਹਰਿਆਣਾ ਵਿੱਚ ਹੋ ਰਹੀ ਦੇਰੀ ਤੋਂ ਦੁਖੀ ਹੋਏ ਕਿਸਾਨਾਂ ਉੱਪਰ ਭਾਜਪਾ ਸਰਕਾਰ ਵੱਲੋਂ ਲਾਠੀਚਾਰਜ ਕਰਨ, ਹੰਝੂ ਗੈਸ ਦੇ ਗੋਲੇ ਦਾਗ਼ਣ ਅਤੇ ਪਾਣੀ ਦੀਆਂ ਬੋਛਾੜਾਂ ਮਾਰਨ ਦੀ ਜ਼ੋਰਦਾਰ ਨਿੰਦਾ ਕੀਤੀ। ਐੱਸ.ਕੇ.ਐੱਮ. ਪੰਜਾਬ ਨੇ ਮੰਗ ਕੀਤੀ ਕਿ ਪੰਜਾਬ ਅਤੇ ਹਰਿਆਣਾ ਸਰਕਾਰਾਂ ਵੱਲੋਂ ਝੋਨੇ ਦੀ ਖ਼ਰੀਦ ਫ਼ੌਰੀ ਸ਼ੁਰੂ ਕੀਤੀ ਜਾਵੇ। ਹਰਿਆਣਾ ਦੀ ਭਾਜਪਾ ਸਰਕਾਰ ਨੂੰ ਕਿਸਾਨਾਂ ਉੱਤੇ ਜਬਰ ਕਰਨ ਪ੍ਰਤੀ ਸਖ਼ਤ ਚਿਤਾਵਨੀ ਦਿੰਦਿਆਂ ਪੰਜਾਬ ਦੇ ਸੰਯੁਕਤ ਕਿਸਾਨ ਮੋਰਚਾ ਨੇ ਕਿਹਾ ਹੈ ਕਿ ਉਹ ਆਪਣੇ ਭਰਾਵਾਂ 'ਤੇ ਹੋ ਰਹੇ ਜਬਰ ਨੂੰ ਮੂਕ ਦਰਸ਼ਕ ਬਣ ਕੇ ਨਹੀਂ ਦੇਖਣਗੇ। ਐੱਸ.ਕੇ.ਐੱਮ. ਪੰਜਾਬ ਨੇ ਭਗਵੰਤ ਸਿੰਘ ਮਾਨ ਸਰਕਾਰ ਨੂੰ ਕਿਹਾ ਕਿ ਪੰਜਾਬ ਦੇ ਕੁੱਝ ਖੇਤਰਾਂ ਵਿੱਚ ਝੋਨੇ ਦੀ ਆਮਦ ਸ਼ੁਰੂ ਹੋ ਗਈ ਹੈ, ਪ੍ਰੰਤੂ ਸਰਕਾਰ ਵੱਲੋਂ ਖ਼ਰੀਦ ਪ੍ਰਕਿਰਿਆ ਸ਼ੁਰੂ ਨਹੀਂ ਕੀਤੀ ਗਈ।

## ਸਾਬਕਾ ED ਡਿਪਟੀ ਡਾਇਰੈਕਟਰ ਨਿਰੰਜਨ ਸਿੰਘ ਨੇ ਫੜਿਆ 'ਵਾਰਿਸ ਪੰਜਾਬ ਦੇ' ਦਾ ਪੱਲਾ

**ਚੰਡੀਗੜ੍ਹ, 22 ਸਤੰਬਰ**
**-ਚੌਧਰੀ ਪ੍ਰਭਜੀਤ ਸਿੰਘ-**

ਇਨਫੋਰਸਮੈਂਟ ਡਾਇਰੈਕਟੋਰੇਟ (54) ਦੇ ਸਾਬਕਾ ਡਿਪਟੀ ਡਾਇਰੈਕਟਰ ਨਿਰੰਜਨ ਸਿੰਘ ਨੇ ਪੰਜਾਬ ਦੀ ਸਿਆਸਤ ਵਿੱਚ ਆਪਣਾ ਸਿਆਸੀ ਸਫ਼ਰ ਸ਼ੁਰੂ ਕਰਦਿਆਂ ਅਕਾਲੀ ਦਲ 'ਵਾਰਿਸ ਪੰਜਾਬ ਦੇ' ਵਿੱਚ ਸ਼ਾਮਲ ਹੋਣ ਦਾ ਫੈਸਲਾ ਕੀਤਾ ਹੈ। ਉਨ੍ਹਾਂ ਦੀ ਪਾਰਟੀ ਵਿੱਚ ਰਸਮੀ ਸ਼ਮੂਲੀਅਤ ਚੰਡੀਗੜ੍ਹ ਵਿੱਚ ਹੋਣ ਦੀ ਜਾਣਕਾਰੀ ਸਾਹਮਣੇ ਆਈ ਹੈ। ਨਿਰੰਜਨ ਸਿੰਘ ਨੇ ਦੱਸਿਆ ਕਿ ਪਾਰਟੀ ਦੇ ਆਗੂ ਅਤੇ ਡਾਖਾ ਤੋਂ ਵਿਧਾਇਕ ਮਨਪ੍ਰੀਤ ਸਿੰਘ ਅਯਾਲੀ ਅਤੇ ਅੰਮ੍ਰਿਤਪਾਲ ਸਿੰਘ ਦੇ ਪਿਤਾ ਤਰਸੇਮ ਸਿੰਘ ਨੇ ਉਨ੍ਹਾਂ ਨਾਲ ਜਲੰਧਰ ਸਥਿਤ ਰਿਹਾਇਸ਼ 'ਤੇ ਮੁਲਾਕਾਤ ਕੀਤੀ ਸੀ। ਇਸ ਤੋਂ ਬਾਅਦ ਉਨ੍ਹਾਂ ਨੇ ਪਾਰਟੀ ਵਿੱਚ ਸ਼ਾਮਲ ਹੋਣ ਦਾ ਫੈਸਲਾ ਕੀਤਾ।



ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਨਸ਼ਿਆਂ ਦੀ ਸਮੱਸਿਆ ਨੂੰ ਲੈ ਕੇ ਉਹ ਲੰਬੇ ਸਮੇਂ ਤੋਂ ਚਿੰਤਤ ਰਹੇ ਹਨ ਅਤੇ ਉਨ੍ਹਾਂ ਨੂੰ ਲੱਗਦਾ ਹੈ ਕਿ ਇਸ ਮੁੱਦੇ 'ਤੇ 'ਵਾਰਿਸ ਪੰਜਾਬ ਦੇ' ਗੰਭੀਰਤਾ ਨਾਲ ਕੰਮ ਕਰਨ ਦੀ ਗੱਲ ਕਰ ਰਹੀ ਹੈ। ਨਿਰੰਜਨ ਸਿੰਘ ਨੇ ਪਿਛਲੀਆਂ ਸਰਕਾਰਾਂ ਵੱਲੋਂ ਨਸ਼ਿਆਂ ਦੀ ਸਮੱਸਿਆ ਨਾਲ ਨਜਿੱਠਣ ਦੇ ਦਾਅਵਿਆਂ 'ਤੇ ਵੀ ਸਵਾਲ ਉਠਾਏ ਹਨ। ਨਿਰੰਜਨ ਸਿੰਘ 54 ਵਿੱਚ ਆਪਣੀ ਸੇਵਾ ਦੌਰਾਨ ਪੰਜਾਬ ਨਾਲ ਜੁੜੇ ਕਈ ਚਰਚਿਤ ਮਾਮਲਿਆਂ ਦੀ ਜਾਂਚ ਨਾਲ ਜੁੜੇ ਰਹੇ। ਉਨ੍ਹਾਂ ਨੇ ਜਗਦੀਸ਼ ਸਿੰਘ ਭੋਲਾ ਨਾਲ ਸਬੰਧਤ ਡਰੱਗ-ਮਨੀ ਲਾਂਡਰਿੰਗ ਮਾਮਲੇ ਅਤੇ ਰਾਜਾ ਕੰਡੋਲਾ ਮਾਮਲੇ ਸਮੇਤ ਕਈ ਕੇਸਾਂ 'ਤੇ ਕੰਮ ਕੀਤਾ। ਉਨ੍ਹਾਂ ਨੇ ਬਿਕਰਮ ਸਿੰਘ ਮਜੀਠੀਆ ਤੋਂ ਵੀ ਪੁੱਛਗਿੱਛ ਕੀਤੀ ਸੀ।

ਉਨ੍ਹਾਂ ਦੀ 54 ਤੋਂ ਸੇਵਾਮੁਕਤੀ ਮਈ 2021 ਵਿੱਚ ਹੋਈ ਸੀ। ਸੇਵਾ ਤੋਂ ਬਾਅਦ ਵੀ ਉਹ ਪੰਜਾਬ ਵਿੱਚ ਨਸ਼ਿਆਂ ਅਤੇ ਇਨਫੋਰਸਮੈਂਟ ਨਾਲ ਜੁੜੇ ਮੁੱਦਿਆਂ 'ਤੇ ਜਨਤਕ ਤੌਰ 'ਤੇ ਆਪਣੀ ਰਾਏ ਰੱਖਦੇ ਰਹੇ ਹਨ। ਨਿਰੰਜਨ ਸਿੰਘ ਦੇ 'ਵਾਰਿਸ ਪੰਜਾਬ ਦੇ' ਵਿੱਚ ਦਾਖਲੇ ਨੂੰ ਪੰਜਾਬ ਦੀ ਆਉਣ ਵਾਲੀ ਚੋਣੀ ਸਿਆਸਤ ਦੇ ਸੰਦਰਭ ਵਿੱਚ ਵੀ ਦੇਖਿਆ ਜਾ ਰਿਹਾ ਹੈ। ਹਾਲਾਂਕਿ, ਉਨ੍ਹਾਂ ਨੇ ਕਿਸੇ ਖਾਸ ਵਿਧਾਨ ਸਭਾ ਸੀਟ ਤੋਂ ਚੋਣ ਲੜਨ ਬਾਰੇ ਅਜੇ ਕੋਈ ਫੈਸਲਾ ਨਾ ਹੋਣ ਦੀ ਗੱਲ ਕਹੀ ਹੈ।

## ਟਰੰਪ ਦਾ ਦਾਅਵਾ: ਭਾਰਤ-ਪਾਕਿਸਤਾਨ ਸਮੇਤ 8 ਜੰਗਾਂ ਰੁਕਵਾਉਣ ਵਿੱਚ ਭੂਮਿਕਾ ਨਿਭਾਈ

**ਨਿਊਯਾਰਕ , 23 ਸਤੰਬਰ,**
**-ਸ਼ਹੀਦ-ਏ-ਆਜ਼ਮ-ਬਿਊਰੋ-**

ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਸੰਯੁਕਤ ਰਾਸ਼ਟਰ ਮਹਾਸਭਾ ਦੇ 81ਵੇਂ ਸੈਸ਼ਨ ਨੂੰ ਸੰਬੋਧਨ ਕਰਦਿਆਂ ਦਾਅਵਾ ਕੀਤਾ ਕਿ ਉਨ੍ਹਾਂ ਨੇ ਆਪਣੇ ਕਾਰਜਕਾਲ ਦੌਰਾਨ ਭਾਰਤ-ਪਾਕਿਸਤਾਨ ਸਮੇਤ ਅੱਠ ਜੰਗਾਂ ਦੇ ਨਿਪਟਾਰੇ ਵਿੱਚ ਭੂਮਿਕਾ ਨਿਭਾਈ ਹੈ। ਉਨ੍ਹਾਂ ਨੇ ਕਿਹਾ ਕਿ ਕਈ ਸੰਘਰਸ਼ ਸਾਲਾਂ ਜਾਂ ਦਹਾਕਿਆਂ ਤੋਂ ਚੱਲ ਰਹੇ ਸਨ। ਟਰੰਪ ਮੁਤਾਬਕ, ਇਨ੍ਹਾਂ ਮਾਮਲਿਆਂ ਵਿੱਚ ਨਿੱਜੀ ਸਬੰਧਾਂ ਦੇ ਨਾਲ-ਨਾਲ ਵਪਾਰ, ਟੈਰਿਫ ਅਤੇ ਟੈਰਿਫ ਲਗਾਉਣ ਦੀਆਂ ਧਮਕੀਆਂ ਸਮੇਤ ਵੱਖ-ਵੱਖ ਤਰੀਕਿਆਂ ਦੀ ਵਰਤੋਂ ਕੀਤੀ ਗਈ। ਉਨ੍ਹਾਂ ਨੇ ਭਾਰਤ-ਪਾਕਿਸਤਾਨ, ਅਰਮੀਨੀਆ-ਅਜ਼ਰਬਾਈਜਾਨ ਅਤੇ ਹੋਰ ਸੰਘਰਸ਼ਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਸਬੰਧਤ ਦੇਸ਼ਾਂ ਦੇ ਆਗੂਆਂ ਨਾਲ ਉਨ੍ਹਾਂ ਦੇ ਸਬੰਧ ਵੀ ਬਣੇ। ਹਾਲਾਂਕਿ, ਭਾਰਤ ਨੇ ਪਹਿਲਾਂ ਟਰੰਪ ਦੇ ਭਾਰਤ-ਪਾਕਿਸਤਾਨ ਸੰਘਰਸ਼ ਵਿੱਚ ਵਿਚੋਲਗੀ ਦੇ ਦਾਅਵੇ ਤੋਂ ਵੱਖਰਾ ਰੁਖ ਦਰਸਾਇਆ ਹੈ। India Today ਦੀ ਰਿਪੋਰਟ ਮੁਤਾਬਕ, ਭਾਰਤ ਨੇ ਕਿਹਾ ਹੈ ਕਿ ਜੰਗਬੰਦੀ ਦੀ ਸਮਝ ਸਿੱਧੀ ਫੌਜੀ ਗੱਲਬਾਤ ਰਾਹੀਂ ਬਣੀ ਸੀ, ਨਾ ਕਿ ਅਮਰੀਕੀ ਵਿਚੋਲਗੀ ਰਾਹੀਂ। ਈਰਾਨ 'ਤੇ ਟਰੰਪ ਦਾ ਸਖ਼ਤ ਰੁਖ : UNGA ਭਾਸ਼ਣ ਦੌਰਾਨ ਟਰੰਪ ਨੇ ਈਰਾਨ ਦੇ ਪਰਮਾਣੂ ਪ੍ਰੋਗਰਾਮ ਅਤੇ ਖੇਤਰੀ ਗਤੀਵਿਧੀਆਂ ਨੂੰ ਲੈ ਕੇ ਸਖ਼ਤ ਰੁਖ ਅਪਣਾਇਆ। ਉਨ੍ਹਾਂ ਕਿਹਾ ਕਿ ਉਹ ਈਰਾਨ ਨੂੰ ਪਰਮਾਣੂ ਹਥਿਆਰ ਹਾਸਲ ਨਹੀਂ ਕਰਨ ਦੇਣਗੇ। ਉਨ੍ਹਾਂ ਨੇ ਈਰਾਨ ਨਾਲ ਸਮਝੌਤੇ ਦੀ ਸੰਭਾਵਨਾ ਦਾ ਜ਼ਿਕਰ ਵੀ ਕੀਤਾ, ਪਰ ਨਾਲ ਹੀ ਗੰਭੀਰ ਨਤੀਜਿਆਂ ਦੀ ਚਿਤਾਵਨੀ ਦਿੱਤੀ। ਟਰੰਪ ਨੇ ਇਹ ਵੀ ਕਿਹਾ ਕਿ ਅਮਰੀਕਾ ਅਤੇ ਉਸਦੇ ਸਹਿਯੋਗੀਆਂ ਨੂੰ ਈਰਾਨ 'ਤੇ ਆਰਥਿਕ ਦਬਾਅ ਜਾਰੀ ਰੱਖਣਾ ਚਾਹੀਦਾ ਹੈ। ਉਨ੍ਹਾਂ ਦੇ ਭਾਸ਼ਣ ਵਿੱਚ ਈਰਾਨ, ਗਾਜ਼ਾ ਅਤੇ ਰੂਸ-ਯੂਕਰੇਨ ਜੰਗ ਸਮੇਤ ਕਈ ਅੰਤਰਰਾਸ਼ਟਰੀ ਮੁੱਦੇ ਪ੍ਰਮੁੱਖ ਰਹੇ। ਸੰਯੁਕਤ ਰਾਸ਼ਟਰ ਮੁਤਾਬਕ 81ਵੇਂ ਮਹਾਸਭਾ ਸੈਸ਼ਨ ਦੀ ਆਮ ਬਹਿਸ 22 ਤੋਂ 26 ਸਤੰਬਰ ਅਤੇ 28 ਸਤੰਬਰ ਤੱਕ ਹੋ ਰਹੀ ਹੈ।

## ਮਰੀਜ਼ਾਂ ਨੂੰ ਇਲਾਜ ਲਈ ਹਸਪਤਾਲਾਂ ਦੇ ਚੱਕਰ ਨਾ ਕੱਟਣੇ ਪੈਣ: ਪੰਜਾਬ ਸਰਕਾਰ ਨੂੰ ਹਾਈਕੋਰਟ ਦੇ ਨਿਰਦੇਸ਼

**ਚੰਡੀਗੜ੍ਹ, 22 ਸਤੰਬਰ**
**-ਜੀ. ਐਸ. ਤੁੰਗ-**

ਪੰਜਾਬ ਅਤੇ ਹਰਿਆਣਾ ਹਾਈਕੋਰਟ ਨੇ ਪੰਜਾਬ ਦੇ ਜ਼ਿਲ੍ਹਾ ਹਸਪਤਾਲਾਂ ਵਿੱਚ ਲੋੜੀਂਦੀਆਂ ਮੈਡੀਕਲ ਸਹੂਲਤਾਂ ਯਕੀਨੀ ਬਣਾਉਣ ਲਈ ਸੂਬਾ ਸਰਕਾਰ ਨੂੰ ਸਖ਼ਤ ਹਦਾਇਤਾਂ ਜਾਰੀ ਕੀਤੀਆਂ ਹਨ। ਅਦਾਲਤ ਨੇ ਕਿਹਾ ਕਿ ਮਰੀਜ਼ਾਂ ਨੂੰ ਬਿਹਤਰ ਇਲਾਜ ਜਾਂ ਜ਼ਰੂਰੀ ਜਾਂਚ ਲਈ ਇੱਕ ਹਸਪਤਾਲ ਤੋਂ ਦੂਜੇ ਹਸਪਤਾਲ ਭਟਕਣ ਦੀ ਨੌਬਤ ਨਹੀਂ ਆਉਣੀ ਚਾਹੀਦੀ। ਚੀਫ਼ ਜਸਟਿਸ ਅਸ਼ਵਨੀ ਕੁਮਾਰ ਮਿਸ਼ਰਾ ਅਤੇ ਜਸਟਿਸ ਰੋਹਿਤ ਕਪੂਰ ਦੀ ਡਿਵੀਜ਼ਨ ਬੈਂਚ ਨੇ ਪੰਜਾਬ ਸਰਕਾਰ ਨੂੰ ਅਦਾਲਤੀ ਹਦਾਇਤਾਂ ਦੀ ਪਾਲਣਾ ਬਾਰੇ ਹਲਫ਼ਨਾਮਾ ਦਾਖ਼ਲ ਕਰਨ ਲਈ ਕਿਹਾ ਹੈ। ਮਾਮਲੇ ਦੀ ਅਗਲੀ ਸੁਣਵਾਈ 5 ਅਕਤੂਬਰ 2026 ਨੂੰ ਹੋਵੇਗੀ। ਸਿਰਫ਼ ਇਮਾਰਤਾਂ ਤੇ ਮਸ਼ੀਨਾਂ ਨਾਲ ਨਹੀਂ ਬਣੇਗੀ ਸਿਹਤ ਪ੍ਰਣਾਲੀ : ਹਾਈਕੋਰਟ ਨੇ ਸਪੱਸ਼ਟ ਕੀਤਾ ਕਿ ਹਸਪਤਾਲਾਂ ਵਿੱਚ ਇਮਾਰਤਾਂ ਅਤੇ ਮੈਡੀਕਲ ਉਪਕਰਣ ਮੁਹੱਈਆ ਕਰਵਾਉਣਾ ਹੀ ਕਾਫ਼ੀ ਨਹੀਂ। ਇਨ੍ਹਾਂ ਸਹੂਲਤਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਚਲਾਉਣ ਲਈ ਲੋੜੀਂਦੇ ਡਾਕਟਰਾਂ, ਪੈਰਾਮੈਡੀਕਲ ਸਟਾਫ਼ ਅਤੇ ਹੋਰ ਕਰਮਚਾਰੀਆਂ ਦੀ ਉਪਲਬਧਤਾ ਵੀ ਯਕੀਨੀ ਬਣਾਉਣੀ ਪਵੇਗੀ। ਅਦਾਲਤ ਨੇ ਸਿਹਤ ਪ੍ਰਣਾਲੀ ਨੂੰ ਮਜ਼ਬੂਤ ਕਰਨ ਲਈ ਲੋੜੀਂਦੀ ਭਰਤੀ ਪ੍ਰਕਿਰਿਆ ਨੂੰ ਅੱਗੇ ਵਧਾਉਣ 'ਤੇ ਵੀ ਜ਼ੋਰ ਦਿੱਤਾ ਹੈ। ਅਦਾਲਤ ਨੇ ਇਹ ਵੀ ਜ਼ੋਰ ਦਿੱਤਾ ਕਿ ਸਰਕਾਰੀ ਹਸਪਤਾਲਾਂ ਵਿੱਚ ਉਪਲਬਧ ਸਹੂਲਤਾਂ ਸਿਰਫ਼ ਸਰਕਾਰੀ ਰਿਕਾਰਡਾਂ ਜਾਂ ਕਾਗਜ਼ਾਂ ਤੱਕ ਸੀਮਿਤ ਨਾ ਰਹਿਣ,




ਸਗੋਂ ਮਰੀਜ਼ਾਂ ਨੂੰ ਅਸਲ ਵਿੱਚ ਉਨ੍ਹਾਂ ਦਾ ਲਾਭ ਮਿਲਣਾ ਚਾਹੀਦਾ ਹੈ।

ਮਾਲੇਰਕੋਟਲਾ ਸਿਵਲ ਹਸਪਤਾਲ ਤੋਂ ਉੱਠਿਆ ਸੀ ਮੁੱਦਾ : ਇਹ ਮਾਮਲਾ ਮਾਲੇਰਕੋਟਲਾ ਸਿਵਲ ਹਸਪਤਾਲ ਵਿੱਚ ਸਿਹਤ ਸਹੂਲਤਾਂ ਨਾਲ ਸਬੰਧਤ ਜਨਹਿਤ ਪਟੀਸ਼ਨ ਦੀ ਸੁਣਵਾਈ ਦੌਰਾਨ ਉਭਰਿਆ। ਭੀਸ਼ਮ ਕਿੰਗਰ ਵੱਲੋਂ ਦਾਇਰ ਪਟੀਸ਼ਨ ਵਿੱਚ ਹਸਪਤਾਲ ਦੇ ਮੈਡੀਕਲ ਢਾਂਚੇ ਅਤੇ ਲੋੜੀਂਦੀਆਂ ਸਹੂਲਤਾਂ ਦੀ ਉਪਲਬਧਤਾ ਦਾ ਮੁੱਦਾ ਚੁੱਕਿਆ ਗਿਆ ਸੀ। ਮਾਮਲੇ ਦੀ ਪਿਛਲੀ ਸੁਣਵਾਈ ਦੌਰਾਨ ਮਾਲੇਰਕੋਟਲਾ ਹਸਪਤਾਲ ਵਿੱਚ CT ਸਕੈਨ ਅਤੇ MRI ਵਰਗੀਆਂ ਜਾਂਚ ਸਹੂਲਤਾਂ ਨੂੰ ਨਿੱਜੀ ਏਜੰਸੀ ਰਾਹੀਂ ਮੁਹੱਈਆ ਕਰਵਾਉਣ ਦੀ ਵਿਵਸਥਾ 'ਤੇ ਵੀ ਅਦਾਲਤ ਨੇ ਸਵਾਲ ਉਠਾਏ ਸਨ। ਅਦਾਲਤ ਨੇ ਕਿਹਾ ਸੀ ਕਿ ਬੁਨਿਆਦੀ ਸਿਹਤ ਸਹੂਲਤਾਂ ਉਪਲਬਧ ਕਰਵਾਉਣਾ ਰਾਜ ਦੀ ਜ਼ਿੰਮੇਵਾਰੀ ਹੈ।

ਡਾਕਟਰਾਂ ਦੀਆਂ ਅਸਾਮੀਆਂ ਅਤੇ ਸਪੈਸ਼ਲਿਸਟਾਂ ਦੀ ਉਪਲਬਧਤਾ ਵੀ ਜਾਂਚ ਦੇ ਘੇਰੇ 'ਚ : ਪਿਛਲੀਆਂ ਅਦਾਲਤੀ ਕਾਰਵਾਈਆਂ ਵਿੱਚ ਮਾਲੇਰਕੋਟਲਾ ਵਿੱਚ ਡਾਕਟਰਾਂ ਦੀਆਂ ਖਾਲੀ ਅਸਾਮੀਆਂ ਦਾ ਮੁੱਦਾ ਵੀ ਸਾਹਮਣੇ ਆਇਆ ਸੀ। ਅਦਾਲਤੀ ਰਿਕਾਰਡ ਮੁਤਾਬਕ ਇੱਕ ਪੜਾਅ 'ਤੇ 19 ਮੈਡੀਕਲ ਅਫ਼ਸਰ ਤਾਇਨਾਤ ਕੀਤੇ ਜਾਣ ਦੀ ਜਾਣਕਾਰੀ ਦਿੱਤੀ ਗਈ ਸੀ, ਜਦਕਿ ਮਾਹਿਰ ਡਾਕਟਰਾਂ ਦੀ ਉਪਲਬਧਤਾ ਬਾਰੇ ਵੀ ਸਵਾਲ ਉਠਾਏ ਗਏ ਸਨ। ਹੁਣ ਹਾਈਕੋਰਟ ਨੇ ਪੰਜਾਬ ਸਰਕਾਰ ਤੋਂ ਜ਼ਿਲ੍ਹਾ ਹਸਪਤਾਲਾਂ ਵਿੱਚ ਮੌਜੂਦਾ ਮੈਡੀਕਲ ਸਹੂਲਤਾਂ, ਡਾਕਟਰਾਂ ਅਤੇ ਪੈਰਾਮੈਡੀਕਲ ਸਟਾਫ਼ ਦੀ ਸਥਿਤੀ ਅਤੇ ਲੋੜੀਂਦੇ ਸਰੋਤਾਂ ਬਾਰੇ ਪਾਲਣਾ ਰਿਪੋਰਟ ਮੰਗੀ ਹੈ। ਅਦਾਲਤ ਦਾ ਫੋਕਸ– ਸਹੂਲਤਾਂ ਜ਼ਮੀਨ 'ਤੇ ਵੀ ਦਿਖਾਈ ਦੇਣ : ਹਾਈਕੋਰਟ ਦੀਆਂ ਹਦਾਇਤਾਂ ਦਾ ਮੁੱਖ ਕੇਂਦਰ ਇਹ ਹੈ ਕਿ ਸਰਕਾਰੀ ਹਸਪਤਾਲਾਂ ਵਿੱਚ ਮੈਡੀਕਲ ਸਹੂਲਤਾਂ, ਸਟਾਫ਼ ਅਤੇ ਜਾਂਚ ਪ੍ਰਬੰਧ ਅਸਲ ਵਿੱਚ ਕਾਰਜਸ਼ੀਲ ਹੋਣ। ਸਰਕਾਰ ਵੱਲੋਂ ਅਗਲੀ ਸੁਣਵਾਈ ਦੌਰਾਨ ਹਲਫ਼ਨਾਮੇ ਰਾਹੀਂ ਇਸ ਸਬੰਧੀ ਜਾਣਕਾਰੀ ਅਦਾਲਤ ਦੇ ਸਾਹਮਣੇ ਰੱਖੀ ਜਾਵੇਗੀ।






ਸੰਪਾਦਕੀ

## ਦੋਸਤੀ ਯਾਰੀ, ਸਵਾਰੇ ਦੁਨੀਆਦਾਰੀ

ਇਨਸਾਨ ਦਾ ਖ਼ਾਨਦਾਨ ਉਸ ਨੂੰ ਜਨਮ ਨਾਲ ਮਿਲਦਾ ਹੈ, ਪਰ ਦੋਸਤ ਉਸ ਦੀ ਆਪਣੀ ਚੋਣ ਹੁੰਦੇ ਹਨ। ਖ਼ਾਨਦਾਨ ਸਾਨੂੰ ਵਿਰਾਸਤ ਦਿੰਦਾ ਹੈ, ਜਦਕਿ ਸੰਗਤ ਸਾਡੀ ਸੋਚ ਨੂੰ ਆਕਾਰ ਦਿੰਦੀ ਹੈ। ਇਸੇ ਕਰਕੇ ਸਦੀਆਂ ਤੋਂ ਸੰਤਾਂ, ਦਰਵੇਸ਼ਾਂ ਅਤੇ ਚਿੰਤਕਾਂ ਨੇ ਸੰਗਤ ਨੂੰ ਮਨੁੱਖੀ ਜੀਵਨ ਦੀ ਦਿਸ਼ਾ ਨਿਰਧਾਰਤ ਕਰਨ ਵਾਲੀ ਤਾਕਤ ਮੰਨਿਆ ਹੈ।

ਇੱਕ ਡੂੰਘੀ ਗੱਲ ਆਖੀ ਜਾਂਦੀ ਹੈ— ਜੇ ਤੁਸੀਂ ਕਿਸੇ ਮਨੁੱਖ ਦਾ ਭਵਿੱਖ ਦੇਖਣਾ ਚਾਹੁੰਦੇ ਹੋ ਤਾਂ ਉਸ ਦੇ ਦੋਸਤਾਂ ਨੂੰ ਮਿਲੋ। ਇਹ ਕੋਈ ਅਟੱਲ ਭਵਿੱਖਬਾਣੀ ਨਹੀਂ, ਸਗੋਂ ਮਨੁੱਖੀ ਸੁਭਾਅ ਸਮਾਜਿਕ ਤਜਰਬੇ ਦੀ ਇੱਕ ਮਹੱਤਵਪੂਰਨ ਸੱਚਾਈ ਵੱਲ ਇਸ਼ਾਰਾ ਹੈ। ਜਿਨ੍ਹਾਂ ਲੋਕਾਂ ਨਾਲ ਅਸੀਂ ਆਪਣਾ ਸਮਾਂ, ਵਿਚਾਰ ਅਤੇ ਭਾਵਨਾਵਾਂ ਸਾਂਝੀਆਂ ਕਰਦੇ ਹਾਂ, ਉਹ ਹੌਲੀ-ਹੌਲੀ ਸਾਡੀਆਂ ਆਦਤਾਂ ਅਤੇ ਫ਼ੈਸਲਿਆਂ ਉੱਤੇ ਅਸਰ ਪਾਉਂਦੇ ਹਨ।

ਅੱਜ ਦੇ ਸੋਸ਼ਲ ਮੀਡੀਆ ਯੁੱਗ ਵਿੱਚ ਸੈਂਕੜੇ ਜਾਂ ਹਜ਼ਾਰਾਂ ਦੋਸਤ ਹੋਣਾ ਆਮ ਗੱਲ ਹੈ। ਪਰ ਅਸਲ ਦੋਸਤੀ ਦੀ ਕੀਮਤ ਗਿਣਤੀ ਨਾਲ ਨਹੀਂ, ਕੁਆਲਟੀ ਨਾਲ ਤੈਅ ਹੁੰਦੀ ਹੈ। ਸੱਚਾ ਦੋਸਤ ਉਹ ਨਹੀਂ ਜੋ ਸਿਰਫ਼ ਤੁਹਾਡੀ ਖ਼ੁਸ਼ੀ ਵਿੱਚ ਸ਼ਾਮਲ ਹੋਵੇ ਸਗੋਂ, ਸੱਚਾ ਦੋਸਤ ਉਹ ਹੈ ਜੋ ਤੁਹਾਡੀ ਗ਼ਲਤੀ ਉੱਤੇ ਵੀ ਸੱਚ ਬੋਲਣ ਦੀ ਹਿੰਮਤ ਰੱਖੇ।

ਜਿਹੜਾ ਦੋਸਤ ਤੁਹਾਨੂੰ ਮਿਹਨਤ, ਇਮਾਨਦਾਰੀ, ਗਿਆਨ ਅਤੇ ਚੰਗੇ ਕਰਮਾਂ ਵੱਲ ਪ੍ਰੇਰਿਤ ਕਰਦਾ ਹੈ, ਉਹ ਤੁਹਾਡੀ ਜ਼ਿੰਦਗੀ ਵਿੱਚ ਅਨਮੁੱਲੀ ਪੂੰਜੀ ਹੈ। ਇਸ ਦੇ ਉਲਟ, ਜਿਹੜੀ ਸੰਗਤ ਤੁਹਾਨੂੰ ਨਸ਼ਿਆਂ, ਆਲਸ, ਝੂਠ, ਦਿਖਾਵੇ ਜਾਂ ਗ਼ਲਤ ਕਮਾਈ ਵੱਲ ਧੱਕਦੀ ਹੈ, ਉਹ ਤੁਹਾਡੀ ਤਰੱਕੀ ਲਈ ਰੁਕਾਵਟ ਬਣ ਸਕਦੀ ਹੈ।

ਸਮਾਜਿਕ ਮਨੋਵਿਗਿਆਨ ਅਤੇ ਵਰਤਾਰੇ ਦੇ ਅਧਿਐਨਾਂ ਵਿੱਚ ਇਹ ਗੱਲ ਸਾਹਮਣੇ ਆਉਂਦੀ ਹੈ ਕਿ ਮਨੁੱਖ ਆਪਣੇ ਨੇੜਲੇ ਲੋਕਾਂ ਤੋਂ ਆਦਤਾਂ, ਭਾਸ਼ਾ, ਸੋਚਣ ਦੇ ਢੰਗ ਅਤੇ ਸਮਾਜਿਕ ਵਿਵਹਾਰ ਸਿੱਖਦਾ ਹੈ। ਇਸ ਨੂੰ ਸਮਾਜਿਕ ਸਿੱਖਿਆ ਅਤੇ ਸਮੂਹਕ ਪ੍ਰਭਾਵ ਦੇ ਸਿਧਾਂਤਾਂ ਨਾਲ ਸਮਝਿਆ ਜਾਂਦਾ ਹੈ।

ਜੇਕਰ ਤੁਹਾਡੇ ਦੋਸਤ ਕਿਤਾਬਾਂ ਪੜ੍ਹਦੇ ਹਨ, ਨਵੀਆਂ ਕਲਾਵਾਂ ਸਿੱਖਦੇ ਹਨ, ਸਮੇਂ ਦੀ ਕਦਰ ਕਰਦੇ ਹਨ ਅਤੇ ਆਪਣੇ ਭਵਿੱਖ ਲਈ ਯੋਜਨਾਬੱਧ ਜੀਵਨ ਜੀਉਂਦੇ ਹਨ, ਤਾਂ ਤੁਹਾਡੇ ਉੱਤੇ ਵੀ ਉਸੇ ਦਿਸ਼ਾ ਵਿੱਚ ਵਧਣ ਦਾ ਪ੍ਰਭਾਵ ਪੈ ਹੁੰਦਾ ਹੈ। ਪਰ ਇਹ ਵੀ ਯਾਦ ਰੱਖਣਾ ਚਾਹੀਦਾ ਹੈ ਕਿ ਸਿਰਫ਼ ਚੰਗੇ ਦੋਸਤ ਹੋਣਾ ਕਾਮਯਾਬੀ ਦੀ ਗਾਰੰਟੀ ਨਹੀਂ। ਮਿਹਨਤ, ਅਨੁਸ਼ਾਸਨ, ਮੌਕੇ ਅਤੇ ਆਪਣੇ ਫ਼ੈਸਲੇ ਵੀ ਉਤਨੇ ਹੀ ਜ਼ਰੂਰੀ ਹਨ।

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਸੰਗਤ ਅਤੇ ਸਾਧਸੰਗਤ ਨੂੰ ਆਤਮਿਕ ਉੱਨਤੀ ਦਾ ਮਹੱਤਵਪੂਰਨ ਸਾਧਨ ਦਰਸਾਇਆ ਗਿਆ ਹੈ:

ਸਾਧਸੰਗਤਿ ਕੈ ਬਸਿ ਪ੍ਰਭੁ ਪਾਇਆ

ਇਸ ਦਾ ਭਾਵ ਹੈ ਕਿ ਸਾਧਸੰਗਤ ਰਾਹੀਂ ਮਨੁੱਖ ਪ੍ਰਭੂ ਨਾਲ ਜੁੜਨ ਦਾ ਮਾਰਗ ਪਾਉਂਦਾ ਹੈ। ਗੁਰਬਾਣੀ ਸਾਨੂੰ ਇਹ ਸਿੱਖਿਆ ਦਿੰਦੀ ਹੈ ਕਿ ਮਨੁੱਖ ਦੀ ਸੰਗਤ ਉਸ ਦੇ ਮਨ ਨੂੰ ਨਿਰਮਲ ਕਰਨ, ਹਉਮੈ ਘਟਾਉਣ ਅਤੇ ਸੱਚੇ ਜੀਵਨ ਵੱਲ ਲੈ ਜਾਣ ਵਾਲੀ ਹੋਣੀ ਚਾਹੀਦੀ ਹੈ।

ਇੱਥੇ ਸੰਗਤ ਦਾ ਅਰਥ ਸਿਰਫ਼ ਧਾਰਮਿਕ ਇਕੱਠ ਨਹੀਂ, ਸਗੋਂ ਅਜਿਹੇ ਲੋਕਾਂ ਦੀ ਨੇੜਤਾ ਵੀ ਹੈ ਜੋ ਸੱਚ, ਦਇਆ, ਨਿਮਰਤਾ ਅਤੇ ਸੇਵਾ ਦੇ ਗੁਣਾਂ ਨੂੰ ਜੀਵਨ ਵਿੱਚ ਧਾਰਨ ਕਰਦੇ ਹਨ।

ਦੋਸਤੀ ਬਣਾਉਣ ਤੋਂ ਪਹਿਲਾਂ ਇਹ ਜ਼ਰੂਰ ਵੇਖੋ ਕਿ ਉਹ ਮਨੁੱਖ ਤੁਹਾਡੀ ਸੋਚ ਨੂੰ ਕਿਹੜੀ ਦਿਸ਼ਾ ਦਿੰਦਾ ਹੈ। ਕੀ ਉਹ ਤੁਹਾਡੀ ਗੈਰਹਾਜ਼ਰੀ ਵਿੱਚ ਵੀ ਤੁਹਾਡੀ ਇੱਜ਼ਤ ਰੱਖਦਾ ਹੈ ? ਕੀ ਉਹ ਤੁਹਾਡੀ ਕਾਮਯਾਬੀ ਤੋਂ ਖੁਸ਼ ਹੁੰਦਾ ਹੈ ਜਾਂ ਈਰਖਾ ਕਰਦਾ ਹੈ ? ਕੀ ਉਹ ਤੁਹਾਨੂੰ ਗ਼ਲਤ ਕੰਮ ਤੋਂ ਰੋਕਦਾ ਹੈ ਜਾਂ ਉਸ ਵਿੱਚ ਸਾਥ ਦਿੰਦਾ ਹੈ ? ਚੰਗਾ ਦੋਸਤ ਤੁਹਾਨੂੰ ਆਪਣੇ ਵਰਗਾ ਬਣਾਉਣ ਦੀ ਬਜਾਏ ਤੁਹਾਡਾ ਬਿਹਤਰ ਰੂਪ ਬਣਨ ਵਿੱਚ ਸਹਾਇਤਾ ਕਰਦਾ ਹੈ। ਅਜਿਹੀ ਦੋਸਤੀ ਵਿੱਚ ਮੁਕਾਬਲਾ ਨਹੀਂ, ਸਹਿਯੋਗ ਹੁੰਦਾ ਹੈ; ਦਿਖਾਵਾ ਨਹੀਂ, ਭਰੋਸਾ ਹੁੰਦਾ ਹੈ।

ਤੁਹਾਡਾ ਖ਼ਾਨਦਾਨ ਤੁਹਾਡੀ ਜੜ੍ਹ ਹੈ, ਪਰ ਤੁਹਾਡੀ ਸੰਗਤ ਤੁਹਾਡੀਆਂ ਟਾਹਣੀਆਂ ਨੂੰ ਦਿਸ਼ਾ ਦਿੰਦੀ ਹੈ। ਇਸ ਲਈ ਜ਼ਿੰਦਗੀ ਵਿੱਚ ਦੋਸਤ ਚੁਣਦੇ ਸਮੇਂ ਸਿਰਫ਼ ਇਹ ਨਾ ਵੇਖੋ ਕਿ ਉਹ ਤੁਹਾਡੇ ਨਾਲ ਕਿੰਨਾ ਸਮਾਂ ਬਿਤਾਉਂਦੇ ਹਨ ਸਗੋਂ ਇਹ ਵੀ ਵੇਖੋ ਕਿ ਉਨ੍ਹਾਂ ਨਾਲ ਸਮਾਂ ਬਿਤਾ ਕੇ ਤੁਸੀਂ ਕਿਹੋ ਜਿਹੇ ਮਨੁੱਖ ਬਣ ਰਹੇ ਹੋ।

ਚੰਗੇ ਦੋਸਤ ਤੁਹਾਡੀ ਕਿਸਮਤ ਨਹੀਂ ਲਿਖਦੇ, ਪਰ ਉਹ ਤੁਹਾਡੇ ਅੰਦਰ ਉਹ ਸੋਚ, ਹਿੰਮਤ ਅਤੇ ਅਨੁਸ਼ਾਸਨ ਜ਼ਰੂਰ ਜਗਾ ਸਕਦੇ ਹਨ, ਜਿਸ ਨਾਲ ਤੁਸੀਂ ਆਪਣੀ ਕਿਸਮਤ ਨੂੰ ਨਵੀਂ ਦਿਸ਼ਾ ਦੇ ਸਕੋ। ਇਸ ਲਈ ਦੋਸਤ ਘੱਟ ਰੱਖੋ, ਪਰ ਅਜਿਹੇ ਰੱਖੋ ਜਿਨ੍ਹਾਂ ਦੀ ਸੰਗਤ ਤੁਹਾਡੇ ਚਰਿੱਤਰ ਨੂੰ ਉੱਚਾ ਕਰੇ, ਤੁਹਾਡੀ ਸੋਚ ਨੂੰ ਵਿਸ਼ਾਲ ਬਣਾਏ ਅਤੇ ਤੁਹਾਡੇ ਜੀਵਨ ਨੂੰ ਅਰਥਪੂਰਨ ਬਣਾਉਣ ਵਿੱਚ ਸਹਾਇਕ ਹੋਵੇ।

Shaheedeazamnews.com
ਖਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ:
9814632807

Shaheed-e-Azam Printed, published and owned by Harjinder Chaudhary printed at Raftaar Printing Press, Factory Area, Patiala and published at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354

ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ 'ਚ ਹੀ ਹੋਵੇਗਾ।

Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807

# ਧਰਮਸਾਲ ਤੋਂ ਗੁਰਦੁਆਰਿਆਂ ਦੀ ਉਸਾਰੀ, ਇਕ ਅਣਕਹੀ ਵਾਰਤਾ ਲਿਖੇ ਲਿਖਾਰੀ



ਗੁਰਮੀਤ ਸਿੰਘ ਤੁੰਗ
ਬਿਊਰੋ ਚੀਫ.
9855221193

ਪੰਜਾਬ ਦੇ ਧਾਰਮਿਕ ਇਤਿਹਾਸ ਨੂੰ ਸਮਝਣ ਲਈ ਅੱਜ ਦੇ ਗੁਰਦੁਆਰੇ ਤੋਂ ਗੱਲ ਸ਼ੁਰੂ ਕਰਨਾ ਕਾਫ਼ੀ ਨਹੀਂ। ਇਤਿਹਾਸ ਦੇ ਪੰਨੇ ਪਿਛਾਂ ਨੂੰ ਪਲਟੀਏ ਤਾਂ ਸਾਨੂੰ ਇੱਕ ਅਜਿਹਾ ਸ਼ਬਦ ਮਿਲਦਾ ਹੈ, ਜਿਸ ਵਿੱਚ ਸਿੱਖ ਸਮਾਜ ਦੀ ਮੁੱਢਲੀ ਸੰਸਥਾਗਤ ਚੇਤਨਾ ਵੱਸਦੀ ਸੀ ਉਹ ਹੈ ਧਰਮਸਾਲ।

ਅੱਜ ਗੁਰਦੁਆਰਾ ਸਾਡੇ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਪ੍ਰਕਾਸ਼, ਕੀਰਤਨ, ਲੰਗਰ, ਅਰਦਾਸ ਅਤੇ ਸੰਗਤ ਦਾ ਕੇਂਦਰ ਹੈ। ਪਰ ਗੁਰੂ ਨਾਨਕ ਸਾਹਿਬ ਦੇ ਸਮੇਂ ਅਤੇ ਉਨ੍ਹਾਂ ਤੋਂ ਬਾਅਦ ਦੇ ਮੁੱਢਲੇ ਦੌਰ ਵਿੱਚ ਇਸੇ ਤਰ੍ਹਾਂ ਦੇ ਸੰਗਤੀ ਕੇਂਦਰਾਂ ਨੂੰ ਵੱਡੇ ਪੱਧਰ 'ਤੇ ਧਰਮਸਾਲ ਕਿਹਾ ਜਾਂਦਾ ਸੀ। ਆਧੁਨਿਕ ਇਤਿਹਾਸਕ ਅਧਿਐਨ ਵੀ ਗੁਰਦੁਆਰੇ ਨੂੰ ਧਰਮਸਾਲ ਦੀ ਹੀ ਵਿਕਸਿਤ ਸੰਸਥਾ-ਅਧਾਰਿਤ ਪਰੰਪਰਾ ਨਾਲ ਜੋੜਦੇ ਹਨ।

ਇਹ ਮੁਢਲਾ ਮੁੱਦਾ ਨਹੀਂ ਕਿ ਅੰਗਰੇਜ਼ਾਂ ਨੇ ਧਰਮਸਾਲਾਂ ਨੂੰ ਗੁਰਦੁਆਰੇ ਕਿਉਂ ਬਣਾਇਆ ? ਸਗੋਂ ਸਵਾਲ ਇਹ ਹੈ ਕਿ ਧਰਮਸਾਲ ਕਿਸ ਤਰ੍ਹਾਂ ਵਿਕਸਿਤ ਹੋ ਕੇ ਗੁਰਦੁਆਰਾ ਬਣੀ ਅਤੇ ਬ੍ਰਿਟਿਸ਼ ਬਸਤੀਵਾਦ ਨੇ ਇਸ ਪੂਰੀ ਪ੍ਰਕਿਰਿਆ ਨੂੰ ਕਿਵੇਂ ਪ੍ਰਭਾਵਿਤ ਕੀਤਾ।

'ਧਰਮਸਾਲ' ਦਾ ਆਮ ਅਰਥ ਧਰਮ ਕਮਾਉਣ ਦੇ ਅਭਿਆਸ ਦਾ ਸਥਾਨ ਹੈ, ਪਰ ਸਿੱਖ ਪਰੰਪਰਾ ਵਿੱਚ ਇਸਦਾ ਅਰਥ ਕਿਤੇ ਵੱਡਾ ਸੀ। ਗੁਰੂ ਨਾਨਕ ਸਾਹਿਬ ਦੀਆਂ ਉਦਾਸੀਆਂ ਅਤੇ ਵੱਖ-ਵੱਖ ਥਾਵਾਂ 'ਤੇ ਬਣੀਆਂ ਸੰਗਤਾਂ ( ਵੱਡੀ ਸੰਗਤ- ਛੋਟੀ ਸੰਗਤ) ਨਾਲ ਧਰਮਸਾਲਾਂ ਦਾ ਵਿਕਾਸ ਹੋਇਆ।

ਜਿੱਥੇ ਸੰਗਤ ਇਕੱਠੀ ਹੁੰਦੀ, ਗੁਰਬਾਣੀ ਸੁਣੀ ਜਾਂਦੀ, ਨਾਮ-ਸਿਮਰਨ ਹੁੰਦਾ, ਵਿਚਾਰ-ਵਟਾਂਦਰਾ ਹੁੰਦਾ ਅਤੇ ਸਾਂਝੀ ਸੇਵਾ ਕੀਤੀ ਜਾਂਦੀ. ਉਹ ਸਥਾਨ ਧਰਮਸਾਲ ਦਾ ਰੂਪ ਧਾਰਦਾ ਗਿਆ।

ਇਸ ਲਈ ਧਰਮਸਾਲ ਨੂੰ ਕੇਵਲ ਨਤਮਸਤਕ ਹੋਣ ਦੀ ਥਾਂ ਸਮਝਣਾ ਇਤਿਹਾਸ ਨਾਲ ਨਿਆਂ ਨਹੀਂ।

ਇਹ ਸੀ:-
ਸੰਗਤ ਦਾ ਘਰ,
ਗਿਆਨ ਦਾ ਕੇਂਦਰ,
ਸੇਵਾ ਦਾ ਕੇਂਦਰ,
ਵਿਚਾਰ ਦਾ ਮੰਚ,
ਸਮਾਜਕ ਸਾਂਝ ਦਾ ਕੇਂਦਰ ਅਤੇ ਪੰਥਕ ਸਿਧਾਂਤਾਂ ਅਤੇ ਰਹੁਰੀਤਾਂ ਦੀ ਸੰਭਾਲ ਦਾ ਕੇਂਦਰ।

ਧਰਮਸਾਲ ਵਿੱਚ ਧਰਮ ਅਤੇ ਰੋਜ਼ਾਨਾ ਜੀਵਨ ਵੱਖਰੇ ਨਹੀਂ ਸਨ। ਧਰਮ ਜੀਵਨ ਨੂੰ ਚਲਾਉਣ ਵਾਲੀ ਨੈਤਿਕ ਅਤੇ ਸਮਾਜਕ ਸ਼ਕਤੀ ਸੀ।

ਧਰਮਸਾਲ ਦੀ ਸਭ ਤੋਂ ਮਹੱਤਵਪੂਰਨ ਭੂਮਿਕਾ ਵਿੱਚੋਂ ਇੱਕ ਸਿੱਖਿਆ ਸੀ। ਇੱਥੇ ਪ੍ਰੋਫੈਸਰ ਗੌਟਲੀਬ ਵਿਲਹੈਲਮ ਲਾਇਟਨਰ ਦੀ 1882 ਵਿੱਚ ਪ੍ਰਕਾਸ਼ਿਤ ਕਿਤਾਬ ਅਨੁਸਾਰ ਪੰਜਾਬ ਵਿੱਚ ਦੇਸੀ ਸਿੱਖਿਆ ਦਾ ਇਤਿਹਾਸ ਬਹੁਤ ਮਹੱਤਵਪੂਰਨ ਬਣ ਜਾਂਦਾ ਹੈ। ਲਾਇਟਨਰ ਹੰਗਰੀ ਮੂਲ ਦਾ ਬ੍ਰਿਟਿਸ਼ ਵਿਦਵਾਨ ਸੀ ਅਤੇ ਕਿੰਗਜ਼ ਕਾਲਜ ਲੰਡਨ ਵਿੱਚ ਅਰਬੀ ਅਤੇ ਇਸਲਾਮੀ ਕਾਨੂੰਨ ਦਾ ਪ੍ਰੋਫੈਸਰ ਰਹਿ ਚੁੱਕਾ ਸੀ। ਬਾਅਦ ਵਿੱਚ ਉਹ ਪੰਜਾਬ ਦੀ ਦੇਸੀ ਸਿੱਖਿਆ ਦੇ ਅਧਿਐਨ ਨਾਲ ਡੂੰਘੇ ਤੌਰ 'ਤੇ ਜੁੜਿਆ।

ਉਸਦੀ 1882 ਦੀ ਰਚਨਾ ਪੰਜਾਬ ਦੀ ਬ੍ਰਿਟਿਸ਼ ਕਬਜ਼ੇ ਤੋਂ ਪਹਿਲਾਂ ਅਤੇ ਬਾਅਦ ਦੀ ਦੇਸੀ ਸਿੱਖਿਆ ਪ੍ਰਣਾਲੀ ਨੂੰ ਸਮਝਣ ਲਈ ਇੱਕ ਮਹੱਤਵਪੂਰਨ ਪ੍ਰਾਥਮਿਕ ਸਰੋਤ ਹੈ। ਇਸ ਵਿੱਚ ਸਿੱਖਾਂ ਦੀ ਦੇਸੀ ਭਾਸ਼ਾਈ ਸਿੱਖਿਆ ਅਤੇ ਗੁਰਮੁਖੀ ਪਾਠਸ਼ਾਲਾਵਾਂ ਬਾਰੇ ਵੀ ਵਿਸ਼ੇਸ਼ ਜਾਣਕਾਰੀ ਮਿਲਦੀ ਹੈ।

ਲਾਇਟਨਰ ਮੁਤਾਬਿਕ ਪੰਜਾਬ ਵਿੱਚ ਬ੍ਰਿਟਿਸ਼ ਸ਼ਾਸਨ ਤੋਂ ਪਹਿਲਾਂ ਦੇਸੀ ਸਿੱਖਿਆ ਦਾ ਇੱਕ ਵਿਸ਼ਾਲ ਜਾਲ ਮੌਜੂਦ ਸੀ ਅਤੇ ਨਵੀਂ ਸਰਕਾਰੀ ਸਿੱਖਿਆ-ਵਿਵਸਥਾ ਆਉਣ ਨਾਲ ਇਸ ਪੁਰਾਣੀ ਪ੍ਰਣਾਲੀ ਨੂੰ ਭਾਰੀ ਝਟਕਾ ਲੱਗਾ।

ਸਿੱਖ ਪਰੰਪਰਾ ਵਿੱਚ ਗੁਰਮੁਖੀ ਕੇਵਲ ਲਿਖਣ ਦੀ ਲਿਪੀ ਨਹੀਂ ਹੈ । ਇਸਨੇ ਗੁਰਬਾਣੀ, ਸਿੱਖ ਸਾਹਿਤ, ਇਤਿਹਾਸ ਅਤੇ ਧਾਰਮਿਕ ਗਿਆਨ ਨੂੰ ਲੋਕਾਂ ਤੱਕ ਪਹੁੰਚਾਉਣ ਦਾ ਮਹੱਤਵਪੂਰਨ ਸਾਧਨ ਮੁਹਈਆ ਕੀਤਾ।

ਲਾਇਟਨਰ ਨੇ ਆਪਣੀ ਰਚਨਾ ਵਿੱਚ ਸਿੱਖਾਂ ਦੀ ਦੇਸੀ ਭਾਸ਼ਾਈ ਸਿੱਖਿਆ ਅਤੇ ਗੁਰਮੁਖੀ ਸਕੂਲਾਂ ਦਾ ਵਿਸ਼ੇਸ਼ ਜ਼ਿਕਰ ਕੀਤਾ। ਇਸ ਤੋਂ ਪਤਾ ਲੱਗਦਾ ਹੈ ਕਿ ਪੰਜਾਬ ਵਿੱਚ ਬ੍ਰਿਟਿਸ਼ ਸਿੱਖਿਆ ਪ੍ਰਣਾਲੀ ਆਉਣ ਤੋਂ ਪਹਿਲਾਂ ਸਿੱਖਿਆ ਦਾ ਇੱਕ ਆਪਣਾ ਸਥਾਨਕ ਢਾਂਚਾ ਮੌਜੂਦ ਸੀ।

ਧਰਮਸਾਲ ਅਤੇ ਗੁਰਦੁਆਰਾ ਦੋ ਪੂਰੀ ਤਰ੍ਹਾਂ ਵੱਖਰੀਆਂ ਸੰਸਥਾਵਾਂ ਨਹੀਂ ਸਨ। ਸਮੇਂ ਦੇ ਨਾਲ ਧਰਮਸਾਲ ਦੀ ਸੰਸਥਾ ਨੇ ਨਵਾਂ ਰੂਪ ਧਾਰਿਆ।

ਗੁਰੂਆਂ ਦੀ ਪਰੰਪਰਾ, ਗੁਰਬਾਣੀ ਦਾ ਕੇਂਦਰੀ ਮਹੱਤਵ , ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਸਥਾਪਨਾ, ਗੁਰੂ ਪੰਥ ਦੀ ਧਾਰਨਾ ਅਤੇ ਖ਼ਾਲਸਾ ਪਰੰਪਰਾ ਦੇ ਵਿਕਾਸ ਨਾਲ ਗੁਰੂ ਨਾਲ ਸੰਬੰਧਿਤ ਪਵਿੱਤਰ ਸਥਾਨਾਂ ਲਈ ਗੁਰਦੁਆਰਾ, ਭਾਵ 'ਗੁਰੂ ਦਾ ਦੁਆਰ', ਸ਼ਬਦ ਵਧੇਰੇ ਪ੍ਰਚਲਿਤ ਹੋਇਆ। ਇਸ ਬਦਲਾਵ ਨਾਲ ਗੁਰਦੁਆਰੇ ਸਿਰ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਦੀ ਸੰਭ ਸੰਭਾਲ ਤੱਕ ਸੀਮਿਤ ਰਹਿ ਗਏ।

ਇਸ ਲਈ ਇਤਿਹਾਸਕ ਵਿਕਾਸ ਨੂੰ ਇਸ ਤਰ੍ਹਾਂ ਸਮਝਿਆ ਜਾ ਸਕਦਾ ਹੈ— ਸੰਗਤ ?ਧਰਮਸਾਲ ?ਗੁਰੂ-ਕੇਂਦਰਿਤ ਪਵਿੱਤਰ ਸਥਾਨ ?ਗੁਰਦੁਆਰਾ।

ਇਹ ਕੋਈ ਇੱਕ ਦਿਨ ਵਿੱਚ ਹੋਇਆ ਨਾਮ-ਬਦਲਾਅ ਨਹੀਂ ਸੀ, ਸਗੋਂ ਸਦੀਆਂ ਵਿੱਚ ਵਿਕਸਿਤ ਹੋਈ ਸੰਸਥਾ ਵਿਚਲੇ ਬਦਲਾਵ ਵਾਲੀ ਪ੍ਰਕਿਰਿਆ ਸੀ। ਇਸ ਬਦਲਾਵ ਨਾਲ ਗੁਰਦੁਆਰੇ ਸਿਰਫ

ਬ੍ਰਿਟਿਸ਼ ਰਾਜ ਨੇ ਗੁਰਦੁਆਰੇ ਦੀ ਰਚਨਾ ਨਹੀਂ ਕੀਤੀ, ਪਰ ਉਸਨੇ ਪੰਜਾਬ ਦੇ ਗਿਆਨ, ਭਾਸ਼ਾ, ਸਿੱਖਿਆ, ਪ੍ਰਸ਼ਾਸਨ ਅਤੇ ਧਾਰਮਿਕ ਸੰਸਥਾਵਾਂ ਦੇ ਰਿਸ਼ਤੇ ਨੂੰ ਜ਼ਰੂਰ ਬਦਲਿਆ।

1849 ਵਿੱਚ ਪੰਜਾਬ ਦੇ ਬ੍ਰਿਟਿਸ਼ ਅਧੀਨ ਆਉਣ ਤੋਂ ਬਾਅਦ ਨਵੀਂ ਪ੍ਰਸ਼ਾਸਕੀ ਅਤੇ ਸਿੱਖਿਆ ਪ੍ਰਣਾਲੀ ਵਿਕਸਿਤ ਹੋਈ। ਸਰਕਾਰੀ ਸਕੂਲਾਂ, ਨਵੇਂ ਪਾਠਕ੍ਰਮਾਂ ਅਤੇ ਪ੍ਰਸ਼ਾਸਕੀ ਭਾਸ਼ਾ ਦੀ ਨੀਤੀ ਨੇ ਪੁਰਾਣੀਆਂ ਦੇਸੀ ਪਾਠਸ਼ਾਲਾਵਾਂ ਅਤੇ ਧਰਮਸਾਲਾਂ ਉੱਤੇ ਪ੍ਰਭਾਵ ਪਾਇਆ।

ਪੰਜਾਬ ਵਿੱਚ ਉਰਦੂ ਨੂੰ ਪ੍ਰਸ਼ਾਸਕੀ ਅਤੇ ਸਿੱਖਿਆਤਮਕ ਮਹੱਤਤਾ ਮਿਲੀ। ਇਸ ਨਾਲ ਗੁਰਮੁਖੀ ਅਤੇ ਪੰਜਾਬੀ ਨਾਲ ਜੁੜੀ ਪੁਰਾਣੀ ਦੇਸੀ ਸਿੱਖਿਆ ਪ੍ਰਣਾਲੀ ਨੂੰ ਮੁਕਾਬਲਾ ਕਰਨਾ ਪਿਆ। ਰਾਜ ਸਿਰਫ਼ ਜ਼ਮੀਨ ਅਤੇ ਰਾਜਸੱਤਾ ਉੱਤੇ ਕਬਜ਼ਾ ਕਰਕੇ ਨਹੀਂ ਚਲਦਾ ਸਗੋਂ ਉਹ ਗਿਆਨ ਦੀ ਪ੍ਰਣਾਲੀ ਨੂੰ ਬਦਲ ਕੇ ਵੀ ਸਮਾਜ ਨੂੰ ਬਦਲਦਾ ਹੈ।

ਉਨੀਵੀਂ ਸਦੀ ਦੇ ਅੰਤ ਵਿੱਚ ਪੰਜਾਬ ਵਿੱਚ ਸਿੰਘ ਸਭਾ ਲਹਿਰ ਉੱਭਰੀ। ਇਸਨੇ ਸਿੱਖ ਧਾਰਮਿਕ ਪਛਾਣ, ਗੁਰਮੁਖੀ ਸਿੱਖਿਆ, ਗੁਰਬਾਣੀ, ਸਿੱਖ ਇਤਿਹਾਸ ਅਤੇ ਸਮਾਜਕ ਸੁਧਾਰ ਵੱਲ ਵਿਸ਼ੇਸ਼ ਧਿਆਨ ਦਿੱਤਾ।

ਇਹ ਲਹਿਰ ਉਸ ਸਮੇਂ ਦੇ ਬਦਲਦੇ ਧਾਰਮਿਕ ਮਾਹੌਲ ਦਾ ਜਵਾਬ ਵੀ ਸੀ। ਇਸ ਦੌਰ ਵਿੱਚ ਇਸਾਈ ਮਿਸ਼ਨਰੀ ਗਤੀਵਿਧੀਆਂ, ਆਰੀਆ ਸਮਾਜ ਅਤੇ ਹੋਰ ਧਾਰਮਿਕ-ਸਮਾਜਕ ਲਹਿਰਾਂ ਪੰਜਾਬ ਵਿੱਚ ਸਰਗਰਮ ਸਨ।

ਇੱਥੇ ਪਹਿਲਾ ਸਾਵਣ ਮਨ ਵਿੱਚ ਉੱਠਦਾ ਹੈ ਕਿ
ਅਸੀਂ ਕੌਣ ਹਾਂ ?
ਇਸਦੇ ਨਾਲ ਦੂਜਾ ਸਵਾਲ ਜੁੜਦਾ ਹੈ ਕਿ
ਸਾਡੀ ਧਾਰਮਿਕ ਸੰਸਥਾ ਕਿਸ ਦੇ ਅਧੀਨ ਹੋਣੀ ਚਾਹੀਦੀ ਹੈ ?
ਇਹੀ ਸਵਾਲ ਅੱਗੇ ਚੱਲ ਕੇ ਗੁਰਦੁਆਰਾ ਸੁਧਾਰ ਲਹਿਰ ਦਾ ਕੇਂਦਰ ਬਣਿਆ।

ਉਨੀਵੀਂ ਅਤੇ ਵੀਹਵੀਂ ਸਦੀ ਵਿੱਚ ਕਈ ਇਤਿਹਾਸਕ ਗੁਰਦੁਆਰਿਆਂ ਦਾ ਪ੍ਰਬੰਧ ਮਹੰਤਾਂ ਜਾਂ ਧਾਰਮਿਕ ਸੇਵਾਦਾਰਾਂ ਦੇ ਹੱਥ ਵਿੱਚ ਸੀ। ਹਰ ਥਾਂ ਦੀ ਸਥਿਤੀ ਇੱਕੋ ਜਿਹੀ ਨਹੀਂ ਸੀ, ਪਰ ਕੁਝ ਥਾਵਾਂ 'ਤੇ ਗੁਰਦੁਆਰਾ ਸੰਪਤੀ ਅਤੇ ਆਮਦਨ ਦੇ ਪ੍ਰਬੰਧ ਨੂੰ ਲੈ ਕੇ ਗੰਭੀਰ ਵਿਵਾਦ ਉੱਠੇ।

ਸਿੱਖ ਸੰਗਤ ਦੇ ਅੰਦਰੋਂ ਇਹ ਮੰਗ ਉੱਠੀ ਕਿ ਇਤਿਹਾਸਕ ਗੁਰਦੁਆਰਿਆਂ ਦਾ ਪ੍ਰਬੰਧ ਸੰਗਤ ਦੀ ਸਾਂਝੀ ਜ਼ਿੰਮੇਵਾਰੀ ਹੇਠ ਹੋਣਾ ਚਾਹੀਦਾ ਹੈ।

ਨਨਕਾਣਾ ਸਾਹਿਬ ਸਮੇਤ ਕਈ ਘਟਨਾਵਾਂ ਨੇ ਇਸ ਸੰਘਰਸ਼ ਨੂੰ ਤੀਬਰ ਕੀਤਾ।

ਇਸ ਸੰਘਰਸ਼ ਦਾ ਕੇਂਦਰੀ ਸੀ ਕਿ-
ਗੁਰਦੁਆਰਾ ਕਿਸ ਦਾ ਹੈ—ਕਿਸੇ ਵਿਅਕਤੀ ਦਾ ਜਾਂ ਸੰਗਤ ਦਾ ?

ਇਹ ਸਿਰਫ਼ ਜਾਇਦਾਦ ਦਾ ਸਵਾਲ ਨਹੀਂ ਸਗੋਂ ਇਹ ਧਾਰਮਿਕ ਅਧਿਕਾਰ, ਸੰਗਤੀ ਮਾਲਕੀ ਅਤੇ ਪ੍ਰਬੰਧ ਦੀ ਜਵਾਬਦੇਹੀ ਦਾ ਸਵਾਲ ਸੀ।

1925 ਦਾ ਸਿੱਖ ਗੁਰਦੁਆਰਾ ਕਾਨੂੰਨ ਇਸ ਪੂਰੀ ਯਾਤਰਾ ਦਾ ਮਹੱਤਵਪੂਰਨ ਮੋੜ ਬਣਿਆ।

ਇਸ ਕਾਨੂੰਨ ਨੇ ਕੁਝ ਇਤਿਹਾਸਕ ਸਿੱਖ ਗੁਰਦੁਆਰਿਆਂ ਦੇ ਪ੍ਰਬੰਧ ਲਈ ਕਾਨੂੰਨੀ ਢਾਂਚਾ ਤਿਆਰ ਕੀਤਾ ਅਤੇ ਗੁਰਦੁਆਰਾ ਪ੍ਰਬੰਧ ਨੂੰ ਇੱਕ ਵੱਡੀ ਸੰਸਥਾਗਤ ਵਿਵਸਥਾ ਨਾਲ ਜੋੜਿਆ। ਇੱਥੇ ਇਤਿਹਾਸ ਦੀ ਇੱਕ ਵਿਲੱਖਣ ਵਿਡੰਬਨਾ ਹੈ ਕਿ ਸੁਧਾਰ ਦੀ ਮੰਗ ਸਿੱਖ ਸੰਗਤ ਦੇ ਅੰਦਰੋਂ ਉੱਠੀ, ਸੰਘਰਸ਼ ਸਿੱਖਾਂ ਨੇ ਕੀਤਾ, ਪਰ ਉਸ ਸੰਘਰਸ਼ ਦੇ ਨਤੀਜੇ ਨੂੰ ਕਾਨੂੰਨੀ ਰੂਪ ਬ੍ਰਿਟਿਸ਼ ਸਰਕਾਰ ਨੇ ਦਿੱਤਾ।

ਇੱਥੇ ਆ ਕੇ ਇਹ ਇਤਿਹਾਸ ਸਿਰਫ਼ ਅਤੀਤ ਦਾ ਵਿਸ਼ਾ ਨਹੀਂ ਰਹਿੰਦਾ, ਸਗੋਂ ਅੱਜ ਦੇ ਪੰਜਾਬ ਲਈ ਆਤਮ-ਮੰਥਨ ਬਣ ਜਾਂਦਾ ਹੈ।

ਪੁਰਾਣੀ ਧਰਮਸਾਲ ਵਿੱਚ—
ਧਰਮ ਅਤੇ ਸਿੱਖਿਆ ਇਕੱਠੇ ਸਨ।
ਸੰਗਤ ਅਤੇ ਸੇਵਾ ਇਕੱਠੇ ਸਨ।
ਗੁਰਬਾਣੀ ਅਤੇ ਜੀਵਨ ਇਕੱਠੇ ਸਨ।
ਗਿਆਨ ਅਤੇ ਸਮਾਜਕ ਜ਼ਿੰਮੇਵਾਰੀ ਇਕੱਠੇ ਸਨ।

ਆਧੁਨਿਕ ਯੁੱਗ ਵਿੱਚ ਇਹ ਖੇਤਰ ਹੌਲੀ-ਹੌਲੀ ਵੱਖਰੇ ਹੋ ਗਏ।

ਕੀ ਗੁਰਦੁਆਰੇ ਨੇ ਧਰਮਸਾਲ ਦੀ ਮੂਲ ਰੂਹ ਨੂੰ ਜਿਉਂਦਾ ਰੱਖਿਆ ਹੈ ?

ਜੇ ਧਰਮਸਾਲ ਗਿਆਨ ਦਾ ਕੇਂਦਰ ਸੀ, ਤਾਂ ਕੀ ਅੱਜ ਗੁਰਦੁਆਰਾ ਗਿਆਨ ਦਾ ਕੇਂਦਰ ਹੈ ?

ਜੇ ਧਰਮਸਾਲ ਸਮਾਜਕ ਸੇਵਾ ਦਾ ਕੇਂਦਰ ਸੀ, ਤਾਂ ਕੀ ਅੱਜ ਵੀ ਉਹੀ ਭੂਮਿਕਾ ਹੈ ?

ਜੇ ਧਰਮਸਾਲ ਨੇ ਪੰਜਾਬੀ ਅਤੇ ਗੁਰਮੁਖੀ ਨੂੰ ਸੰਭਾਲਿਆ, ਤਾਂ ਕੀ ਅੱਜ ਗੁਰਦੁਆਰਾ ਪੰਜਾਬੀ ਭਾਸ਼ਾ ਦੀ ਰੱਖਿਆ ਲਈ ਉਨੀ ਹੀ ਸਰਗਰਮ ਭੂਮਿਕਾ ਨਿਭਾ ਰਿਹਾ ਹੈ ?

ਇਸੇ ਤਰੀਕੇ ਕਿ ਦਸਵੰਦ ਵੀ ਧਰਮਸਾਲ ਦੇ ਸਿਧਾਂਤ ਤਹਿਤ ਕਿ ਖਾਰਾ ਉੱਤਰ ਰਿਹਾ ਹੈ।

ਇਹ ਸਵਾਲ ਕਿਸੇ ਇੱਕ ਸੰਸਥਾ ਵਿਰੁੱਧ ਦੋਸ਼ ਨਹੀਂ, ਸਗੋਂ ਇਤਿਹਾਸ ਤੋਂ ਮਿਲਿਆ ਆਤਮ-ਮੰਥਨ ਦਾ ਸੱਦਾ ਹੈ।

ਧਰਮਸਾਲ ਤੋਂ ਗੁਰਦੁਆਰੇ ਦੀ ਯਾਤਰਾ ਕਿਸੇ ਇੱਕ ਰਾਜੇ, ਇੱਕ ਅੰਗਰੇਜ਼ ਅਧਿਕਾਰੀ ਜਾਂ ਇੱਕ ਗੁਪਤ ਯੋਜਨਾ ਦੀ ਕਹਾਣੀ ਨਹੀਂ।

ਇਹ ਸਦੀਆਂ ਦੀ ਯਾਤਰਾ ਹੈ.
ਗੁਰੂ ? ਸੰਗਤ ? ਧਰਮਸਾਲ ? ਗੁਰਬਾਣੀ ?ਗੁਰੂ ਗ੍ਰੰਥ ?ਗੁਰੂ ਪੰਥ ? ਗੁਰਦੁਆਰਾ ?ਸੰਸਥਾਗਤ ਪ੍ਰਬੰਧ ? ਕਾਨੂੰਨੀ ਢਾਂਚਾ।

ਗੁਰਦੁਆਰਾ ਬ੍ਰਿਟਿਸ਼ਾਂ ਦੀ ਦੇਣ ਨਹੀਂ ਸੀ। ਇਸ ਦੀਆਂ ਜੜ੍ਹਾਂ ਬ੍ਰਿਟਿਸ਼ ਰਾਜ ਤੋਂ ਕਈ ਸਦੀਆਂ ਪਹਿਲਾਂ ਦੀਆਂ ਹਨ। ਪਰ ਬ੍ਰਿਟਿਸ਼ ਬਸਤੀਵਾਦ ਨੇ ਪੰਜਾਬ ਦੇ ਗਿਆਨ, ਸਿੱਖਿਆ, ਭਾਸ਼ਾ, ਪ੍ਰਸ਼ਾਸਨ ਅਤੇ ਧਾਰਮਿਕ ਸੰਸਥਾਵਾਂ ਦੇ ਰਿਸ਼ਤੇ ਨੂੰ ਡੂੰਘੇ ਤੌਰ 'ਤੇ ਬਦਲਿਆ। ਲਾਇਟਨਰ ਦੀ 1882 ਦੀ ਰਚਨਾ ਇਸ ਬਦਲਾਅ ਨੂੰ ਸਮਝਣ ਲਈ ਇੱਕ ਅਹਿਮ ਇਤਿਹਾਸਕ ਦਸਤਾਵੇਜ਼ ਹੈ।

ਇਸ ਪੂਰੇ ਇਤਿਹਾਸ ਦਾ ਸਭ ਤੋਂ ਮਹੱਤਵਪੂਰਨ ਸਬਕ ਸ਼ਾਇਦ ਇਹ ਹੈ—

ਧਰਮਸਾਲ ਸਿਰਫ਼ ਇੱਕ ਇਮਾਰਤ ਨਹੀਂ ਸੀ; ਉਹ ਪੰਜਾਬੀ ਸਮਾਜ ਦੀ ਇੱਕ ਗਿਆਨ-ਵਿਵਸਥਾ, ਸੰਗਤੀ ਸੰਸਥਾ ਅਤੇ ਗੁਰਮਤਿ ਸਿਧਾਂਤਾਂ ਰਹੁਰੀਤਾਂ, ਸੱਭਿਆਚਾਰਕ ਕੇਂਦਰ ਸੀ। ਗੁਰਦੁਆਰਾ ਉਸੇ ਪਰੰਪਰਾ ਦਾ ਵਿਕਸਿਤ ਰੂਪ ਬਣਿਆ। ਪਰ ਬਸਤੀਵਾਦੀ ਦੌਰ ਨੇ ਗਿਆਨ, ਭਾਸ਼ਾ, ਸਿੱਖਿਆ ਅਤੇ ਧਾਰਮਿਕ ਸੰਸਥਾਵਾਂ ਦੇ ਰਿਸ਼ਤੇ ਨੂੰ ਇਸ ਤਰ੍ਹਾਂ ਬਦਲਿਆ ਕਿ ਪੰਜਾਬ ਦੀ ਪੁਰਾਣੀ ਸਮਾਜਕ ਬਣਤਰ ਪਹਿਲਾਂ ਵਰਗੀ ਨਾ ਰਹੀ।

ਇੱਥੇ ਵਿਚਾਰ ਦਾ ਮੁੱਦਾ ਹੈ ਕਿ ਅਸੀਂ ਗੁਰਦੁਆਰੇ ਦੀ ਇਮਾਰਤਾਂ ਤਾਂ ਬਚਾ ਲਈਆਂ , ਪਰ ਧਰਮਸਾਲ ਦੀ ਉਹ ਰੂਹ—ਗਿਆਨ, ਸੰਗਤ, ਸੇਵਾ, ਸਵੈ-ਨਿਰਭਰਤਾ, ਗੁਰਮਤਿ ਸਿਧਾਂਤ - ਰਹੁਰੀਤਾਂ, ਪੰਜਾਬੀ ਭਾਸ਼ਾ ਅਤੇ ਸਮਾਜਕ ਚੇਤਨਾ ਵੀ ਬਚਾਈ ਹੈ ?

ਇਹ ਸਿਰਫ਼ ਸਿੱਖ ਇਤਿਹਾਸ ਦਾ ਸਵਾਲ ਨਹੀਂ।

ਇਹ ਪੰਜਾਬ ਦੀ ਆਤਮਾ ਦਾ ਸਵਾਲ ਹੈ।

# 6 ਅਕਤੂਬਰ ਨੂੰ ਹਿਮਾਚਲ ਪਹੁੰਚਣਗੇ ਰਾਸ਼ਟਰਪਤੀ ਦ੍ਰੋਪਦੀ ਮੁਰਮੂ

**ਬਿਲਾਸਪੁਰ, 23 ਸਤੰਬਰ 2026 (ਕਾਜਲ):** ਰਾਸ਼ਟਰਪਤੀ ਦ੍ਰੋਪਦੀ ਮੁਰਮੂ ਦੇ ਪ੍ਰਸਤਾਵਿਤ ਹਿਮਾਚਲ ਦੌਰੇ ਨੂੰ ਲੈ ਕੇ ਬਿਲਾਸਪੁਰ ਜ਼ਿਲ੍ਹਾ ਪ੍ਰਸ਼ਾਸਨ ਨੇ ਤਿਆਰੀਆਂ ਤੇਜ਼ ਕਰ ਦਿੱਤੀਆਂ ਹਨ। ਰਾਸ਼ਟਰਪਤੀ 6 ਅਕਤੂਬਰ ਨੂੰ ਬਿਲਾਸਪੁਰ ਪਹੁੰਚਣਗੇ ਅਤੇ AIIMS ਬਿਲਾਸਪੁਰ ਦੇ ਪਹਿਲੇ ਦੀਕਸ਼ਾਂਤ ਸਮਾਰੋਹ ਵਿੱਚ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਣ ਦੀ ਜਾਣਕਾਰੀ ਹੈ। AIIMS ਬਿਲਾਸਪੁਰ ਵੱਲੋਂ ਵੀ ਪਹਿਲੇ ਦੀਕਸ਼ਾਂਤ ਸਮਾਰੋਹ ਲਈ ਯੋਗ ਗ੍ਰੈਜੂਏਟਾਂ ਨੂੰ ਸੱਦਾ ਜਾਰੀ ਕੀਤਾ ਗਿਆ ਹੈ। ਰਾਸ਼ਟਰਪਤੀ ਦੇ ਪ੍ਰਸਤਾਵਿਤ ਦੌਰੇ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਸਮੀਖਿਆ ਮੀਟਿੰਗ ਕੀਤੀ ਗਈ। ਡਿਪਟੀ ਕਮਿਸ਼ਨਰ ਰਾਹੁਲ ਕੁਮਾਰ ਨੇ ਅਧਿਕਾਰੀਆਂ ਨੂੰ ਆਪਸੀ ਤਾਲਮੇਲ ਨਾਲ ਕੰਮ ਕਰਨ ਅਤੇ ਸੌਂਪੀਆਂ ਗਈਆਂ ਜ਼ਿੰਮੇਵਾਰੀਆਂ ਸਮੇਂ ਸਿਰ ਪੂਰੀਆਂ ਕਰਨ ਦੇ ਨਿਰਦੇਸ਼ ਦਿੱਤੇ।

ਸੁਰੱਖਿਆ ਅਤੇ ਰੂਟ ਪ੍ਰਬੰਧਾਂ 'ਤੇ ਵਿਸ਼ੇਸ਼ ਧਿਆਨ : ਰਾਸ਼ਟਰਪਤੀ ਦੇ ਦੌਰੇ ਦੇ ਮੱਦੇਨਜ਼ਰ ਸੁਰੱਖਿਆ ਪ੍ਰਬੰਧਾਂ, ਆਵਾਜਾਈ, ਰੂਟਾਂ ਅਤੇ ਹੋਰ ਪ੍ਰੋਟੋਕੋਲ ਨਾਲ ਸਬੰਧਤ ਤਿਆਰੀਆਂ ਦੀ ਸਮੀਖਿਆ ਕੀਤੀ ਜਾ ਰਹੀ ਹੈ। ਪ੍ਰਸ਼ਾਸਨ ਨੇ ਸਬੰਧਤ ਵਿਭਾਗਾਂ ਨੂੰ ਦੌਰੇ ਨਾਲ ਜੁੜੇ ਰਸਤਿਆਂ ਦਾ ਨਿਰੀਖਣ ਕਰਨ ਅਤੇ ਲੋੜੀਂਦੇ ਪ੍ਰਬੰਧ ਪਹਿਲਾਂ ਹੀ ਮੁਕੰਮਲ ਕਰਨ ਲਈ ਕਿਹਾ ਹੈ।



ਨੈਣਾ ਦੇਵੀ ਮੰਦਰ ਦੇ ਦਰਸ਼ਨ ਦੀ ਵੀ ਤਿਆਰੀ : ਰਾਸ਼ਟਰਪਤੀ ਦੇ ਬਿਲਾਸਪੁਰ ਦੌਰੇ ਦੌਰਾਨ ਸ੍ਰੀ ਨੈਣਾ ਦੇਵੀ ਮੰਦਰ ਵਿਖੇ ਦਰਸ਼ਨਾਂ ਨੂੰ ਲੈ ਕੇ ਵੀ ਪ੍ਰਸ਼ਾਸਨ ਵੱਲੋਂ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ। ਮੰਦਰ ਅਤੇ ਇਸ ਦੇ ਆਲੇ-ਦੁਆਲੇ ਸੁਰੱਖਿਆ, ਆਵਾਜਾਈ ਅਤੇ ਹੋਰ ਪ੍ਰਬੰਧਾਂ ਨੂੰ ਨਿਰਧਾਰਤ ਸਮੇਂ ਅੰਦਰ ਪੂਰਾ ਕਰਨ ਲਈ ਅਧਿਕਾਰੀਆਂ ਨੂੰ ਹਦਾਇਤਾਂ ਦਿੱਤੀਆਂ ਗਈਆਂ ਹਨ।

AIIMS ਬਿਲਾਸਪੁਰ ਦਾ ਪਹਿਲਾ ਦੀਕਸ਼ਾਂਤ ਸਮਾਰੋਹ : AIIMS ਬਿਲਾਸਪੁਰ ਦੇ ਅਧਿਕਾਰਤ ਰਿਕਾਰਡ ਮੁਤਾਬਕ ਸੰਸਥਾ ਵੱਲੋਂ 19 ਸਤੰਬਰ ਨੂੰ ਪਹਿਲੇ ਦੀਕਸ਼ਾਂਤ ਸਮਾਰੋਹ ਲਈ ਯੋਗ ਗ੍ਰੈਜੂਏਟਾਂ ਨੂੰ ਸੱਦਾ ਜਾਰੀ ਕੀਤਾ ਗਿਆ ਹੈ। ਇਹ ਸਮਾਰੋਹ ਸੰਸਥਾ ਲਈ ਮਹੱਤਵਪੂਰਨ ਮੌਕਾ ਹੈ ਅਤੇ ਇਸ ਵਿੱਚ AIIMS ਦੇ ਪਹਿਲੇ MBBS ਬੈਚ ਦੇ ਵਿਦਿਆਰਥੀਆਂ ਦੀਆਂ ਅਕਾਦਮਿਕ ਪ੍ਰਾਪਤੀਆਂ ਨੂੰ ਮਾਨਤਾ ਦਿੱਤੀ ਜਾਣੀ ਹੈ। ਰਾਸ਼ਟਰਪਤੀ ਦੇ ਦੌਰੇ ਨੂੰ ਲੈ ਕੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਤਿਆਰੀਆਂ ਦੀ ਲਗਾਤਾਰ ਨਿਗਰਾਨੀ ਕੀਤੀ ਜਾ ਰਹੀ ਹੈ। ਸੁਰੱਖਿਆ, ਪ੍ਰੋਟੋਕੋਲ ਅਤੇ ਹੋਰ ਪ੍ਰਬੰਧਾਂ ਨੂੰ ਸਮੇਂ ਸਿਰ ਪੂਰਾ ਕਰਨ ਲਈ ਸਾਰੇ ਸਬੰਧਤ ਵਿਭਾਗਾਂ ਨੂੰ ਤਾਲਮੇਲ ਨਾਲ ਕੰਮ ਕਰਨ ਲਈ ਕਿਹਾ ਗਿਆ ਹੈ।

## ਆਪ ਪੰਜਾਬ ਵੱਲੋਂ ਮਹਿਲਾ ਅਤੇ ਯੂਥ ਵਿੰਗਾਂ ਵਿੱਚ 158 ਅਹੁਦੇਦਾਰ ਨਿਯੁਕਤ

ਚੰਡੀਗੜ੍ਹ, 23 ਸਤੰਬਰ (ਗੁਰਮੀਤ ਸਿੰਘ ਤੁੰਗ) : ਆਮ ਆਦਮੀ ਪਾਰਟੀ ਪੰਜਾਬ ਨੇ ਆਪਣੇ ਸੰਗਠਨ ਨੂੰ ਲੈ ਕੇ ਮਹਿਲਾ ਵਿੰਗ ਅਤੇ ਯੂਥ ਵਿੰਗ ਵਿੱਚ ਕੁੱਲ 158 ਅਹੁਦੇਦਾਰਾਂ ਦੀ ਨਿਯੁਕਤੀ ਦਾ ਐਲਾਨ ਕੀਤਾ ਹੈ। ਇਹ ਜਾਣਕਾਰੀ 23 ਸਤੰਬਰ ਨੂੰ ਜਾਰੀ ਕੀਤੀ ਗਈ। ਜਾਰੀ ਕੀਤੀ ਗਈ ਸੂਚੀ ਵਿੱਚ ਵੱਖ-ਵੱਖ ਜ਼ਿੰਮੇਵਾਰੀਆਂ ਲਈ ਅਹੁਦੇਦਾਰਾਂ ਦੇ ਨਾਮ ਸ਼ਾਮਲ ਹਨ। ਇਸ ਤੋਂ ਇਲਾਵਾ ਅਬੋਹਰ ਅਤੇ ਬਲਵਾਨਾ ਵਿਧਾਨ ਸਭਾ ਹਲਕਿਆਂ ਲਈ ਕਾਂਸਟੀਚੂਐਂਸੀ ਇੰਚਾਰਜ ਵੀ ਨਿਯੁਕਤ ਕੀਤੇ ਗਏ ਹਨ। ਪਾਰਟੀ ਵੱਲੋਂ ਨਿਯੁਕਤ ਕੀਤੇ ਗਏ 158 ਅਹੁਦੇਦਾਰਾਂ ਦੀ ਪੂਰੀ ਸੂਚੀ ਵੀ ਜਾਰੀ ਕੀਤੀ ਗਈ ਹੈ।

# ਪੰਜਾਬ ਸਰਕਾਰ ਦੇ ਲੋਕ ਪੱਖੀ ਫੈਸਲਿਆਂ ਤੇ ਸਕੀਮਾਂ ਦਾ ਲਾਭ ਸਮਾਜ ਦੇ ਹਰ ਵਰਗ ਤੱਕ ਪਹੁੰਚ ਰਿਹੈ : ਇੰਦਰਜੀਤ ਕੌਰ ਮਾਨ

**ਕਰਤਾਰਪੁਰ (ਜਲੰਧਰ), 23 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

'ਮਾਨ ਦੇ ਮੁਨਾਫ਼ੇ' ਮੁਹਿੰਮ ਤਹਿਤ ਹਲਕਾ ਵਿਧਾਇਕਾ ਇੰਦਰਜੀਤ ਕੌਰ ਮਾਨ ਵੱਲੋਂ ਨਕੋਦਰ ਵਿਖੇ ਡੋਰ-ਟੂ-ਡੋਰ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ, ਜਿਸ ਤਹਿਤ ਉਨ੍ਹਾਂ ਲੋਕਾਂ ਨਾਲ ਘਰ-ਘਰ ਜਾ ਕੇ ਮੁਲਾਕਾਤ ਕਰਦਿਆਂ ਪੰਜਾਬ ਸਰਕਾਰ ਵੱਲੋਂ ਆਪਣੇ ਸਾਢੇ ਚਾਰ ਸਾਲ ਦੇ ਕਾਰਜਕਾਲ ਦੌਰਾਨ ਲੋਕਾਂ ਦੀ ਭਲਾਈ ਲਈ ਕੀਤੇ ਗਏ ਕੰਮਾਂ ਅਤੇ ਯੋਜਨਾਵਾਂ ਤੋਂ ਜਾਣੂ ਕਰਵਾਇਆ।



ਵਿਧਾਇਕਾ ਇੰਦਰਜੀਤ ਕੌਰ ਮਾਨ ਨੇ ਕਿਹਾ ਕਿ ਮੁੱਖ ਮੰਤਰੀ ਸ੍. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਕੀਤੇ ਲੋਕ ਪੱਖੀ ਫੈਸਲਿਆਂ ਅਤੇ ਸਕੀਮਾਂ ਦਾ ਲਾਭ ਸਮਾਜ ਦੇ ਹਰ ਵਰਗ ਤੱਕ ਪਹੁੰਚ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਲੋਕ ਭਲਾਈ ਪਹਿਲਕਦਮੀਆਂ ਨੇ ਜ਼ਰੂਰੀ ਸੇਵਾਵਾਂ 'ਤੇ ਪਰਿਵਾਰਾਂ ਦੇ ਵਿੱਤੀ ਬੋਝ ਨੂੰ ਘਟਾਇਆ ਹੈ। ਮੁਫ਼ਤ ਬਿਜਲੀ, ਸਿਹਤ ਸੇਵਾਵਾਂ, ਸਿੱਖਿਆ ਅਤੇ 'ਮਾਵਾਂ-ਧੀਆਂ ਸਤਿਕਾਰ ਯੋਜਨਾ' ਸਦਕਾ ਲੋਕਾਂ ਦੀ ਮਿਹਨਤ ਦੀ ਕਮਾਈ ਦੀ ਬੱਚਤ ਹੋ ਰਹੀ ਹੈ।

ਜਨ ਸੰਪਰਕ ਮੁਹਿੰਮ ਦੌਰਾਨ ਲੋਕਾਂ ਨਾਲ ਸੰਵਾਦ ਕਰਦਿਆਂ ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ 10 ਲੱਖ ਰੁਪਏ ਤੱਕ ਦੇ ਕੈਸ਼ਲੈਸ ਇਲਾਜ ਦੀ ਸਹੂਲਤ ਦਿੱਤੀ ਜਾ ਰਹੀ ਹੈ। ਕਿਸਾਨਾਂ ਨੂੰ ਦਿਨ ਵੇਲੇ ਨਿਰਵਿਘਨ ਬਿਜਲੀ ਸਪਲਾਈ ਤੇ ਘਰੇਲੂ ਖਪਤਕਾਰਾਂ ਨੂੰ 300 ਯੂਨਿਟ ਮੁਫ਼ਤ ਬਿਜਲੀ, ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਅਨੁਸੂਚਿਤ ਜਾਤੀ ਦੀਆਂ ਮਹਿਲਾਵਾਂ ਨੂੰ 1500 ਰੁਪਏ ਅਤੇ ਜਨਰਲ ਵਰਗ ਦੀਆਂ ਮਹਿਲਾਵਾਂ ਨੂੰ 1000 ਰੁਪਏ ਪ੍ਰਤੀ ਮਹੀਨਾ ਦੀ ਆਰਥਿਕ ਸਹਾਇਤਾ, ਲੋੜਵੰਦ ਪਰਿਵਾਰਾਂ ਨੂੰ ਮੁਫ਼ਤ ਰਾਸ਼ਨ ਕਿੱਟਾਂ, ਮੁਫ਼ਤ ਤੀਰਥ ਯਾਤਰਾ, ਮਹਿਲਾਵਾਂ ਨੂੰ ਮੁਫ਼ਤ ਬੱਸ ਸਫ਼ਰ, ਸਰਕਾਰੀ ਸਕੂਲਾਂ ਵਿੱਚ ਬਿਹਤਰ ਸਿੱਖਿਆ ਸਹੂਲਤਾਂ ਸਮੇਤ ਕਈ ਲੋਕ ਪੱਖੀ ਪਹਿਲਕਦਮੀਆਂ ਕੀਤੀਆਂ ਗਈਆਂ ਹਨ।

ਵਿਧਾਇਕਾ ਨੇ ਕਿਹਾ ਕਿ ਪੰਜਾਬ ਸਰਕਾਰ ਦੀਆਂ ਵੱਖ-ਵੱਖ ਯੋਜਨਾਵਾਂ ਸਦਕਾ ਇੱਕ ਆਮ ਪਰਿਵਾਰ ਨੂੰ ਸਾਲਾਨਾ ਕਰੀਬ 1.82 ਲੱਖ ਰੁਪਏ ਦੇ ਲਾਭ ਮਿਲ ਰਹੇ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ੍. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਤੇਜ਼ੀ ਨਾਲ ਤਰੱਕੀ ਦੇ ਰਾਹ ' ?ਤੇ ਅੱਗੇ ਵਧ ਰਿਹਾ ਹੈ ਅਤੇ ਵਿਕਾਸ ਦੀ ਇਹ ਰਫ਼ਤਾਰ ਅੱਗੇ ਵੀ ਜਾਰੀ ਰਹੇਗੀ।




# ਸਰਕਾਰ ਨੇ ਬਿਨਾਂ ਭੇਦਭਾਵ ਲੋਕਾਂ ਤੱਕ ਸਰਕਾਰੀ ਸਕੀਮਾਂ ਦਾ ਲਾਭ ਪਹੁੰਚਾਇਆ: ਗੁਰਲਾਲ ਘਨੌਰ



**ਘਨੌਰ, 23 ਸਤੰਬਰ**
**-ਜੀ. ਐਸ. ਤੁੰਗ-**

ਮੁੱਖ ਮੰਤਰੀ ਪੰਜਾਬ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਵੱਲੋਂ 20 ਸਤੰਬਰ ਤੋਂ ਸ਼ੁਰੂ ਕੀਤੀ ਗਈ 'ਮਾਨ ਦੇ ਮੁਨਾਫ਼ੇ' ਡੋਰ-ਟੂ-ਡੋਰ ਮੁਹਿੰਮ ਤਹਿਤ ਹਲਕਾ ਘਨੌਰ ਦੇ ਵਿਧਾਇਕ ਗੁਰਲਾਲ ਘਨੌਰ ਵੱਲੋਂ ਪਿੰਡ ਚੱਪੜ ਵਿਖੇ ਘਰ-ਘਰ ਜਾ ਕੇ ਲੋਕਾਂ ਨਾਲ ਮੁਲਾਕਾਤ ਕੀਤੀ ਗਈ। ਇਸ ਦੌਰਾਨ ਉਨ੍ਹਾਂ ਲੋਕਾਂ ਨੂੰ ਪੰਜਾਬ ਸਰਕਾਰ ਵੱਲੋਂ ਪਿਛਲੇ ਸਾਢੇ ਚਾਰ ਸਾਲਾਂ ਦੌਰਾਨ ਕੀਤੇ ਗਏ ਕੰਮਾਂ ਅਤੇ ਵੱਖ-ਵੱਖ ਲੋਕ ਭਲਾਈ ਸਕੀਮਾਂ ਬਾਰੇ ਜਾਣਕਾਰੀ ਦਿੱਤੀ।

ਇਸ ਮੌਕੇ ਵਿਧਾਇਕ ਗੁਰਲਾਲ ਘਨੌਰ ਨੇ ਕਿਹਾ ਕਿ 'ਮਾਨ ਦੇ ਮੁਨਾਫ਼ੇ' ਮੁਹਿੰਮ ਦਾ ਮਕਸਦ ਸਰਕਾਰ ਦੀਆਂ ਯੋਜਨਾਵਾਂ ਅਤੇ ਉਨ੍ਹਾਂ ਰਾਹੀਂ ਆਮ ਪਰਿਵਾਰਾਂ ਨੂੰ ਮਿਲ ਰਹੇ ਲਾਭਾਂ ਦੀ ਜਾਣਕਾਰੀ ਸਿੱਧੇ ਲੋਕਾਂ ਤੱਕ ਪਹੁੰਚਾਉਣਾ ਹੈ।

ਉਨ੍ਹਾਂ ਕਿਹਾ ਕਿ ਪਾਰਟੀ ਦੇ ਬੂਥ ਪੱਧਰੀ ਵਰਕਰ ਅਤੇ ਵਲੰਟੀਅਰ ਘਰ-ਘਰ ਜਾ ਕੇ ਲੋਕਾਂ ਨਾਲ ਸਿੱਧਾ ਸੰਪਰਕ ਕਰਨਗੇ।

ਵਿਧਾਇਕ ਨੇ ਕਿਹਾ ਕਿ 'ਮਾਨ ਦੇ ਮੁਨਾਫ਼ੇ' ਮੁਹਿੰਮ ਦੌਰਾਨ ਲੋਕਾਂ ਨੂੰ ਸਰਕਾਰ ਦੀਆਂ ਵੱਖ-ਵੱਖ ਸਕੀਮਾਂ ਅਤੇ ਸਹੂਲਤਾਂ ਬਾਰੇ ਜਾਣੂ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਅਨੁਸਾਰ ਮੁਫ਼ਤ ਘਰੇਲੂ ਬਿਜਲੀ, ਸਿਹਤ ਸੇਵਾਵਾਂ, ਮੁੱਖ ਮੰਤਰੀ ਸਿਹਤ ਯੋਜਨਾ, ਰਾਸ਼ਨ ਸਹੂਲਤਾਂ, ਨਹਿਰੀ ਪਾਣੀ, ਕਿਸਾਨਾਂ ਲਈ ਬਿਜਲੀ ਸਪਲਾਈ, ਰੁਜ਼ਗਾਰ ਦੇ ਮੌਕੇ ਅਤੇ ਹੋਰ ਲੋਕ-ਭਲਾਈ ਦੇ ਉਪਰਾਲਿਆਂ ਨਾਲ ਲੋਕਾਂ ਨੂੰ ਵੱਖ-ਵੱਖ ਤਰੀਕਿਆਂ ਨਾਲ ਲਾਭ ਮਿਲ ਰਿਹਾ ਹੈ। ਪੰਜਾਬ ਵਿੱਚ ਸ਼ੁਰੂ ਕੀਤੀ ਗਈ ਇਸ ਮੁਹਿੰਮ ਤਹਿਤ ਆਮ ਪਰਿਵਾਰ ਨੂੰ ਵੱਖ-ਵੱਖ ਸਕੀਮਾਂ ਰਾਹੀਂ ਸਾਲਾਨਾ ਕਰੀਬ 1.82 ਲੱਖ ਰੁਪਏ ਦੇ ਲਾਭ ਦਾ ਅੰਕੜਾ ਸਰਕਾਰ ਅਤੇ ਪਾਰਟੀ ਵੱਲੋਂ ਪੇਸ਼ ਕੀਤਾ ਜਾ ਰਿਹਾ ਹੈ।

ਗੁਰਲਾਲ ਘਨੌਰ ਨੇ ਕਿਹਾ ਕਿ ਸਰਕਾਰੀ ਯੋਜਨਾਵਾਂ ਦਾ ਲਾਭ ਯੋਗਤਾ ਦੇ ਆਧਾਰ 'ਤੇ ਲੋਕਾਂ ਤੱਕ ਪਹੁੰਚਾਉਣਾ ਸਰਕਾਰ ਦੀ ਜ਼ਿੰਮੇਵਾਰੀ ਹੈ। ਉਨ੍ਹਾਂ ਦਾਅਵਾ ਕੀਤਾ ਕਿ ਮਾਨ ਸਰਕਾਰ ਵੱਲੋਂ ਵੱਖ-ਵੱਖ ਵਰਗਾਂ ਲਈ ਚਲਾਈਆਂ ਜਾ ਰਹੀਆਂ ਸਹੂਲਤਾਂ ਦਾ ਲਾਭ ਲੋਕਾਂ ਤੱਕ ਬਿਨਾਂ ਭੇਦਭਾਵ ਪਹੁੰਚਾਇਆ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਡੋਰ-ਟੂ-ਡੋਰ ਮੁਹਿੰਮ ਰਾਹੀਂ ਲੋਕਾਂ ਨਾਲ ਸਿੱਧੀ ਗੱਲਬਾਤ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਅਤੇ ਸਰਕਾਰੀ ਸਹੂਲਤਾਂ ਸਬੰਧੀ ਜਾਣਕਾਰੀ ਵੀ ਲਈ ਜਾ ਰਹੀ ਹੈ।

ਉਨ੍ਹਾਂ ਕਿਹਾ ਕਿ ਪਿਛਲੇ ਸਾਢੇ ਚਾਰ ਸਾਲਾਂ ਦੌਰਾਨ ਸਿਹਤ, ਸਿੱਖਿਆ, ਬਿਜਲੀ, ਖੇਤੀਬਾੜੀ ਅਤੇ ਲੋਕ ਭਲਾਈ ਦੇ ਖੇਤਰਾਂ ਵਿੱਚ ਸਰਕਾਰ ਵੱਲੋਂ ਕੀਤੇ ਗਏ ਕੰਮਾਂ ਦੀ ਜਾਣਕਾਰੀ ਲੋਕਾਂ ਤੱਕ ਪਹੁੰਚਾਉਣਾ ਇਸ ਮੁਹਿੰਮ ਦਾ ਅਹਿਮ ਹਿੱਸਾ ਹੈ। ਉਨ੍ਹਾਂ ਮੁਤਾਬਕ ਮੁਹਿੰਮ ਦੌਰਾਨ ਲੋਕਾਂ ਨੂੰ ਇਹ ਵੀ ਦੱਸਿਆ ਜਾ ਰਿਹਾ ਹੈ ਕਿ ਸਰਕਾਰੀ ਸਕੀਮਾਂ ਦਾ ਲਾਭ ਲੈਣ ਲਈ ਕਿਹੜੀਆਂ ਸਹੂਲਤਾਂ ਉਪਲਬਧ ਹਨ।

ਵਿਧਾਇਕ ਗੁਰਲਾਲ ਘਨੌਰ ਨੇ ਕਿਹਾ ਕਿ ਲੋਕਾਂ ਨਾਲ ਸਿੱਧਾ ਸੰਪਰਕ ਲੋਕਤੰਤਰ ਦੀ ਮਜ਼ਬੂਤੀ ਲਈ ਮਹੱਤਵਪੂਰਨ ਹੈ। ਉਨ੍ਹਾਂ ਕਿਹਾ ਕਿ 'ਮਾਨ ਦੇ ਮੁਨਾਫ਼ੇ' ਮੁਹਿੰਮ ਰਾਹੀਂ ਸਰਕਾਰ ਦੇ ਕੰਮਾਂ ਦਾ ਰਿਪੋਰਟ ਕਾਰਡ ਘਰ-ਘਰ ਪਹੁੰਚਾਇਆ ਜਾ ਰਿਹਾ ਹੈ ਅਤੇ ਲੋਕਾਂ ਨਾਲ ਸਰਕਾਰ ਦੀਆਂ ਨੀਤੀਆਂ ਤੇ ਯੋਜਨਾਵਾਂ ਬਾਰੇ ਵਿਚਾਰ-ਵਟਾਂਦਰਾ ਕੀਤਾ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਆਮ ਲੋਕਾਂ ਤੱਕ ਸਰਕਾਰੀ ਸਕੀਮਾਂ ਦੀ ਜਾਣਕਾਰੀ ਪਹੁੰਚਾਉਣ ਅਤੇ ਉਨ੍ਹਾਂ ਨੂੰ ਉਪਲਬਧ ਸਹੂਲਤਾਂ ਬਾਰੇ ਜਾਗਰੂਕ ਕਰਨ ਲਈ ਇਹ ਮੁਹਿੰਮ ਅੱਗੇ ਵੀ ਜਾਰੀ ਰਹੇਗੀ।

ਵਿਧਾਇਕ ਗੁਰਲਾਲ ਘਨੌਰ ਨੇ ਕਿਹਾ ਕਿ ਅੱਜ ਮਾਨ ਸਰਕਾਰ ਦੀ ਮਾਨ ਦੇ ਮੁਨਾਫ਼ੇ ਮੁਹਿੰਮ ਦਾ ਮੁੱਖ ਮਕਸਦ ਲੋਕਾਂ ਨੂੰ ਜਾਗਰੂਕ ਕਰਨ ਕਿ ਰਵਾਇਤੀ ਪਾਰਟੀਆਂ 70 ਸਾਲ ਅਤੇ ਮਾਨ ਸਰਕਾਰ ਦੇ ਸਾਢੇ ਚਾਰ ਦੇ ਅਰਸੇ ਵਿਚ ਲੋਕਾਂ ਨੂੰ ਵੱਧ ਸਹੂਲਤਾਂ ਦੇਣ ਵਿਚ ਵੱਡਾ ਅੰਤਰ ਹੈ ਜਿਸ ਕਰਕੇ ਆਮ ਜਨਤਾ 2027 ਵਿਚ ਦੁਬਾਰਾ ਮਾਨ ਸਰਕਾਰ ਤੇ ਸੁਤੰਸਟੀ ਪ੍ਰਗਟਾ ਰਹੀ ਹੈ ਇਸ ਮੌਕੇ ਵੱਡੀ ਗਿਣਤੀ ਵਿਚ ਪਿੰਡ ਵਾਸੀ ਪੰਚ ਸਰਪੰਚ ਅਤੇ ਪਾਰਟੀ ਅਹੁਦੇਦਾਰ ਮੌਜੂਦ ਸਨ।



# ਪੋਲੀਟਿਕਸ



## 25 ਪਿੰਡਾਂ ਦੀ ਸੰਗਤ ਨੇ ਥਾਪਰ ਯੂਨੀਵਰਸਿਟੀ, ਪਟਿਆਲਾ ਦੇ ਅੰਦਰ 200 ਤੋਂ ਵੱਧ ਪੁਰਾਣੇ ਆਸਥਾ ਦੇ ਡੇਰੇ ਨੂੰ ਹਟਾਉਣ ਦਾ ਕੀਤਾ ਵਿਰੋਧ



**ਪਟਿਆਲਾ, 22 ਸਤੰਬਰ**
**-ਜੀ. ਐਸ. ਤੁੰਗ-**

: ਬਾਬਾ ਸ੍ਰੀ ਚੰਦ ਜੀ ਮਹਾਰਾਜ ਜੀ ਦੇ ਜਨਮਦਿਹਾੜੇ ਮੌਕੇ ਡੇਰਾ ਗੁੱਗਾ ਮਾੜੀ ਥਾਪਰ ਕਾਲਜ ਪਹੁੰਚੀ ਵੱਡੀ ਗਿਣਤੀ ਵਿੱਚ ਦੈਨਿਕ ਜਾਗਰਣ ਦੀ ਅਖ਼ਬਾਰ ਵਿੱਚ ਛਾਪੀ ਖ਼ਬਰ ਜਿਸ ਵਿੱਚ ਇਸ ਪੁਰਾਤਨ ਨੂੰ ਹਟਾਏ ਜਾਣ ਦਾ ਜ਼ਿਕਰ ਹੈ ਉਤੇ ਭਾਰੀ ਰੋਸ ਜਤਾਇਆ ਸੰਗਤ ਨੇ ਦੱਸਿਆ ਕਿ ਉਨ੍ਹਾਂ ਦੇ ਬਜ਼ੁਰਗ ਪਿਛਲੀਆਂ ਤਿੰਨ ਪੀੜ੍ਹੀਆਂ ਤੋਂ ਇਸ ਡੇਰੇ ਦੇ ਦਰਸ਼ਨ ਕਰਦੇ ਆ ਰਹੇ ਹਨ। ਬਾਬਾ ਸ਼੍ਰੀ ਚੰਦ ਜੀ ਮਹਾਰਾਜ ਜੀ ਦਾ ਧੂਣਾ, ਗੁਰਦੁਆਰਾ ਸਾਹਿਬ, ਸ਼ਿਵ ਮੰਦਰ ਅਤੇ ਗੁੱਗਾ ਬਹੁਤ ਮਾੜੀ, ਵਿੱਚ ਇਸ ਅਸਥਾਨ ਨਾਲ ਲਗਦੇ 25 ਪਿੰਡਾਂ ਦੀ ਗੂੜੀ ਆਸਥਾ ਹੈ। ਪਟਿਆਲਾ ਨਗਰ ਨਿਗਮ ਅਤੇ ਥਾਪਰ ਯੂਨੀਵਰਸਿਟੀ ਪ੍ਰਸ਼ਾਸਨ ਇਸ ਜਗ੍ਹਾ ਨੂੰ ਹਟਾਉਣਾ ਚਾਹੁੰਦੇ ਹਨ, ਅਸੀਂ ਇਸ ਦਾ ਸਖ਼ਤ ਵਿਰੁੱਧ ਕਰਦੇ ਹਾਂ।

ਡੇਰੇ ਦੇ ਗੱਦੀਨਸ਼ੀਨ ਮਹੰਤ ਰਾਮ ਦਾਸ ਚੇਲਾ ਸ੍ਰੀ ਮਹੰਤ ਧਿਆਨ ਦਾਸ ਨੇ ਕਿਹਾ ਕਿ ਉਨ੍ਹਾਂ ਦੇ ਗੁਰੂਆਂ ਦੀਆਂ ਚਾਰ ਪੀੜ੍ਹੀਆਂ ਇਸ ਡੇਰੇ ਦੀ ਸੇਵਾ ਕਰਦਿਆਂ ਆ ਰਹੀਆਂ ਹਨ। ਹੁਣ ਮੈਂ ਇਹ ਪਾਵਨ - ਪਵਿੱਤਰ ਡੇਰੇ ਦਾ ਗੱਦੀ ਨਸ਼ੀਨ ਮਹੰਤ ਹਾਂ। ਇਸ ਅਸਥਾਨ ਸੰਬੰਧੀ ਪਟਿਆਲਾ ਕੋਰਟ ਅਤੇ ਅਤੇ ਜਲੰਧਰ ਵਿਚ ਡਾਇਰੈਕਟਰ ਲੈਂਡ ਰਿਕਾਰਡ ਕੋਲ ਸੈਕਸ਼ਨ 42 ਤਹਿਤ ਕੇਸ ਵਿਚਾਰ ਅਧੀਨ ਹੈ. ਸਿਹਤ ਮੰਤਰੀ, ਮੇਅਰ ਪਟਿਆਲਾ ਸਮੇਤ ਉੱਚ ਅਧਿਕਾਰੀ ਇਸ ਕਾਰਵਾਈ ਸਬੰਧੀ ਚੰਗੀ ਤਰ੍ਹਾਂ ਜਾਣੂ ਹਨ ,ਇਹ ਸਬ ਕਾਰਵਾਈ ਅਹੁਦਿਆਂ ਨੂੰ ਤਾਕ ਤੇ ਰੱਖ ਕੇ ਲਾਲਚ ਵੱਸ ਹੋ ਰਹੀਆਂ ਹਨ . 200 ਸਾਲਾਂ ਤੋਂ ਵੀ ਵੱਧ ਸਮੇਂ ਤੋਂ , 25 ਪਿੰਡਾਂ ਅਤੇ ਦੂਰ ਦੁਰਾਡੇ ਤੋਂ ਹਰ ਧਰਮ ਦੇ ਲੋਕ ਇਸ ਪਵਿੱਤਰ ਅਸਥਾਨ ਤੋਂ ਨੱਤ ਮਸਤਕ ਹੋਣ ਲਈ ਆ ਰਹੇ ਹਨ ਅਤੇ ਮੁਰਾਦਾਂ ਨਾਲ ਝੋਲਿਆਂ ਭਰ ਕੇ ਜਾਂਦੇ ਹਨ।

ਅੱਗੇ ਜਾਣਕਾਰੀ ਦਿੰਦਿਆਂ ਉਨ੍ਹਾਂ ਨੇ ਪਟਿਆਲਾ ਪ੍ਰਸ਼ਾਸਨ ਅਤੇ ਥਾਪਰ ਯੂਨੀਵਰਸਿਟੀ ਪ੍ਰਸ਼ਾਸਨ ਜਾਂ ਕੋਈ ਵੀ ਜੇਕਰ ਡੇਰੇ ਦੀ ਇਕ ਇਟ ਨੂੰ ਹਟਾਏ ਗਾ ਤਾਂ ਵੱਡੇ ਪੱਧਰ ਤੇ ਕਾਰਵਾਈ ਕੀਤੀ ਜਾਵੇਗੀ, ਸੰਗਤ ਹਰ ਪਰਿਸਥਿਤੀ ਨੂੰ ਨਜਿੱਠਣ ਲਈ ਤਿਆਰ ਹੈ ਇਸ ਲਈ ਇਸ ਜਗ੍ਹਾ ਨੂੰ ਨਾ ਹਟਾਇਆ ਜਾਵੇ, ਕਿਉਂਕਿ ਇਹ ਇੱਕ ਇਤਿਹਾਸਕ ਅਤੇ 25 ਪਿੰਡਾਂ ਦੀ ਆਸਥਾ ਦਾ ਕੇਂਦਰ ਹੈ ਅਤੇ ਇਸ ਅਸਥਾਨ ਤੇ ਸਾਡੇ ਪੁਰਖਿਆਂ ਦੀਆਂ ਸਮਾਧੀਆਂ ਵੀ ਸੋਭਨੀਕ ਹਨ।

ਇੱਕ ਬਜ਼ੁਰਗ ਸ਼ਰਧਾਲੂ ਨੇ ਗੱਲ ਬਾਤ ਦੌਰਾਨ ਧਾਰਮਿਕ ਅਸਥਾਨ ਨੂੰ ਹਟਾਏ ਜਾਣ ਸਬੰਧੀ ਰੋਸ ਜਤਾਉਂਦੇ ਕਿਹਾ, ਮੈਂ ਖੁਦ ਇੱਥੇ 68 ਸਾਲਾਂ ਤੋਂ ਆ ਰਿਹਾ ਹਾਂ, ਬਾਬਾ ਜੀ ਦੀਆਂ ਤਿੰਨ ਪੀੜ੍ਹੀਆਂ ਤੋਂ ਜਾਣੂ ਹਾਂ, ਇਸ ਪਵਿੱਤਰ ਅਸਥਾਨ ਤੇ ਵੱਡੀ ਗਿਣਤੀ ਵਿੱਚ ਸ਼ਰਧਾਲੂ ਇੱਥੇ ਮੱਥਾ ਟੇਕਣ ਲਈ ਆਉਂਦੇ ਹਨ। ਸ਼ਰਧਾਲੂ ਨੇ ਅੱਗੇ ਦੱਸਿਆ ਕਿ ,ਜਿੱਥੇ ਵੀ ਕੋਈ ਧਾਰਮਿਕ ਲੋੜ ਪੈਂਦੀ ਹੈ, ਲੋਕ ਆਪਣੀ ਜ਼ਮੀਨ ਅਤੇ ਜਾਇਦਾਦ ਦਾਨ ਕਰਦੇ ਹਨ, ਪਰ ਇੱਥੇ, ਪੰਜਾਬ ਸਰਕਾਰ ਦੇ ਅਹੁਦੇਦਾਰਾਂ ਨੂੰ ਅਜਿਹੀਆਂ ਕਾਰਵਾਈਆਂ ਤੋਂ ਗੁਰੇਜ਼ ਕਰਨਾ ਚਾਹੀਦਾ ਹੈ . ਇਸ ਮੁੱਦੇ ਸਬੰਧੀ ਪੰਜਾਬ ਦੇ ਸਿਹਤ ਮੰਤਰੀ ਡਾ . ਬਲਬੀਰ ਸਿੰਘ ਨੇ ਕਿਹਾ ਕਿ ਇਹ ਜਗ੍ਹਾ ਮਿਊਨਿਸਿਪਲ ਕਾਰਪੋਰੇਸ਼ਨ ਦੀ ਹੈ। ਆਪਾਂ ਦੇਖ ਲੈਨੇ ਆਂ .

## ਮਾਨ ਦੇ ਮੁਨਾਫੇ' ਮੁਹਿੰਮ ਤਹਿਤ ਵਿਧਾਇਕ ਗੈਰੀ ਬੜਿੰਗ ਵੱਲੋਂ ਮੰਡੀ ਗੋਬਿੰਦਗੜ੍ਹ ਵਿੱਚ 'ਡੋਰ ਟੂ ਡੋਰ' ਮੁਹਿੰਮ ਦੀ ਸ਼ੁਰੂਆਤ



**ਫ਼ਤਹਿਗੜ੍ਹ ਸਾਹਿਬ, 4 ਸਤੰਬਰ**
**-ਜੀ. ਐਸ. ਤੁੰਗ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮੁੱਖ ਮੰਤਰੀ ਸ੍. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਆਪਣੇ ਕਾਰਜਕਾਲ ਦੌਰਾਨ ਕੀਤੇ ਗਏ ਵਿਕਾਸ ਕਾਰਜਾਂ ਅਤੇ ਲੋਕ-ਪੱਖੀ ਉਪਰਾਲਿਆਂ ਬਾਰੇ ਲੋਕਾਂ ਨੂੰ ਜਾਣੂ ਕਰਵਾਉਣ ਲਈ 'ਮਾਨ ਦੇ ਮੁਨਾਫੇ' ਮੁਹਿੰਮ ਤਹਿਤ ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਵੱਲੋਂ ਮੰਡੀ ਗੋਬਿੰਦਗੜ੍ਹ ਦੇ ਵਾਰਡ ਨੰਬਰ 14 ਪੱਕਾ ਪੁਲ ਸ਼ਾਂਤੀ ਨਗਰ ਵਿੱਚ 'ਡੋਰ ਟੂ ਡੋਰ' ਮੁਹਿੰਮ ਦੀ ਸ਼ੁਰੂਆਤ ਕੀਤੀ ਗਈ। ਇਸ ਮੌਕੇ ਵਿਧਾਇਕ ਨੇ ਕਿਹਾ ਕਿ ਇਸ ਜਨ ਸੰਪਰਕ ਪ੍ਰੋਗਰਾਮ ਤਹਿਤ ਇਲਾਕੇ ਵਿੱਚ ਘਰ-ਘਰ ਜਾ ਕੇ ਪੈਂਫਲੈਂਟ ਵੰਡਦਿਆਂ ਸਰਕਾਰ ਦੇ ਪਿਛਲੇ ਸਾਢੇ ਚਾਰ ਸਾਲ ਦੌਰਾਨ ਕੀਤੇ ਕੰਮਾਂ ਨੂੰ ਸਿੱਧਾ ਲੋਕਾਂ ਤੱਕ ਪਹੁੰਚਾਏਗੀ ਅਤੇ ਉਨ੍ਹਾਂ ਨੂੰ ਪੰਜਾਬ ਦੀ ਭਲਾਈ ਤੇ ਵਿਕਾਸ ਲਈ ਚੁੱਕੇ ਗਏ ਕਦਮਾਂ ਬਾਰੇ ਜਾਣੂ ਕਰਵਾਏਗੀ।

ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਨੇ ਕਿਹਾ ਕਿ ਮਾਨ ਦੇ ਮੁਨਾਫ਼ਿਆਂ' ਨੇ ਪੰਜਾਬ ਵਾਸੀ ਹਰ ਪੱਖੋਂ ਸੁਖਾਲੇ ਕਰ ਦਿੱਤੇ ਹਨ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜੋ ਕਿਹਾ ਸੀ ਉਸ ਤੋਂ ਵੀ ਵੱਧ ਕਰਕੇ ਦਿਖਾਇਆ ਹੈ। ਉਨ੍ਹਾਂ ਕਿਹਾ ਕਿ ਇਹ ਪਹਿਲੀ ਵਾਰ ਹੈ ਕਿ ਜਦੋਂ ਕੋਈ ਪਾਰਟੀ ਲੋਕਾਂ ਕੋਲ ਜਾ ਕੇ ਕੀਤੇ ਕੰਮਾਂ ਦਾ ਰਿਪੋਰਟ ਕਾਰਡ ਲੈਕੇ ਘਰ-ਘਰ ਜਾ ਰਹੀ ਹੋਵੇ। ਉਨ੍ਹਾਂ ਕਿਹਾ ਕਿ ਇਹ ਕੇਵਲ ਸਾਡੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸੋਚ ਸਦਕਾ ਹੀ ਸੰਭਵ ਹੋਇਆ ਹੈ

ਇਸ ਮੌਕੇ ਘਰ-ਘਰ ਮੁਹਿੰਮ ਦੌਰਾਨ ਵਿਧਾਇਕ ਨੇ ਘਰ-ਘਰ ਜਾ ਕੇ ਪਰਿਵਾਰਾਂ ਨਾਲ ਮੁਲਾਕਾਤ ਕੀਤੀ ਅਤੇ ਬਜ਼ੁਰਗਾਂ, ਮਹਿਲਾਵਾਂ, ਨੌਜਵਾਨਾਂ ਅਤੇ ਬੱਚਿਆਂ ਸਮੇਤ ਸਮਾਜ ਦੇ ਵੱਖ-ਵੱਖ ਵਰਗਾਂ ਦੇ ਲੋਕਾਂ ਨਾਲ ਗੱਲਬਾਤ ਕੀਤੀ। ਉਨ੍ਹਾਂ ਲੋਕਾਂ ਦੇ ਵਿਚਾਰ ਸੁਣੇ, ਸਰਕਾਰ ਵੱਲੋਂ ਪਿਛਲੇ ਸਾਢੇ ਚਾਰ ਸਾਲਾਂ ਦੌਰਾਨ ਕੀਤੇ ਕੰਮਾਂ ਬਾਰੇ ਚਰਚਾ ਕੀਤੀ ਅਤੇ ਦੱਸਿਆ ਕਿ ਵੱਖ-ਵੱਖ ਯੋਜਨਾਵਾਂ ਤੇ ਪਹਿਲਕਦਮੀਆਂ ਆਮ ਪਰਿਵਾਰਾਂ ਨੂੰ ਕਿਵੇਂ ਸਿੱਧਾ ਲਾਭ ਪਹੁੰਚਾ ਰਹੀਆਂ ਹਨ। ਇਸ ਮੌਕੇ ਪ੍ਰਧਾਨ ਨਗਰ ਕੌਂਸਲ ਮੰਡੀ ਗੋਬਿੰਦਗੜ੍ਹ ਹਰਪ੍ਰੀਤ ਸਿੰਘ ਪ੍ਰਿੰਸ , ਬਲਕਾਰ ਸਿੰਘ ਨੰਬਰਦਾਰ, ਦਲਜੀਤ ਸਿੰਘ ਵਿਰਕ, ਜਗਦੀਸ ਗੋਲਡੀ, ਸਤਿਆਪਾਲ ਸਿੰਘ, ਰਾਜੂ ਅੰਜਲੀ, ਵਿਨੋਦ ਗੁੱਜਰ, ਹਰਚੰਦ ਸਿੰਘ, ਹਰਜਿੰਦਰ ਸਿੰਘ ਹਾਜਰ ਸਨ।

## ਪੰਜਾਬ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਨਾਲ ਆਮ ਲੋਕਾਂ ਨੂੰ ਮਿਲੀ ਆਰਥਿਕ ਰਾਹਤ: ਰੁਪਿੰਦਰ ਹੈਪੀ



**ਬੱਸੀ ਪਠਾਣਾ , 23 ਸਤੰਬਰ, 2026 (ਗੁਰਮੀਤ ਸਿੰਘ ਤੁੰਗ) :** ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਦਿੱਤੀਆਂ ਜਾ ਰਹੀਆਂ ਵੱਖ-ਵੱਖ ਲੋਕ ਭਲਾਈ ਸਕੀਮਾਂ ਅਤੇ ਸਹੂਲਤਾਂ ਬਾਰੇ ਜਾਗਰੂਕ ਕਰਨ ਲਈ ਆਮ ਆਦਮੀ ਪਾਰਟੀ ਵੱਲੋਂ ਸ਼ੁਰੂ ਕੀਤੀ ਗਈ 'ਮਾਨ ਦੇ ਮੁਨਾਫ਼ੇ' ਮੁਹਿੰਮ ਤਹਿਤ ਹਲਕਾ ਬੱਸੀ ਪਠਾਣਾ ਦੇ ਵਿਧਾਇਕ ਰੁਪਿੰਦਰ ਸਿੰਘ ਹੈਪੀ ਨੇ ਪਿੰਡ ਮਾਕਰੋਪੁਰ ਤੋਂ ਘਰ-ਘਰ ਪ੍ਰਚਾਰ ਮੁਹਿੰਮ ਦੀ ਸ਼ੁਰੂਆਤ ਕੀਤੀ। ਇਸ ਦੌਰਾਨ ਉਨ੍ਹਾਂ ਨੇ ਲੋਕਾਂ ਨਾਲ ਸਿੱਧਾ ਰਾਬਤਾ ਕਾਇਮ ਕਰਦਿਆਂ ਪੰਜਾਬ ਸਰਕਾਰ ਦੇ ਸਾਢੇ ਚਾਰ ਸਾਲਾਂ ਦੇ ਕਾਰਜਕਾਲ ਦੌਰਾਨ ਲਏ ਗਏ ਲੋਕ ਹਿਤੈਸ਼ੀ ਫੈਸਲਿਆਂ ਅਤੇ ਵੱਖ-ਵੱਖ ਸਕੀਮਾਂ ਬਾਰੇ ਜਾਣਕਾਰੀ ਸਾਂਝੀ ਕੀਤੀ।

ਵਿਧਾਇਕ ਰੁਪਿੰਦਰ ਸਿੰਘ ਹੈਪੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਆਪਣੇ ਕਾਰਜਕਾਲ ਦੌਰਾਨ ਕੀਤੇ ਗਏ ਕੰਮਾਂ ਅਤੇ ਲੋਕਾਂ ਨੂੰ ਦਿੱਤੀਆਂ ਸਹੂਲਤਾਂ ਦੀ ਜਾਣਕਾਰੀ ਸਿੱਧੀ ਘਰ-ਘਰ ਪਹੁੰਚਾਉਣ ਦਾ ਉਪਰਾਲਾ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ 'ਮਾਨ ਦੇ ਮੁਨਾਫ਼ੇ' ਮੁਹਿੰਮ ਤਹਿਤ ਸਰਕਾਰ ਦੇ ਰਿਪੋਰਟ ਕਾਰਡ ਰਾਹੀਂ ਲੋਕਾਂ ਨੂੰ ਮੁਫ਼ਤ ਬਿਜਲੀ, ਸਿਹਤ ਸੇਵਾਵਾਂ, ਸਿੱਖਿਆ ਅਤੇ ਮਹਿਲਾਵਾਂ ਲਈ 'ਮਾਵਾਂ-ਧੀਆਂ ਸਤਿਕਾਰ ਯੋਜਨਾ' ਸਮੇਤ ਵੱਖ-ਵੱਖ ਸਕੀਮਾਂ ਬਾਰੇ ਜਾਣੂ ਕਰਵਾਇਆ ਜਾ ਰਿਹਾ ਹੈ।

ਇਸ ਤੋਂ ਇਲਾਵਾ ਮੁਫ਼ਤ ਬਿਜਲੀ ਅਤੇ ਸਰਕਾਰੀ ਸਿਹਤ ਤੇ ਸਿੱਖਿਆ ਸਹੂਲਤਾਂ ਨੂੰ ਵੀ ਸਰਕਾਰ ਵੱਲੋਂ ਲੋਕ ਭਲਾਈ ਦੇ ਮੁੱਖ ਉਪਰਾਲਿਆਂ ਵਜੋਂ ਉਜਾਗਰ ਕੀਤਾ ਜਾ ਰਿਹਾ ਹੈ।ਇਸ ਮੌਕੇ ਲੋਕਾਂ ਨੇ ਸਰਕਾਰ ਵੱਲੋਂ ਮਿਲ ਰਹੀਆਂ ਸਹੂਲਤਾਂ ਸਬੰਧੀ ਆਪਣੇ ਵਿਚਾਰ ਸਾਂਝੇ ਕੀਤੇ। ਇਸ ਮੌਕੇ ਬਿਕਰਮ ਸਿੰਘ ਨੰਬਰਦਾਰ, ਗੁਰਦੀਪ ਸਿੰਘ ,ਹਰਜੀਤ ਸਿੰਘ, ਗੁਰੀ ਬਰਵਾਲੀ, ਸਿਮਰਨ ਹੁੰਦਲ, ਪ੍ਰਿਤਪਾਲ ਸਿੰਘ ਕਮਾਲੀ,ਅਵਤਾਰ ਸਿੰਘ ਸੈਂਪਲਾ, ਦਲਵਿੰਦਰ ਸਿੰਘ, ਰਣਜੀਤ ਸਿੰਘ, ਰਣਜੀਤ ਸਿੰਘ, ਮਨੀ ਸਰਪੰਚ, ਬਲਜਿੰਦਰ ਸਰਪੰਚ, ਗੁਰਪ੍ਰੀਤ ਸਰਪੰਚ, ਬੱਬੂ ਸਰਪੰਚ, ਰਾਜਵੀਰ ਸਿੰਘ,ਓਮਕਾਰ ਨੰਬਰਦਾਰ, ਤਰਲੋਚਨ ਸਿੰਘ ਨੰਬਰਦਾਰ, ਲਵਲੀ ਸੰਘੋਲ, ਕਸ਼ਮੀਰ ਸਿੰਘ, ਮਨਪ੍ਰੀਤ ਗੜ੍ਹੋਲੀਆਂ, ਸੋਨੀ ਸੈਂਪਲੀ ਹਾਜ਼ਰ ਸਨ।

## ਸਾਡੇ ਬਜ਼ੁਰਗ, ਸਾਡਾ ਮਾਣ ਮੁਹਿੰਮ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਜ਼ਿਲ੍ਹਾ ਪੱਧਰੀ ਕਮੇਟੀ ਦੀ ਵਿਸ਼ੇਸ਼ ਮੀਟਿੰਗ



**ਫ਼ਤਹਿਗੜ੍ਹ ਸਾਹਿਬ, 23 ਸਤੰਬਰ, (ਗੁਰਮੀਤ ਸਿੰਘ ਤੁੰਗ) :** ਜ਼ਿਲ੍ਹੇ ਵਿੱਚ ਸਾਡੇ ਬਜ਼ੁਰਗ, ਸਾਡਾ ਮਾਣ ਮੁਹਿੰਮ ਤਹਿਤ ਬਜ਼ੁਰਗਾਂ ਦੀ ਭਲਾਈ, ਸੁਰੱਖਿਆ ਅਤੇ ਸਨਮਾਨ ਨੂੰ ਯਕੀਨੀ ਬਣਾਉਣ ਲਈ ਕੀਤੀਆਂ ਜਾਣ ਵਾਲੀਆਂ ਵੱਖ-ਵੱਖ ਗਤੀਵਿਧੀਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਕਰਵਾਉਣ ਲਈ ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਕਾਨਫਰੰਸ ਹਾਲ ਵਿਖੇ ਸੀਨੀਅਰ ਸਿਟੀਜਨ ਅਤੇ ਬਜ਼ੁਰਗਾਂ ਦੀ ਭਲਾਈ ਲਈ ਬਣਾਈ ਗਈ ਜਿਲ੍ਹਾ ਪੱਧਰੀ ਕਮੇਟੀ ਦੀ ਵਿਸ਼ੇਸ਼ ਮੀਟਿੰਗ ਕੀਤੀ ਗਈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਸਾਮਾਜਿਕ ਸੁਰੱਖਿਆ ਅਫਸਰ ਨੇ ਜੋਬਨਦੀਪ ਕੌਰ ਨੇ ਦੱਸਿਆ ਕਿ ਸਾਡੇ ਬਜ਼ੁਰਗ ਸਾਡਾ ਮਾਣ ਮੁਹਿੰਮ ਤਹਿਤ ਜਿਲ੍ਹੇ ਅੰਦਰ ਮੈਡੀਕਲ ਕੈਂਪ ਲਗਾਏ ਜਾਣੇ ਹਨ। ਉਨ੍ਹਾਂ ਸਬੰਧਿਤ ਵਿਭਾਗਾਂ ਦੇ ਅਧਿਕਾਰੀਆ ਨੂੰ ਕਿਹਾ ਕਿ ਇਨ੍ਹਾਂ ਗਤੀਵਿਧੀਆਂ ਰਾਹੀਂ ਬਜ਼ੁਰਗਾਂ ਤੱਕ ਸਰਕਾਰ ਦੀਆਂ ਯੋਜਨਾਵਾਂ ਦੀ ਸਿੱਧੀ ਪਹੁੰਚ ਯਕੀਨੀ ਬਣਾਈ ਜਾਵੇ ਤਾਂ ਜੋ ਕੋਈ ਵੀ ਯੋਗ ਲਾਭਪਾਤਰੀ ਸਰਕਾਰੀ ਸਹਾਇਤਾ ਤੋਂ ਵਾਂਝਾ ਨਾ ਰਹੇ।

ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫਸਰ ਨੇ ਕਿਹਾ ਕਿ ਬਜ਼ੁਰਗ ਸਾਡੇ ਸਮਾਜ ਦਾ ਅਨਿੱਖੜਵਾਂ ਅੰਗ ਹਨ ਅਤੇ ਉਨ੍ਹਾਂ ਦਾ ਸਨਮਾਨ, ਸੁਰੱਖਿਆ ਅਤੇ ਦੇਖਭਾਲ ਕਰਨਾ ਸਿਰਫ਼ ਸਰਕਾਰ ਦੀ ਹੀ ਨਹੀਂ, ਸਗੋਂ ਪੂਰੇ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ। ਇਸ ਮੀਟਿੰਗ ਦੌਰਾਨ ਜ਼ਿਲ੍ਹਾ ਮਾਲ ਅਫ਼ਸਰ ਕਰਮਨਜੋਤ ਸਿੰਘ, ਸ਼੍ਰੀ ਹਿਤੇਸ਼ ਕੌਸ਼ਿਕ , ਡੀ.ਐਸ.ਪੀ ਹੈੱਡਕੁਆਟਰ, ਸ਼੍ਰੀਮਤੀ ਕਮਲਜੀਤ ਕੌਰ, ਡਿਪਟੀ ਜਿਲ੍ਹਾ ਸਿੱਖਿਆ ਅਫਸਰ (ਐਲੀਮੈਂਟਰੀ) ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਜਿਲ੍ਹੇ ਦੀਆਂ ਵੱਖ-ਵੱਖ ਸੀਨੀਅਰ ਸਿਟੀਜਨ ਐਸੋਸ਼ੀਏਸ਼ਨਾਂ ਦੇ ਮੈਂਬਰ ਹਾਜਰ ਸਨ।

## ਜ਼ਿਲ੍ਹਾ ਪਟਿਆਲਾ ਵਿਖੇ ਜਨਗਣਨਾ-2027 ਦੇ ਦੂਜੇ ਪੜਾਅ (ਆਬਾਦੀ ਗਣਨਾ) ਸਬੰਧੀ ਫੀਲਡ ਟ੍ਰੇਨਰਾਂ ਦੀ ਟ੍ਰੇਨਿੰਗ ਵਰਕਸ਼ਾਪ



**ਪਟਿਆਲਾ, 22 ਸਤੰਬਰ**
**-ਜੀ. ਐਸ. ਤੁੰਗ-**

ਜ਼ਿਲ੍ਹਾ ਪਟਿਆਲਾ ਵਿਖੇ ਜਨਗਣਨਾ 2027 ਸਬੰਧੀ ਜ਼ਿਲ੍ਹਾ ਫੀਲਡ ਟ੍ਰੇਨਰਾਂ ਦੀ 6 ਦਿਨਾਂ ਦੀ ਟ੍ਰੇਨਿੰਗ ਵਰਕਸ਼ਾਮ ਡਿਪਟੀ ਕਮਿਸ਼ਨਰ-ਕਮ-ਪ੍ਰਿੰਸੀਪਲ ਸੈਂਸੰਜ ਅਫ਼ਸਰ, ਡਾ. ਹਿਮਾਂਸ਼ੂ ਅਗਰਵਾਲ ਅਤੇ ਕਮਿਸ਼ਨਰ ਨਗਰ ਨਿਗਮ, ਪੂਜਾ ਸਿਆਲ ਗਰੇਵਾਲ ਦੀ ਅਗਵਾਈ ਹੇਠ ਸ਼ੁਰੂ ਹੋਈ ਹੈ। ਇਸ ਟ੍ਰੇਨਿੰਗ ਵਿੱਚ ਜਨਗਣਨਾ ਵਿਭਾਗ ਵੱਲੋਂ ਜ਼ਿਲ੍ਹਾ ਪਟਿਆਲਾ ਵਿਖੇ ਰੱਖ ਗਏ 2 ਮਾਸਟਰ ਟ੍ਰੇਨਰ ਨਿਸ਼ੂ ਸ਼ਰਮਾ, ਸੀਨੀਅਰ ਸਿਸਟਮ ਐਨਾਲਿਸਟ, ਪੰਜਾਬੀ ਯੂਨੀਵਰਸਿਟੀ ਤੇ ਦੌਲਤ ਰਾਮ, ਲੈਕਚਰਾਰ, ਪੀ.ਐਮ. ਸ਼੍ਰੀ ਸਰਕਾਰੀ ਸੀਨੀ. ਸੈਕੰ. ਸਕੂਲ, ਘਨੌਰ ਅਤੇ ਅਮਨ ਕੁਮਾਰ, ਜ਼ਿਲ੍ਹਾ ਕੁਆਡੀਨੇਟਰ, ਸੈਂਸਜ ਓਪਰੇਸ਼ਨ ਵਿਭਾਗ ਪੰਜਾਬ ਚੰਡੀਗੜ੍ਹ ਵੱਲੋਂ 72 ਫੀਲਡ ਟ੍ਰੇਨਰਾਂ ਨੂੰ 36-36 (ਦੋ ਬੈਚਾਂ) ਵਿੱਚ ਜਨਗਣਨਾ-2027 ਦੇ ਦੂਜੇ ਪੜਾਅ (ਆਬਾਦੀ ਗਣਨਾ) ਸਬੰਧੀ ਟ੍ਰੇਨਿੰਗ ਦਿੱਤੀ ਜਾ ਰਹੀ ਹੈ।

ਵਿਭਾਗ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੈਂਸੰਜ-2027 ਅਧੀਨ ਜ਼ਿਲ੍ਹਾ ਪਟਿਆਲਾ ਵਿੱਚ ਰੱਖੇ ਗਏ ਕੁੱਲ 72 ਫੀਲਡ ਟ੍ਰੇਨਰਾਂ ਵਿੱਚੋ 58 ਫੀਲਡ ਟ੍ਰੇਨਰ ਡਿਪਟੀ ਕਮਿਸਨਰ ਵੱਲੋਂ ਅਤੇ 14 ਫੀਲਡ ਟ੍ਰੇਨਰ ਕਮਿਸ਼ਨਰ, ਨਗਰ ਨਿਗਮ, ਵੱਲੋਂ ਨਿਯੁਕਤ ਕੀਤੇ ਗਏ ਹਨ। ਇਨ੍ਹਾਂ ਫੀਲਡ ਟ੍ਰੇਨਰਾਂ ਵੱਲੋਂ ਸੁਪਰਵਾਈਜ਼ਰ ਅਤੇ ਗਿਣਤੀਕਾਰਾਂ ਨੂੰ ਤਹਿਸੀਲ/ਚਾਰਜ ਪੱਧਰ 'ਤੇ ਟ੍ਰੇਨਿੰਗ ਦਿੱਤੀ ਜਾਣੀ ਹੈ। ਇਨ੍ਹਾਂ ਫੀਲਡ ਟ੍ਰੇਨਰਾਂ ਨੂੰ ਟ੍ਰੇਨਿੰਗ ਦੇਣ ਲਈ ਦੋ ਬੈਚ ਬਣਾਏ ਗਏ ਹਨ ਤੇ ਪਹਿਲੇ ਬੈਚ ਨੂੰ ਮਿਤੀ 22 ਸਤੰਬਰ ਤੋਂ 24 ਸਤੰਬਰ ਅਤੇ ਦੂਜੇ ਬੈਚ ਨੂੰ 28 ਸਤੰਬਰ ਤੋਂ 30 ਸਤੰਬਰ 2026 ਤੱਕ ਦਫਤਰ ਨਗਰ ਨਿਗਮ ਵਿਖੇ ਟ੍ਰੇਨਿੰਗ ਦਿੱਤੀ ਜਾ ਰਹੀ ਹੈ। ਇਸ ਸਿਖਲਾਈ ਪ੍ਰੋਗਰਾਮ ਦੌਰਾਨ ਜਨਗਣਨਾ-2027 ਦੇ ਦੂਜੇ ਪੜਾਅ ਨਾਲ ਸਬੰਧਤ ਵੱਖ-ਵੱਖ ਮਹੱਤਵਪੂਰਨ ਵਿਸ਼ਿਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ, ਪ੍ਰੈਕਟੀਕਲ ਡੈਮੋ ਅਤੇ ਅਭਿਆਸ ਕਰਵਾਇਆ ਗਿਆ।

ਜ਼ਿਲ੍ਹਾ ਪਟਿਆਲਾ ਵਿਖੇ ਸੈਂਸੰਜ-2027 ਦੇ ਕੰਮ ਲਈ ਰੱਖੇ ਗਏ ਮਾਸਟਰ ਟ੍ਰੇਨਰਾਂ ਵੱਲੋਂ ਟ੍ਰੇਨਿੰਗ ਦੌਰਾਨ ਦੱਸਿਆ ਗਿਆ ਕਿ ਇਸ ਜਨਗਣਨਾ ਵਿੱਚ 'ਸੈਲਫ ਇਨੁਮੀਰੇਸ਼ਨ' ਦੇ ਕੰਮ ਵਜੋਂ ਪਹਿਲ ਕੀਤੀ ਗਈ, ਜਿਸ ਵਿੱਚ ਕੋਈ ਵੀ ਨਾਗਰਿਕ ਆਪਣੇ ਘਰ ਦੀ ਗਿਣਤੀ ਮਿਤੀ 16 ਨਬੰਬਰ 2026 ਤੋਂ 30 ਨਵਬੰਰ 2026 ਤੱਕ ਆਪ ਕਰ ਸਕਦਾ ਹੈ। ਇਸ ਉਪਰੰਤ ਜਨਗਣਨਾ ਦਾ ਦੂਜਾ ਫੇਸ 01 ਦਸੰਬਰ 2026 ਤੋਂ 04 ਜਨਵਰੀ 2026 ਤੱਕ ਆਬਾਦੀ ਗਣਨਾ ਵਜੋਂ ਸ਼ੁਰੂ ਕੀਤਾ ਜਾਵੇਗਾ, ਜਿਸ ਵਿੱਚ ਇਨੁਮੀਰੇਟਰ ਲੋਕਾਂ ਦੇ ਘਰ-ਘਰ ਜਾ ਕੇ ਆਬਾਦੀ ਗਣਨਾ ਦਾ ਕੰਮ ਕਰਨਗੇ ਅਤੇ ਨਾਗਰਿਕਾਂ ਨੂੰ 40 ਸਵਾਲ ਪੁੱਛੇ ਜਾਣਗੇ। ਡਿਪਟੀ ਕਮਿਸ਼ਨਰ ਅਤੇ ਕਮਿਸ਼ਨਰ, ਨਗਰ ਨਿਗਮ ਨੇ ਜ਼ਿਲ੍ਹੇ ਦੇ ਸਮੂਹ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਭਾਰਤ ਸਰਕਾਰ ਵੱਲੋਂ ਕਰਵਾਏ ਜਾ ਰਹੇ ਜਨਗਣਨਾ ਦੇ ਇਸ ਕੰਮ ਵਿਚ ਪੂਰਨ ਸਹਿਯੋਗ ਕਰਨ। ਇਸ ਵਰਕਸ਼ਾਪ ਵਿੱਚ ਉਪ ਅਰਥ ਅਤੇ ਅੰਕੜਾ ਸਲਾਹਕਾਰ ਜਸਵਿੰਦਰ ਕੌਰ, ਵਿਸ਼ਾਲ ਸਿਆਲ, ਸੁਪਰਡੰਟ, ਸੈਂਸਸ ਸੈੱਲ ਟੀਮ ਨਰਿੰਦਰ ਕੁਮਾਰ, ਕਲਰਕ (ਲੇਖਾ), ਬਿਕਰਮਾਜੀਤ ਸਿੰਘ ਇੰਨਵੈਸਟੀਗੇਟਰ, ਕੁਲਇੰਦਰਜੀਤ ਸਿੰਘ, ਹੇਮੰਤ ਕੁਮਾਰ ਇੰਵੈਸਟੀਗੇਟਰ ਅਤੇ ਅਤੇ ਸਮੂਹ ਫੀਲਡ ਟ੍ਰੇਨਾਂ ਨੇ ਭਾਗ ਲਿਆ।

## ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਦੇ ਕਿਸਾਨ ਮੇਲੇ ਵਿੱਚ ਫਤਹਿਗੜ੍ਹ ਸਾਹਿਬ ਦੇ 03 ਅਗਾਂਹਵਧੂ ਕਿਸਾਨਾਂ ਨੇ ਕੀਤਾ ਜਿਲ੍ਹੇ ਦਾ ਨਾਮ ਰੌਸ਼ਨ



ਫਤਹਿਗੜ੍ਹ ਸਾਹਿਬ, 23 ਸਤੰਬਰ, ( ਗੁਰਮੀਤ ਸਿੰਘ ਤੁੰਗ) : ਪੰਜਾਬ ਐਗਰੀਕਲਚਰਲ ਯੂਨੀਵਰਸਿਟੀ (ਪੀ.ਏ.ਯੂ.), ਲੁਧਿਆਣਾ ਵੱਲੋਂ 18 ਅਤੇ 19 ਸਤੰਬਰ ਨੂੰ ਕਰਵਾਏ ਗਏ ਕਿਸਾਨ ਮੇਲੇ ਦੌਰਾਨ ਖੇਤੀ ਜਿਣਸਾਂ ਦੇ ਮੁਕਾਬਲਿਆਂ ਵਿੱਚ ਜ਼ਿਲ੍ਹਾ ਫਤਿਹਗੜ੍ਹ ਸਾਹਿਬ ਦੇ 03 ਅਗਾਂਹਵਧੂ ਕਿਸਾਨਾਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਜ਼ਿਲ੍ਹੇ ਦਾ ਨਾਮ ਰੌਸ਼ਨ ਕੀਤਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਡਾਇਰੈਕਟਰ ਕ੍ਰਿਸੀ ਵਿਗਿਆਨ ਕੇਂਦਰ ਸ੍ਰੀ ਹਰਦੀਪ ਸਿੰਘ ਨੇ ਦੱਸਿਆ ਕਿ ਕਿਸਾਨ ਮੇਲੇ ਦੌਰਾਨ ਕਰਵਾਏ ਗਏ ਖੇਤੀ ਜਿਣਸਾਂ ਦੇ ਮੁਕਾਬਲਿਆਂ ਵਿੱਚ ਜ਼ਿਲ੍ਹਾ ਫਤਹਿਗੜ੍ਹ ਸਾਹਿਬ ਦੇ ਤਿੰਨ ਕਿਸਾਨਾਂ ਨੂੰ ਵੱਖ-ਵੱਖ ਸ਼੍ਰੇਣੀਆਂ ਵਿੱਚ ਜੇਤੂ ਐਲਾਨਿਆ ਗਿਆ। ਡਰੈਗਨ ਫਰੂਟ ਸ਼੍ਰੇਣੀ ਵਿੱਚ ਪਿੰਡ ਧਰਮਗੜ੍ਹ ਦੇ ਕਿਸਾਨ ਸ. ਬਲਵੀਰ ਸਿੰਘ ਜੜ੍ਹੀਆ ਪੁੱਤਰ ਸ. ਨੱਛਤਰ ਸਿੰਘ ਨੇ ਪਹਿਲਾ ਇਨਾਮ ਹਾਸਲ ਕੀਤਾ। ਉਨ੍ਹਾਂ ਦੱਸਿਆ ਕਿ ਭਿੰਡੀ ਸ਼੍ਰੇਣੀ ਵਿੱਚ ਪਿੰਡ ਜਲਵੇੜ੍ਹੀ ਦੇ ਕਿਸਾਨ ਸ. ਪਰਮਜੀਤ ਸਿੰਘ ਪੁੱਤਰ ਸ. ਦਲੀਪ ਸਿੰਘ ਨੇ ਦੂਜਾ ਇਨਾਮ ਪ੍ਰਾਪਤ ਕੀਤਾ, ਜਦਕਿ ਪਿਆਜ ਸ਼੍ਰੇਣੀ ਵਿੱਚ ਪਿੰਡ ਬਦੌਸ਼ੀ ਕਲਾਂ ਦੇ ਕਿਸਾਨ ਸ. ਬਲਦੀਪ ਸਿੰਘ ਪੁੱਤਰ ਸ. ਸਕਿੰਦਰ ਸਿੰਘ ਨੇ ਪਹਿਲਾ ਇਨਾਮ ਜਿੱਤ ਕੇ ਆਪਣੀ ਵਿਲੱਖਣ ਪਛਾਣ ਬਣਾਈ। ਇਸ ਮੌਕੇ ਪੀ.ਏ.ਯੂ-ਕ੍ਰਿਸ਼ੀ ਵਿਗਿਆਨ ਕੇਂਦਰ, ਫਤਹਿਗੜ੍ਹ ਸਾਹਿਬ ਦੇ ਸਮੂਹ ਸਟਾਫ ਵੱਲੋਂ ਜੇਤੂ ਕਿਸਾਨ ਵੀਰਾਂ ਨੂੰ ਮੁਬਾਰਕਬਾਦ ਦਿੱਤੀ ਗਈ।

## ਹਰਚੰਦ ਸਿੰਘ ਬਰਸਟ ਨੇ ਪਟਿਆਲਾ ਸੋਸ਼ਲ ਵੈਲਫੇਅਰ ਸੁਸਾਇਟੀ ਦੀ 'ਪਲਾਸਟਿਕ ਮੁਕਤ ਮੁਹਿੰਮ' ਦਾ ਕੀਤਾ ਆਗਾਜ਼

**ਪਟਿਆਲਾ, 22 ਸਤੰਬਰ**
**-ਛਤਰਪਾਲ ਸਿੰਘ-**

ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਅਤੇ ਆਮ ਆਦਮੀ ਪਾਰਟੀ ਪੰਜਾਬ ਦੇ ਸੂਬਾ ਜਨਰਲ ਸਕੱਤਰ ਸ. ਹਰਚੰਦ ਸਿੰਘ ਬਰਸਟ ਨੇ ਵਾਤਾਵਰਣ ਦੀ ਸ਼ੁੱਧਤਾ ਅਤੇ ਸੰਭਾਲ ਵੱਲ ਅਹਿਮ ਕਦਮ ਵਧਾਉਂਦਿਆਂ ਪਟਿਆਲਾ ਸੋਸ਼ਲ ਵੈਲਫੇਅਰ ਸੁਸਾਇਟੀ ਵੱਲੋਂ ਉਲੀਕੀ ਗਈ 'ਪਲਾਸਟਿਕ ਮੁਕਤ ਮੁਹਿੰਮ' ਦਾ ਰਸਮੀ ਤੌਰ ਤੇ ਆਗਾਜ਼ ਕੀਤਾ।

ਇਸ ਖਾਸ ਮੌਕੇ 'ਤੇ ਸ. ਹਰਚੰਦ ਸਿੰਘ ਬਰਸਟ ਨੇ ਇਸ ਲੋਕ-



ਹਿੱਤੂ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ।

ਬਰਸਟ ਨੇ ਕਿਹਾ ਕਿ ਪਲਾਸਟਿਕ ਦੇ ਲਿਫ਼ਾਫ਼ੇ ਸਾਡੇ ਵਾਤਾਵਰਣ, ਧਰਤੀ ਹੇਠਲੇ ਪਾਣੀ ਅਤੇ ਜ਼ਮੀਨ ਦੀ ਉਪਜਾਊ ਸ਼ਕਤੀ ਲਈ ਗੰਭੀਰ ਖ਼ਤਰਾ ਬਣ ਚੁੱਕੇ ਹਨ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸੂਬੇ ਨੂੰ ਪ੍ਰਦੂਸ਼ਣ ਮੁਕਤ ਅਤੇ ਹਰਾ-ਭਰਾ ਬਣਾਉਣ ਲਈ ਹਰ ਨਾਗਰਿਕ ਨੂੰ ਆਪਣੀ ਜ਼ਿੰਮੇਵਾਰੀ ਸਮਝਣੀ ਚਾਹੀਦੀ ਹੈ।

ਉਨ੍ਹਾਂ ਨੇ ਆਮ ਜਨਤਾ ਨੂੰ ਅਪੀਲ ਕੀਤੀ ਕਿ ਉਹ ਪਲਾਸਟਿਕ ਦੇ ਥੈਲਿਆਂ ਦਾ ਇਸਤੇਮਾਲ ਮੁਕੰਮਲ ਤੌਰ ਤੇ ਬੰਦ ਕਰਨ ਅਤੇ ਇਸ ਦੇ ਵਿਕਲਪ ਵਜੋਂ ਕੱਪੜੇ ਜਾਂ ਜੂਟ ਦੇ ਬਣੇ ਥੈਲਿਆਂ ਨੂੰ ਆਪਣੀ ਰੋਜ਼ਾਨਾ ਜ਼ਿੰਦਗੀ ਦਾ ਹਿੱਸਾ ਬਣਾਉਣ। ਕੱਪੜੇ ਅਤੇ ਜੂਟ ਦੇ ਥੈਲੇ ਨਾ ਸਿਰਫ਼ ਵਾਤਾਵਰਣ ਦੇ ਅਨੁਕੂਲ ਹਨ, ਸਗੋਂ ਇਹ ਮੁੜ-ਵਰਤੋਂ ਯੋਗ ਅਤੇ ਟਿਕਾਊ ਵੀ ਹਨ। ਚੇਅਰਮੈਨ ਨੇ ਸੁਸਾਇਟੀ ਦੇ ਇਸ ਯਤਨ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੀਆਂ ਸਮਾਜਿਕ ਸੰਸਥਾਵਾਂ ਦੇ ਸਹਿਯੋਗ ਨਾਲ ਹੀ ਪੰਜਾਬ ਨੂੰ ਸਾਫ਼-ਸੁਥਰਾ, ਹਰਾ-ਭਰਾ ਅਤੇ ਪਲਾਸਟਿਕ ਮੁਕਤ ਬਣਾਇਆ ਜਾ ਸਕਦਾ ਹੈ। ਇਸ ਮੌਕੇ ਪਟਿਆਲਾ ਸੋਸ਼ਲ ਵੈਲਫੇਅਰ ਸੁਸਾਇਟੀ ਦੇ ਪ੍ਰਧਾਨ ਵਿਜੇ ਗੋਇਲ ਅਤੇ ਉਨ੍ਹਾਂ ਦੀ ਸਮੁੱਚੀ ਟੀਮ ਨੇ ਸ. ਹਰਚੰਦ ਸਿੰਘ ਬਰਸਟ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਸੁਸਾਇਟੀ ਵੱਲੋਂ ਇਸ ਜਾਗਰੂਕਤਾ ਮੁਹਿੰਮ ਨੂੰ ਘਰ-ਘਰ ਤੱਕ ਪਹੁੰਚਾਇਆ ਜਾਵੇਗਾ। ਇਸ ਮੌਕੇ ਡਾ. ਪਰਵਿੰਦਰ ਸਿੰਘ ਰਿਟਾਇਰ ਪ੍ਰਿੰਸੀਪਲ, ਪ੍ਰੋ. ਸੰਦੀਪ ਕੁਮਾਰ ਜਿੰਦਲ, ਸੁਖਵਿੰਦਰ ਸਿੰਘ ਸਰਪੰਚ ਰੋਣੀ, ਹਰਿੰਦਰ ਸਿੰਘ ਧਬਲਾਨ, ਦਵਿੰਦਰ ਸਿੰਘ ਸ਼ੇਰਮਾਜਰਾ ਤੇ ਹੋਰ ਕਈ ਸਾਥੀ ਮੌਜੂਦ ਰਹੇ।


SEA DESIGN COMPANY
Customized and Designer

- Wedding Invitations
- Wedding Boxes & Cards
- Shagan Envelop
- Sahi Chithi

(MDF/Acrylic/Foldable Boxes)

98881-88887, 93577-77786

Shaheed-e-Azam
PRINTING PRESS
WORLDWIDE SHIPPING SERVICE

★ Business Cards ★ Books & Note Books
★ Flyers & Broucher ★ Diaries
★ Poster ★ Carry Bags

Opp. Gurudwara Dukhniwaran Sahib Srihind Road, Patiala

# ਪੰਜਾਬ ਦੇ ਸਿਹਤ ਮੰਤਰੀ ਨੇ ਵੈਕਟਰ ਬੋਰਨ ਤੇ ਪਾਣੀ ਰਾਹੀਂ ਫੈਲਣ ਵਾਲੀਆਂ ਬਿਮਾਰੀਆਂ ਦੀ ਰੋਕਥਾਮ ਅਤੇ ਬਚਾਅ ਕਾਰਜਾਂ ਦਾ ਲਿਆ ਜਾਇਜ਼ਾ

**➢ ਇਸ ਸਾਲ ਡੇਂਗੂ ਕਾਰਨ ਇੱਕ ਵੀ ਮੌਤ ਨਹੀਂ ਹੋਈ: ਸਿਹਤ ਮੰਤਰੀ ➢ 'ਡੇਂਗੂ ਦੇ ਕੇਸਾਂ ਦਾ ਪਤਾ ਲਗਾਉਣ ਦੀ ਬਜਾਏ ਡੇਂਗੂ ਲਾਰਵਾ ਨੂੰ ਖ਼ਤਮ ਕਰਨਾ ਸਾਡੀ ਤਰਜੀਹ'': ਡਾ. ਬਲਬੀਰ ਸਿੰਘ**

**ਚੰਡੀਗੜ੍ਹ 22 ਸਤੰਬਰ**
**-ਛਤਰਪਾਲ ਸਿੰਘ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਲੋਕਾਂ ਦੀ ਸਿਹਤ ਦੀ ਰਾਖੀ ਦੇ ਮੱਦੇਨਜ਼ਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਦ੍ਰਿੜ੍ਹ ਸੰਕਲਪ ਨੂੰ ਦੁਹਰਾਉਂਦਿਆਂ ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ ਡਾਇਰੈਕਟੋਰੇਟ ਆਫ਼ ਹੈਲਥ ਸਰਵਿਸਿਜ਼ (ਡੀਐਚਐਸ) ਵਿਖੇ ਉੱਚ-ਪੱਧਰੀ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕੀਤੀ। ਇਸ ਮੀਟਿੰਗ ਦਾ ਉਦੇਸ਼ ਸੂਬੇ ਭਰ ਵਿੱਚ ਵੈਕਟਰ-ਬੋਰਨ ਅਤੇ ਪਾਣੀ ਰਾਹੀਂ ਫੈਲਣ ਵਾਲੀਆਂ ਬਿਮਾਰੀਆਂ ਦੀ ਰੋਕਥਾਮ ਅਤੇ ਬਚਾਅ ਲਈ ਕੀਤੇ ਜਾ ਰਹੇ ਉਪਾਵਾਂ ਦਾ ਜਾਇਜ਼ਾ ਲੈਣਾ ਸੀ।

ਇਸ ਦੌਰਾਨ ਸਿਹਤ ਮੰਤਰੀ ਦੇ ਨਾਲ ਪ੍ਰਮੁੱਖ ਸਕੱਤਰ (ਸਿਹਤ) ਕੁਮਾਰ ਰਾਹੁਲ, ਪੰਜਾਬ ਵਿਕਾਸ ਕਮਿਸ਼ਨ ਦੇ ਮੈਂਬਰ ਅਨੁਰਾਗ ਕੁੰਡੂ, ਵਿਸ਼ੇਸ਼ ਸਕੱਤਰ (ਸਿਹਤ) ਅਤੇ ਨੈਸ਼ਨਲ ਹੈਲਥ ਮਿਸ਼ਨ ਦੀ ਐਮ.ਡੀ. ਸਾਕਸ਼ੀ ਸਾਹਨੀ, ਡਾਇਰੈਕਟਰ ਸਿਹਤ ਸੇਵਾਵਾਂ ਡਾ. ਹਿਤਿੰਦਰ ਕੌਰ ਅਤੇ ਡਾਇਰੈਕਟਰ ਸਿਹਤ ਸੇਵਾਵਾਂ (ਪਰਿਵਾਰ ਭਲਾਈ) ਡਾ. ਅਦਿਤੀ ਸਲਾਰੀਆ ਮੌਜੂਦ ਸਨ। ਇਸ ਤੋਂ ਇਲਾਵਾ ਡਿਪਟੀ ਡਾਇਰੈਕਟਰ ਡਾ. ਰੋਹਿਣੀ ਗੋਇਲ, ਸਹਾਇਕ ਡਾਇਰੈਕਟਰ ਡਾ. ਮਨਮੀਤ ਕੌਰ ਅਤੇ ਸਟੇਟ ਪ੍ਰੋਗਰਾਮ ਅਫਸਰ ਡਾ. ਅਰਸ਼ਦੀਪ ਕੌਰ ਵੀ ਹਾਜ਼ਰ ਸਨ।




ਜਦਕਿ ਡਿਪਟੀ ਕਮਿਸ਼ਨਰ, ਸਿਵਲ ਸਰਜਨ ਅਤੇ ਜ਼ਿਲ੍ਹਾ ਐਪੀਡੈਮਿਓਲੋਜਿਸਟ (ਮਹਾਮਾਰੀ ਵਿਗਿਆਨੀ) ਨੇ ਵੀਡੀਓ ਕਾਨਫਰੰਸਿੰਗ ਰਾਹੀਂ ਮੀਟਿੰਗ ਵਿੱਚ ਸ਼ਿਰਕਤ ਕੀਤੀ।

ਬਿਮਾਰੀ ਸਬੰਧੀ ਅੰਕੜਿਆਂ ਦੀ ਸਮੀਖਿਆ ਕਰਦਿਆਂ ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਸਮਾਂ ਰਹਿੰਦਿਆਂ ਕੀਤੇ ਗਏ ਰੋਕਥਾਮ ਉਪਾਵਾਂ ਸਦਕਾ ਪੰਜਾਬ ਵਿੱਚ ਇਸ ਸਾਲ, ਹੁਣ ਤੱਕ ਡੇਂਗੂ ਕਾਰਨ ਕੋਈ ਵੀ ਮੌਤ ਨਹੀਂ ਹੋਈ ਹੈ। 21 ਸਤੰਬਰ ਤੱਕ ਕੁੱਲ 1,00,414 ਡੇਂਗੂ ਦੇ ਨਮੂਨਿਆਂ ਦੀ ਜਾਂਚ ਕੀਤੀ ਗਈ ਹੈ (ਜਿਨ੍ਹਾਂ ਵਿੱਚੋਂ 64,049 ਨਮੂਨਿਆਂ ਦੀ ਜਾਂਚ ਆਮ ਆਦਮੀ ਕਲੀਨਿਕਾਂ ਵਿੱਚ ਕੀਤੀ ਗਈ), ਜਿਸ ਵਿੱਚ ਪੌਜ਼ੀਟਿਵਿਟੀ ਦਰ ਕਾਫ਼ੀ ਘੱਟ ਯਾਨੀ 0.45ਫੀਸਦੀ (451 ਪੌਜ਼ੀਟਿਵ ਕੇਸ) ਦਰਜ ਕੀਤੀ ਗਈ ਹੈ। ਸਿਹਤ ਮੰਤਰੀ ਨੇ ਅੰਮ੍ਰਿਤਸਰ ਅਤੇ ਜਲੰਧਰ ਵੱਲੋਂ ਡੇਂਗੂ ਦੀ ਜਾਂਚ ਕਰਨ ਵਿੱਚ ਦਿਖਾਈ ਸਰਗਰਮ ਕਾਰਗੁਜ਼ਾਰੀ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਇਸ ਸਾਲ ਸੂਬੇ ਵਿੱਚ ਸਾਹਮਣੇ ਆਏ ਚਿਕਨਗੁਨੀਆ ਦੇ 16 ਕੇਸਾਂ ਦੀ ਸਥਿਤੀ ਦਾ ਵੀ ਜਾਇਜ਼ਾ ਲਿਆ। ਡਾ. ਬਲਬੀਰ ਸਿੰਘ ਨੇ ਕਿਹਾ, "ਸਿਰਫ਼ ਡੇਂਗੂ ਦੇ ਕੇਸਾਂ ਦਾ ਪਤਾ ਲਗਾਉਣ ਹੁਣ ਸਾਡੀ ਤਰਜੀਹ ਨਹੀਂ ਸਗੋਂ ਅਸੀਂ ਡੇਂਗੂ ਦੇ ਲਾਰਵੇ ਦੀ ਸਰਗਰਮੀ ਨਾਲ ਪਛਾਣ ਕਰਕੇ ਉਸਨੂੰ ਖਤਮ ਕਰਨ 'ਤੇ ਧਿਆਨ ਕੇਂਦਰਿਤ ਕਰ ਰਹੇ ਹਾਂ" ਉਨ੍ਹਾਂ ਨੇ ਡਿਪਟੀ ਕਮਿਸ਼ਨਰਾਂ ਅਤੇ ਸਿਹਤ ਅਧਿਕਾਰੀਆਂ ਨੂੰ ਨਿਯਮਤ ਜਾਂਚ ਕਰਨ ਲਈ ਕਿਹਾ ਅਤੇ ਹਦਾਇਤ ਕੀਤੀ ਕਿ ਐਪੀਡੈਮਿਓਲੋਜੀ ਟੀਮਾਂ ਵੱਲੋਂ ਫੀਲਡ ਨਿਗਰਾਨੀ ਅਤੇ ਪਛਾਣੇ ਗਏ ਡੇਂਗੂ ਹੌਟਸਪੌਟਸ ਦੇ ਨਿਯਮਤ ਦੌਰੇ ਕੀਤੇ ਜਾਣ, ਅਤੇ ਫਾਲੋ-ਅੱਪ ਵਿਧੀਆਂ ਵਿੱਚ ਤੇਜ਼ੀ ਲਿਆਂਦੀ ਜਾਵੇ।

ਵੱਖ-ਵੱਖ ਵਿਭਾਗਾਂ ਦਰਮਿਆਨ ਆਪਸੀ ਤਾਲਮੇਲ ਅਤੇ ਸਰਗਰਮ ਭਾਈਚਾਰਕ ਸ਼ਮੂਲੀਅਤ 'ਤੇ ਜ਼ੋਰ ਦਿੰਦਿਆਂ, ਮੰਤਰੀ ਨੇ ਜ਼ਿਲ੍ਹਿਆਂ ਨੂੰ ਹਦਾਇਤ ਕੀਤੀ ਕਿ ਮੱਛਰਾਂ ਦੇ ਪੈਦਾ ਹੋਣ ਵਾਲੇ ਸਰੋਤਾਂ ਦੀ ਪਛਾਣ ਕਰਨ ਅਤੇ ਉਨ੍ਹਾਂ ਨੂੰ ਖਤਮ ਕਰਨ ਲਈ ਘਰੋ-ਘਰੀ ਜਾ ਕੇ ਸਰਵੇਖਣ ਕਰਨ ਵਾਸਤੇ ਆਸ਼ਾ ਵਰਕਰਾਂ ਅਤੇ ਨਰਸਿੰਗ ਵਿਦਿਆਰਥੀਆਂ ਦੀਆਂ ਸੇਵਾਵਾਂ ਲਈਆਂ ਜਾਣ। ਉਨ੍ਹਾਂ ਨੇ ਪਿੰਡ ਪੱਧਰ 'ਤੇ 'ਪਿੰਡ ਸਿਹਤ, ਸਫਾਈ ਅਤੇ ਪੋਸ਼ਣ ਕਮੇਟੀਆਂ' (ਵੀਐਚਐਸਐਨਸੀ) ਦੀਆਂ ਸਰਗਰਮੀ ਨਾਲ ਮੀਟਿੰਗਾਂ ਕਰਨ ਲਈ ਵੀ ਨਿਰਦੇਸ਼ ਦਿੱਤੇ। ਇਨ੍ਹਾਂ ਵਰਕਰਾਂ ਦੀ ਅਹਿਮ ਭੂਮਿਕਾ ਨੂੰ ਮਾਨਤਾ ਦਿੰਦਿਆਂ, ਮੰਤਰੀ ਨੇ ਕਿਹਾ ਕਿ ਘਰ-ਘਰ ਜਾ ਕੇ ਸਰਵੇਖਣ ਦਾ ਕੰਮ ਕਰਨ ਬਦਲੇ ਆਸ਼ਾ ਵਰਕਰਾਂ ਨੂੰ ਢੁਕਵੇਂ ਭੁਗਤਾਨ ਅਤੇ ਉਤਸ਼ਾਹਜਨਕ ਭੱਤੇ ਦਿੱਤੇ ਜਾ ਰਹੇ ਹਨ।

ਐਂਟੀ-ਡੇਂਗੂ ਗਤੀਵਿਧੀਆਂ ਵਿੱਚ ਨਰਸਿੰਗ ਵਿਦਿਆਰਥੀਆਂ ਦੀ 100 ਫੀਸਦ ਸ਼ਮੂਲੀਅਤ ਯਕੀਨੀ ਬਣਾਉਣ ਲਈ ਫਰੀਦਕੋਟ ਜ਼ਿਲ੍ਹੇ ਦੀ ਸ਼ਲਾਘਾ ਕਰਦਿਆਂ ਸਿਹਤ ਮੰਤਰੀ ਨੇ ਹੋਰ ਜ਼ਿਲ੍ਹਿਆਂ ਨੂੰ ਵੀ ਵਿਦਿਆਰਥੀਆਂ ਦੀ ਭਾਗੀਦਾਰੀ ਵਧਾਉਣ ਲਈ ਕਿਹਾ। ਉਨ੍ਹਾਂ ਨੇ ਲੁਧਿਆਣਾ, ਕਪੂਰਥਲਾ, ਫਰੀਦਕੋਟ ਅਤੇ ਤਰਨ ਤਾਰਨ ਸਮੇਤ ਵੱਧ ਕੇਸਾਂ ਵਾਲੇ ਜ਼ਿਲ੍ਹਿਆਂ ਵਿੱਚ ਵੀ.ਐਚ.ਐਸ.ਐਨ.ਸੀ. ਮੀਟਿੰਗਾਂ, ਖੇਤਰੀ ਨਿਰੀਖਣਾਂ ਅਤੇ ਆਸ਼ਾ ਵਰਕਰਾਂ ਦੀ ਸ਼ਮੂਲੀਅਤ ਦੇ ਵਿਸ਼ੇਸ਼ ਨਿਰਦੇਸ਼ ਜਾਰੀ ਕੀਤੇ। ਮੰਤਰੀ ਨੇ ਸਥਾਨਕ ਅਧਿਕਾਰੀਆਂ ਨੂੰ ਲੋੜ ਅਨੁਸਾਰ ਘਰਾਂ ਦੇ ਅੰਦਰ ਅਤੇ ਬਾਹਰ ਫੋਗਿੰਗ ਕਰਨ ਲਈ ਵੀ ਕਿਹਾ।

ਪਾਣੀ ਤੋਂ ਹੋਣ ਵਾਲੀਆਂ ਬਿਮਾਰੀਆਂ ਵੱਲ ਧਿਆਨ ਦਿੰਦਿਆਂ, ਮੰਤਰੀ ਨੇ ਦਸਤ, ਹੈਜ਼ਾ ਅਤੇ ਹੈਪੇਟਾਈਟਸ ਦੀ ਸਥਿਤੀ ਦਾ ਜਾਇਜ਼ਾ ਲਿਆ। ਉਨ੍ਹਾਂ ਅਧਿਕਾਰੀਆਂ ਨੂੰ ਪਾਣੀ ਦੀ ਗੁਣਵੱਤਾ 'ਤੇ ਸਖ਼ਤ ਨਜ਼ਰ ਰੱਖਣ, ਪੀਣ ਵਾਲੇ ਪਾਣੀ ਦੇ ਸਰੋਤਾਂ ਦੀ ਨਿਯਮਤ ਜਾਂਚ ਕਰਨ, ਲੀਕ ਹੋ ਰਹੀਆਂ ਪਾਈਪਲਾਈਨਾਂ ਜਾਂ ਦੂਸ਼ਿਤ ਸਪਲਾਈ ਲਾਈਨਾਂ ਨੂੰ ਤੁਰੰਤ ਠੀਕ ਕਰਨ ਅਤੇ ਸਾਰੇ ਸਿਹਤ ਸੰਸਥਾਵਾਂ ਵਿੱਚ ਓਆਰਐਸ, ਆਈਵੀ ਫਲੂਡਜ਼, ਕਲੋਰੀਨ ਦੀਆਂ ਗੋਲੀਆਂ ਅਤੇ ਜ਼ਰੂਰੀ ਦਵਾਈਆਂ ਦਾ ਲੋੜੀਂਦਾ ਭੰਡਾਰ ਤਿਆਰ ਰੱਖਣ ਦੇ ਨਿਰਦੇਸ਼ ਦਿੱਤੇ।

ਸਿਹਤ ਮੰਤਰੀ ਨੇ 'ਮੁੱਖ ਮੰਤਰੀ ਸਿਹਤ ਯੋਜਨਾ' (ਐਮਐਮਐਸਵਾਈ) ਕਾਰਡਾਂ ਦੀ ਵੰਡ ਦਾ ਵੀ ਜਾਇਜ਼ਾ ਲਿਆ। ਉਨ੍ਹਾਂ ਨੇ ਸਾਰੇ ਡਿਪਟੀ ਕਮਿਸ਼ਨਰਾਂ ਅਤੇ ਜ਼ਿਲ੍ਹਾ ਸਿਹਤ ਅਧਿਕਾਰੀਆਂ ਨੂੰ ਪਿੰਡ ਅਤੇ ਮੁਹੱਲਾ ਪੱਧਰ 'ਤੇ ਐਮਐਮਐਸਵਾਈ ਕਾਰਡਾਂ ਦੀ ਦਾ ਸੁਚੱਜੇ ਢੰਗ ਨਾਲ ਵੰਡ ਕਰਨ ਲਈ ਕਿਹਾ. ਡਾ. ਬਲਬੀਰ ਸਿੰਘ ਨੇ ਸਾਰੇ ਵਿਭਾਗਾਂ ਨੂੰ ਆਪਸੀ ਤਾਲਮੇਲ ਨਾਲ ਕੰਮ ਕਰਨ ਅਤੇ ਨਾਗਰਿਕਾਂ ਨੂੰ ਬਿਮਾਰੀ ਦੇ ਸਰੋਤਾਂ ਨੂੰ ਖਤਮ ਕਰਨ ਸਬੰਧੀ ਗਤੀਵਿਧੀਆਂ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਦੀ ਅਪੀਲ ਕੀਤੀ: "ਬਿਮਾਰੀਆਂ ਦੀ ਰੋਕਥਾਮ ਦੀ ਸਫਲਤਾ ਭਾਈਚਾਰਕ ਸ਼ਮੂਲੀਅਤ ਅਤੇ ਜ਼ਿੰਮੇਵਾਰੀ 'ਤੇ ਨਿਰਭਰ ਕਰਦੀ ਹੈ।

ਆਲੇ-ਦੁਆਲੇ ਦੀ ਸਫਾਈ ਯਕੀਨੀ ਬਣਾ ਕੇ ਅਤੇ ਖੜ੍ਹੇ ਪਾਣੀ ਦੀ ਜਾਂਚ ਕਰਕੇ, ਅਸੀਂ ਸਾਰੇ ਮਿਲ ਕੇ ਪੰਜਾਬ ਨੂੰ ਸਿਹਤਮੰਦ ਅਤੇ ਬਿਮਾਰੀ-ਮੁਕਤ ਰੱਖ ਸਕਦੇ ਹਾਂ।'

# ਰਾਸ਼ਟਰੀਯ ਪੋਸ਼ਣ ਮਾਹ 2026 ਦੌਰਾਨ ਸਮੁਦਾਇਕ ਸਮਾਗਮਾਂ ਦੇ ਜ਼ਰੀਏ ਪੋਸ਼ਣ ਸਬੰਧੀ ਜਾਗਰੂਕਤਾ ਨੂੰ ਹੁਲਾਰਾ ਦਿੱਤਾ ਗਿਆ



**ਚੰਡੀਗੜ੍ਹ, 22 ਸਤੰਬਰ**
**-ਜੀ. ਐਸ. ਤੁੰਗ-**

ਚੰਡੀਗੜ੍ਹ ਪ੍ਰਸ਼ਾਸਨ ਦੇ ਸਮਾਜ ਭਲਾਈ, ਮਹਿਲਾ ਅਤੇ ਬਾਲ ਵਿਕਾਸ ਵਿਭਾਗ ਵੱਲੋਂ 'ਰਾਸ਼ਟਰੀਯ ਪੋਸ਼ਣ ਮਾਹ 2026' ਦੇ ਤਹਿਤ ਚੰਡੀਗੜ੍ਹ ਦੇ ਵਿਭਿੰਨ ਆਂਗਣਵਾੜੀ ਕੇਂਦਰਾਂ ਵਿੱਚ ਸਮੁਦਾਇ-ਅਧਾਰਿਤ ਸਮਾਗਮਾਂ (ਸੀਬੀਈਜ਼) ਆਯੋਜਿਤ ਕੀਤੇ ਗਏ। ਇਨ੍ਹਾਂ ਸਮਾਗਮਾਂ ਦਾ ਮੁੱਖ ਉਦੇਸ਼ ਪੋਸ਼ਣ ਸਬੰਧੀ ਜਾਗਰੂਕਤਾ ਵਧਾਉਣ ਦੇ ਨਾਲ-ਨਾਲ ਮਾਂ ਅਤੇ ਬੱਚੇ ਦੀ ਸਿਹਤ ਅਤੇ ਪੋਸ਼ਣ ਸਬੰਧੀ ਬਿਹਤਰ ਨਤੀਜਿਆਂ ਲਈ ਸਮੁਦਾਇਕ ਭਾਗੀਦਾਰੀ ਨੂੰ ਹੁਲਾਰਾ ਦੇਣਾ ਰਿਹਾ।

ਇਨ੍ਹਾਂ ਗਤੀਵਿਧੀਆਂ ਦੇ ਦੌਰਾਨ ਪੌਸ਼ਟਿਕ ਆਹਾਰ, ਗਰਮ ਪਕਾਇਆ ਹੋਇਆ ਭੋਜਨ (ਐੱਚਸੀਐੱਮ), ਟੇਕ-ਹੋਮ ਰਾਸ਼ਨ (ਟੀਐੱਚਆਰ), ਅਨੀਮੀਆ ਦੀ ਰੋਕਥਾਮ, ਮਾਂ ਦੀ ਸਿਹਤ ਅਤੇ ਬਾਲ ਪੋਸ਼ਣ ਬਾਰੇ ਜਾਗਰੂਕਤਾ ਸੈਸ਼ਨ ਆਯੋਜਿਤ ਕੀਤੇ ਗਏ। ਇਸ ਤੋਂ ਇਲਾਵਾ ਪ੍ਰਧਾਨ ਮੰਤਰੀ ਮਾਤ੍ਰ ਵੰਦਨਾ ਯੋਜਨਾ (ਪੀਐੱਮਐੱਮਵੀਵਾਈ) ਬਾਰੇ ਜਾਗਰੂਕਤਾ ਅਤੇ ਰਜਿਸਟ੍ਰੇਸ਼ਨ, ਗਰਭਵਤੀ ਮਹਿਲਾਵਾਂ ਦੀ ਜਣੇਪੇ ਤੋਂ ਪਹਿਲਾਂ ਦੀ ਜਾਂਚ, ਘਰਾਂ ਦੇ ਦੌਰੇ ਅਤੇ ਓਆਰਐੱਸ ਘੋਲ ਤਿਆਰ ਕਰਨ ਦਾ ਪ੍ਰਦਰਸ਼ਨ ਵੀ ਕੀਤਾ ਗਿਆ।

ਵਿਕਾਸ ਨਗਰ ਸਰਕਲ ਵਿੱਚ ਆਂਗਣਵਾੜੀ ਕੇਂਦਰਾਂ ਵਿੱਚ ਉਪਲਬਧ ਤਾਜ਼ੇ ਅਤੇ ਗਰਮ ਪਕਾਏ ਹੋਏ ਭੋਜਨ (ਐੱਚਸੀਐੱਮ) ਦੇ ਪੋਸ਼ਣ ਮੁੱਲ ਅਤੇ ਸਿਹਤ ਲਾਭਾਂ ਬਾਰੇ ਇੱਕ ਜਾਗਰੂਕਤਾ ਲੈਕਚਰ ਆਯੋਜਿਤ ਕੀਤਾ ਗਿਆ। ਲਾਭਾਰਥੀਆਂ ਨੇ ਏਐੱਨਐੱਮ ਨਾਲ ਸੰਵਾਦ ਕੀਤਾ ਅਤੇ ਪੌਸ਼ਟਿਕ, ਤਾਜ਼ਾ ਤਿਆਰ ਭੋਜਨ ਦੇ ਸੇਵਨ ਅਤੇ ਰੋਜ਼ਾਨਾ ਜੀਵਨ ਵਿੱਚ ਤੰਦਰੁਸਤ ਆਹਾਰ ਸਬੰਧੀ ਆਦਤਾਂ ਨੂੰ ਅਪਣਾਉਣ ਦੇ ਮਹੱਤਵ ਬਾਰੇ ਜਾਣਕਾਰੀ ਪ੍ਰਾਪਤ ਕੀਤੀ। ਬੁੜੈਲ ਸਰਕਲ ਵਿਖੇ ਪ੍ਰਧਾਨ ਮੰਤਰੀ ਮਾਤ੍ਰ ਵੰਦਨਾ ਯੋਜਨਾ (ਪੀਐੱਮਐੱਮਵੀਵਾਈ) ਦੇ ਸਬੰਧ ਵਿੱਚ ਜਾਗਰੂਕਤਾ ਅਤੇ ਰਜਿਸਟ੍ਰੇਸ਼ਨ ਮੁਹਿੰਮ ਆਯੋਜਿਤ ਕੀਤੀ ਗਈ। ਇਸ ਦੌਰਾਨ ਲਾਭਾਰਥੀਆਂ ਨੂੰ ਯੋਜਨਾ ਦੇ ਲਾਭਾਂ, ਪਾਤਰਤਾ ਅਤੇ ਸਮੇਂ 'ਤੇ ਰਜਿਸਟ੍ਰੇਸ਼ਨ ਦੇ ਮਹੱਤਵ ਬਾਰੇ ਜਾਣਕਾਰੀ ਦਿੱਤੀ ਗਈ।

ਮਨੀਮਾਜਰਾ ਟਾਊਨ ਸਰਕਲ ਦੇ ਤਹਿਤ ਇੰਦਰਾ ਕਲੋਨੀ ਵਿੱਚ ਸਮੁਦਾਇਕ ਭਾਗੀਦਾਰੀ ਅਤੇ ਪੋਸ਼ਣ ਜਾਗਰੂਕਤਾ ਪ੍ਰੋਗਰਾਮ ਆਯੋਜਿਤ ਕੀਤਾ ਗਿਆ, ਜਿਸ ਵਿੱਚ ਪੋਸ਼ਣ ਨੂੰ ਮੁੱਖ ਵਿਸ਼ਾ ਬਣਾਇਆ ਗਿਆ। ਪੀਜੀਆਈਐੱਮਈਆਰ ਦੇ ਡਾ. ਤੇਜਸ ਨੇ ਸੰਤੁਲਿਤ ਤੇ ਪੌਸ਼ਟਿਕ ਆਹਾਰ ਬਾਰੇ ਜਾਣਕਾਰੀ ਭਰਪੂਰ ਲੈਕਚਰ ਦਿੱਤਾ ਅਤੇ ਓਪਨ-ਹਾਊਸ ਸੰਵਾਦ ਦੇ ਜ਼ਰੀਏ ਲਾਭਾਰਥੀਆਂ ਦੇ ਪ੍ਰਸ਼ਨਾਂ ਦਾ ਸਮਾਧਾਨ ਕੀਤਾ।

ਪ੍ਰੋਗਰਾਮ ਦੇ ਦੌਰਾਨ ਆਂਗਣਵਾੜੀ ਕੇਂਦਰਾਂ ਦੇ ਜ਼ਰੀਏ ਉਪਲਬਧ ਗਰਮ ਪਕਾਏ ਹੋਏ ਭੋਜਨ (ਐੱਚਸੀਐੱਮ) ਅਤੇ ਟੇਕ-ਹੋਮ ਰਾਸ਼ਨ (ਟੀਐੱਚਆਰ) ਦੇ ਮਹੱਤਵ 'ਤੇ ਵੀ ਪ੍ਰਕਾਸ਼ ਪਾਇਆ ਗਿਆ।

# 70ਵੀਆਂ ਅੰਤਰ ਜ਼ਿਲ੍ਹਾ ਸਕੂਲ ਖੇਡਾਂ 'ਚ ਅੰਡਰ-17 ਬਾਸਕਟਬਾਲ ਦਾ ਹੋਇਆ ਆਗਾਜ਼



**ਪਟਿਆਲਾ, 22 ਸਤੰਬਰ**
**-ਬਲਜੀਤ ਸਰਨਾ-**

ਜ਼ਿਲ੍ਹਾ ਸਿੱਖਿਆ ਅਫਸਰ ਸ਼ਾਲੂ ਮਹਿਰਾ ਦੀ ਯੋਗ ਅਗਵਾਈ ਤੇ ਉਪ ਜਿਲ੍ਹਾ ਸਿੱਖਿਆ ਅਫਸਰ ਡਾ ਰਵਿੰਦਰਪਾਲ ਸ਼ਰਮਾਂ ਦੇ ਦਿਸ਼ਾ ਨਿਰਦੇਸ਼ ਅਨੁਸਾਰ ਅਤੇ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਡਾ.ਦਲਜੀਤ ਸਿੰਘ ਤੇ ਜ਼ਿਲ੍ਹਾ ਸਕੂਲ ਟੂਰਨਾਮੈਂਟ ਕਮੇਟੀ ਦੇ ਸਕੱਤਰ ਚਰਨਜੀਤ ਸਿੰਘ ਭੁੱਲਰ ਦੇ ਤਾਲਮੇਲ ਨਾਲ ਅੰਡਰ-17 ਲੜਕਿਆਂ ਦੇ ਬਾਸਕਟਬਾਲ ਮੁਕਾਬਲੇ ਪੀਐਮ ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਮਲਟੀਪਰਪਜ਼ ਸਕੂਲ ਮਿਡਲ ਬਰਾਂਚ ਪੰਜਾਬੀ ਬਾਗ ਪਟਿਆਲਾ ਵਿਖੇ ਹੋਇਆ ਆਗਾਜ਼।ਇਸ ਟੂਰਨਾਮੈਂਟ ਵਿੱਚ ਅੰਡਰ-17 ਲੜਕਿਆਂ ਦੀਆਂ 26 ਟੀਮਾਂ ਹਿੱਸਾ ਲੈ ਰਹੀਆਂ ਹਨ।

ਪ੍ਰਿੰਸੀਪਲ ਵਿਜੇ ਕਪੂਰ ਸਟੇਟ ਆਵਰਡੀ ਤੇ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਡਾ.ਦਲਜੀਤ ਸਿੰਘ ਉਚੇਚੇ ਤੌਰ ਤੇ ਪਹੁੰਚ ਕੇ ਖਿਡਾਰੀਆਂ ਨੂੰ ਅਸ਼ੀਰਵਾਦ ਦਿੱਤਾ।ਅੱਜ ਦੇ ਹੋਏ ਮੁਕਾਬਲਿਆਂ ਵਿੱਚ ਮਲਟੀਪਰਪਜ਼ ਸਕੂਲ ਵਿੰਗ ਪਟਿਆਲਾ ਨੇ ਲੁਧਿਆਣੇ ਨੂੰ, ਰੂਪਨਗਰ ਨੇ ਮੋਗੇ ਨੂੰ,ਕਪੂਰਥਲਾ ਨੇ ਸ਼ਹੀਦ ਭਗਤ ਸਿੰਘ ਨਗਰ ਨੂੰ,ਬਠਿੰਡੇ ਨੇ ਪਠਾਨਕੋਟ ਨੂੰ,ਮੋਹਾਲੀ ਨੇ ਫਾਜ਼ਿਲਕਾ ਨੂੰ ਹਰਾਇਆ।ਇਸ ਮੌਕੇ ਤੇ ਪ੍ਰਿੰਸੀਪਲ ਮਨਿੰਦਰ ਕੌਰ, ਅਮਰਜੋਤ ਸਿੰਘ ਕੋਚ, ਅਮਨਿੰਦਰ ਸਿੰਘ ਬਾਬਾ, ਕਮਲਦੀਪ ਸਿੰਘ ਕੋਚ, ਰਮਨੀਕ ਅਹੂਜਾ ਕੋਚ, ਗੁਰਮੀਤ ਸਿੰਘ ਕੋਚ, ਸ਼ਿਵ ਭੰਡੀਰ ,ਅਮਨਦੀਪ ਕੌਰ, ਕੁਲਜੀਤ ਕੌਰ, ਕੁਲਦੀਪ ਕੌਰ, ਤੇਜਿੰਦਰ ਕੌਰ, ਇਰਵਨਦੀਪ ਕੌਰ,ਇੰਦੂ ਬਾਲਾ, ਮੀਨਾ ਸੂਦ, ਹਰਵੀਰ ਕੌਰ, ਖੁਸ਼ਵੰਤ ਸਿੰਘ, ਬਲਵਿੰਦਰ ਸਿੰਘ,ਰਵੀਇੰਦਰ ਸਿੰਘ, ਸਵਾਮੀ, ਗੁਰਿੰਦਰ ਸਿੰਘ, ਸਹਿਜ, ਚਮਕੌਰ ਸਿੰਘ, ਸੁਨੀਲ ਕੁਮਾਰ, ਰਕੇਸ਼ ਕੁਮਾਰ, ਸੁੱਚਾ ਸਿੰਘ ਤੇ ਪ੍ਰੈਸ ਇੰਚਾਰਜ ਜਸਵਿੰਦਰ ਸਿੰਘ ਹਾਜਰ ਸਨ

# ਵਿਧਾਇਕਾ ਨੀਨਾ ਮਿੱਤਲ ਨੇ 'ਮਾਨ ਦੇ ਮੁਨਾਫ਼ੇ' ਮੁਹਿੰਮ ਤਹਿਤ ਵਾਰਡ ਨੰਬਰ 21 ਤੋਂ ਘਰ-ਘਰ ਕੀਤਾ ਪ੍ਰਚਾਰ

**ਰਾਜਪੁਰਾ, 23 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਦਿੱਤੀਆਂ ਜਾ ਰਹੀਆਂ ਵੱਖ-ਵੱਖ ਲੋਕ ਭਲਾਈ ਸਕੀਮਾਂ ਅਤੇ ਸਹੂਲਤਾਂ ਬਾਰੇ ਜਾਗਰੂਕ ਕਰਨ ਲਈ ਆਮ ਆਦਮੀ ਪਾਰਟੀ ਵੱਲੋਂ ਸ਼ੁਰੂ ਕੀਤੀ ਗਈ 'ਮਾਨ ਦੇ ਮੁਨਾਫ਼ੇ' ਮੁਹਿੰਮ ਤਹਿਤ ਹਲਕਾ ਰਾਜਪੁਰਾ ਵਿਧਾਇਕਾ ਨੀਨਾ ਮਿੱਤਲ ਨੇ ਵਾਰਡ ਨੰਬਰ 21 ਤੋਂ ਘਰ-ਘਰ ਪ੍ਰਚਾਰ ਮੁਹਿੰਮ ਦਾ ਆਗਾਜ਼ ਕੀਤਾ। ਇਸ ਦੌਰਾਨ ਉਨ੍ਹਾਂ ਨੇ ਲੋਕਾਂ ਨਾਲ ਸਿੱਧਾ ਰਾਬਤਾ ਕਾਇਮ ਕਰਦਿਆਂ ਪੰਜਾਬ ਸਰਕਾਰ ਦੇ ਸਾਢੇ ਚਾਰ ਸਾਲਾਂ ਦੇ ਕਾਰਜਕਾਲ ਦੌਰਾਨ ਲਏ ਗਏ ਲੋਕ ਹਿਤੈਸ਼ੀ ਫੈਸਲਿਆਂ ਅਤੇ ਵੱਖ-ਵੱਖ ਸਕੀਮਾਂ ਬਾਰੇ ਜਾਣਕਾਰੀ ਸਾਂਝੀ ਕੀਤੀ।

ਇਸ ਮੌਕੇ ਵਿਧਾਇਕਾ ਨੀਨਾ ਮਿੱਤਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਆਪਣੇ ਕਾਰਜਕਾਲ ਦੌਰਾਨ ਕੀਤੇ ਗਏ ਕੰਮਾਂ ਅਤੇ ਲੋਕਾਂ ਨੂੰ ਦਿੱਤੀਆਂ ਸਹੂਲਤਾਂ ਦੀ ਜਾਣਕਾਰੀ ਸਿੱਧੀ ਘਰ-ਘਰ ਪਹੁੰਚਾਉਣ ਦਾ ਉਪਰਾਲਾ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ 'ਮਾਨ ਦੇ ਮੁਨਾਫ਼ੇ' ਮੁਹਿੰਮ ਤਹਿਤ ਸਰਕਾਰ ਦੇ ਰਿਪੋਰਟ ਕਾਰਡ ਰਾਹੀਂ ਲੋਕਾਂ ਨੂੰ ਮੁਫ਼ਤ ਬਿਜਲੀ, ਸਿਹਤ ਸੇਵਾਵਾਂ, ਸਿੱਖਿਆ ਅਤੇ ਮਹਿਲਾਵਾਂ ਲਈ 'ਮਾਵਾਂ-ਧੀਆਂ ਸਤਿਕਾਰ ਯੋਜਨਾ' ਸਮੇਤ ਵੱਖ-ਵੱਖ ਸਕੀਮਾਂ ਬਾਰੇ ਜਾਣੂ ਕਰਵਾਇਆ ਜਾ ਰਿਹਾ ਹੈ।

ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਯੋਗ ਮਹਿਲਾਵਾਂ ਨੂੰ ਸ਼੍ਰੇਣੀ ਅਨੁਸਾਰ 1,000 ਅਤੇ 1,500 ਰੁਪਏ ਪ੍ਰਤੀ ਮਹੀਨਾ ਵਿੱਤੀ ਸਹਾਇਤਾ ਦਿੱਤੀ ਜਾ ਰਹੀ ਹੈ। ਇਸ ਤੋਂ ਇਲਾਵਾ ਮੁਫ਼ਤ ਬਿਜਲੀ ਅਤੇ ਸਰਕਾਰੀ ਸਿਹਤ ਤੇ ਸਿੱਖਿਆ ਸਹੂਲਤਾਂ ਨੂੰ ਵੀ ਸਰਕਾਰ ਵੱਲੋਂ ਲੋਕ ਭਲਾਈ ਦੇ ਮੁੱਖ ਉਪਰਾਲਿਆਂ ਵਜੋਂ ਉਜਾਗਰ ਕੀਤਾ ਜਾ ਰਿਹਾ ਹੈ।

ਵਿਧਾਇਕਾ ਨੀਨਾ ਮਿੱਤਲ ਨੇ ਕਿਹਾ ਕਿ ਸਰਕਾਰ ਵੱਲੋਂ ਤਿਆਰ ਕੀਤੇ ਰਿਪੋਰਟ ਕਾਰਡ ਵਿੱਚ ਦਰਸਾਇਆ ਗਿਆ ਹੈ ਕਿ ਵੱਖ-ਵੱਖ ਸਹੂਲਤਾਂ ਅਤੇ ਸਕੀਮਾਂ ਰਾਹੀਂ ਪਰਿਵਾਰਾਂ ਨੂੰ ਸਾਲਾਨਾ ਲਗਭਗ 1.82 ਲੱਖ ਰੁਪਏ ਤੱਕ ਦਾ ਵਿੱਤੀ ਲਾਭ ਮਿਲ ਰਿਹਾ ਹੈ। 'ਮਾਨ ਦੇ ਮੁਨਾਫ਼ੇ' ਮੁਹਿੰਮ ਬਾਰੇ ਰਿਪੋਰਟਾਂ ਵਿੱਚ ਵੀ ਇਹ ਅੰਕੜਾ ਦਰਜ ਕੀਤਾ ਗਿਆ ਹੈ।

ਡੋਰ-ਟੂ-ਡੋਰ ਮੁਹਿੰਮ ਦੌਰਾਨ ਵਿਧਾਇਕ ਨੀਨਾ ਮਿੱਤਲ ਵੱਲੋਂ ਲੋਕਾਂ ਨਾਲ ਗੱਲਬਾਤ ਕਰਕੇ ਸਰਕਾਰ ਦੀਆਂ ਵੱਖ-ਵੱਖ ਸਹੂਲਤਾਂ ਬਾਰੇ ਜਾਣਕਾਰੀ ਦਿੱਤੀ ਗਈ। ਇਸ ਦੌਰਾਨ ਉਨ੍ਹਾਂ ਨੇ ਦੱਸਿਆ ਕਿ ਮੁਫ਼ਤ ਬਿਜਲੀ, ਆਮ ਆਦਮੀ ਕਲੀਨਿਕਾਂ ਰਾਹੀਂ ਸਿਹਤ ਸੇਵਾਵਾਂ, ਸਰਕਾਰੀ ਸਕੂਲਾਂ ਵਿੱਚ ਸਿੱਖਿਆ ਅਤੇ ਹੋਰ ਲੋਕ ਭਲਾਈ ਸਕੀਮਾਂ ਪਰਿਵਾਰਾਂ ਦੇ ਘਰੇਲੂ ਬਜਟ ਨੂੰ ਪ੍ਰਭਾਵਿਤ ਕਰਦੀਆਂ ਹਨ।

ਵਿਧਾਇਕਾ ਨੀਨਾ ਮਿੱਤਲ ਨੇ ਕਿਹਾ ਕਿ ਰਵਾਇਤੀ ਸਿਆਸੀ ਪਾਰਟੀਆਂ ਨੇ ਲੰਬੇ ਸਮੇਂ ਤੱਕ ਪੰਜਾਬ ਦੀ ਸੱਤਾ ਸੰਭਾਲੀ, ਜਦਕਿ ਮੌਜੂਦਾ ਸਰਕਾਰ ਨੇ ਸਿੱਖਿਆ, ਸਿਹਤ, ਰੋਜ਼ਗਾਰ ਅਤੇ ਲੋਕ ਭਲਾਈ ਦੇ ਖੇਤਰਾਂ ਵਿੱਚ ਕਈ ਉਪਰਾਲੇ ਕੀਤੇ ਹਨ। ਉਨ੍ਹਾਂ ਦਾਅਵਾ ਕੀਤਾ ਕਿ ਸਰਕਾਰ ਦੇ ਕੰਮਾਂ ਨੂੰ ਲੈ ਕੇ ਰਾਜਪੁਰਾ ਦੇ ਲੋਕਾਂ ਵੱਲੋਂ ਮੁਹਿੰਮ ਦੌਰਾਨ ਭਰਵਾਂ ਹੁੰਗਾਰਾ ਮਿਲ ਰਿਹਾ ਹੈ ਅਤੇ 2027 ਵਿਚ ਲੋਕ ਆਮ ਆਦਮੀ ਪਾਰਟੀ ਦੀ ਸਰਕਾਰ ਦੁਬਾਰਾ ਬਣਾਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਦੁਬਾਰਾ ਮੁੱਖ ਮੰਤਰੀ ਬਣਾਉਣ ਲਈ ਉਤਾਵਲੇ ਹਨ। ਇਸ ਮੌਕੇ ਲੋਕਾਂ ਨੇ ਸਰਕਾਰ ਵੱਲੋਂ ਮਿਲ ਰਹੀਆਂ ਸਹੂਲਤਾਂ ਸਬੰਧੀ ਆਪਣੇ ਵਿਚਾਰ ਸਾਂਝੇ ਕੀਤੇ। 'ਆਪ' ਆਗੂਆਂ ਨੇ ਕਿਹਾ ਕਿ ਮੁਹਿੰਮ ਦਾ ਮਕਸਦ ਸਰਕਾਰ ਦੀਆਂ ਯੋਜਨਾਵਾਂ ਅਤੇ ਉਨ੍ਹਾਂ ਦੇ ਲਾਭਾਂ ਬਾਰੇ ਲੋਕਾਂ ਤੱਕ ਜਾਣਕਾਰੀ ਪਹੁੰਚਾਉਣਾ ਹੈ।ਇਸ ਮੌਕੇ ਰਿਤੇਸ਼ ਬਾਂਸਲ ਪ੍ਰਧਾਨ ਨਗਰ ਕੌਂਸਲ ਰਾਜਪੁਰਾ,ਕੱਲਪਨਾ ਕੁਕਰੇਜਾ ਸੀਨੀਅਰ ਵਾਈਸ ਪ੍ਰਧਾਨ ਨਗਰ ਕੌਂਸਲ ਰਾਜਪੁਰਾ, ਮੈਡਮ ਚਾਰੂ ਚੋਧਰੀ, ਸੁਗੰਧਾ ਮਿੱਤਲ ਮਹਿਲਾ ਪ੍ਰਧਾਨ ਰਾਜਪੁਰਾ, ਕੌਂਸਲਰ ਰਮਨ ਟਿਵਾਣਾ, ਕੌਂਸਲਰ ਕ੍ਰਿਸ਼ਨ ਕੁਮਾਰ ਫੋਜੀ, ਪ੍ਰਧਾਨ ਰਾਮੇਸ਼ ਪਾਹੁਜਾ, ਪ੍ਰਧਾਨ ਰਾਜੇਸ਼ ਬੋਵਾ, ਐਡਵੋਕੇਟ ਸੰਦੀਪ ਬਾਵਾ, ਚੀਮਾ , ਅਮਰਿੰਦਰ ਮੀਰੀ ਸਮੇਤ ਹੋਰ ਵੀ ਪਾਰਟੀ ਵਰਕਰ ਅਤੇ ਅਹੁਦੇਦਾਰ ਮੌਜੂਦ ਸਨ।

# ਐਮ.ਆਰ.ਐਸ.ਪੀ.ਟੀ.ਯੂ. ਵਿਖੇ ਵਿਸ਼ਵ ਓਜ਼ੋਨ ਦਿਵਸ ਨੂੰ ਸਮਰਪਿਤ ਮਾਹਿਰ ਲੈਕਚਰ ਅਤੇ ਪੋਸਟਰ ਮੁਕਾਬਲੇ ਦਾ ਆਯੋਜਨ



**ਬਠਿੰਡਾ, 22 ਸਤੰਬਰ**
**-ਗੁਰਤੇਜ ਅਤਲਾ-**

ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ (ਐਮ.ਆਰ.ਐਸ.ਪੀ.ਟੀ.ਯੂ.), ਬਠਿੰਡਾ ਦੇ ਸਕੂਲ ਆਫ਼ ਐਗਰੀਕਲਚਰ ਸਾਇੰਸਿਜ਼ ਐਂਡ ਇੰਜਨੀਅਰਿੰਗ (ਐਸ.ਏ.ਐਸ.ਈ.) ਵੱਲੋਂ ਵਿਸ਼ਵ ਓਜ਼ੋਨ ਦਿਵਸ ਨੂੰ ਸਮਰਪਿਤ ਮਾਹਿਰ ਲੈਕਚਰ ਅਤੇ ਪੋਸਟਰ ਮੁਕਾਬਲੇ ਦਾ ਆਯੋਜਨ ਕੀਤਾ ਗਿਆ।

ਇਸ ਦਾ ਉਦੇਸ਼ ਵਿਦਿਆਰਥੀਆਂ ਨੂੰ ਓਜ਼ੋਨ ਪਰਤ ਦੀ ਸੁਰੱਖਿਆ, ਜਲਵਾਯੂ ਪਰਿਵਰਤਨ, ਵਾਯੂਮੰਡਲੀ ਪ੍ਰਕਿਰਿਆਵਾਂ ਅਤੇ ਵਾਤਾਵਰਣ ਦੀ ਸੰਭਾਲ ਸਬੰਧੀ ਜਾਗਰੂਕ ਕਰਨਾ ਸੀ।

ਐਸ.ਏ.ਐਸ.ਈ. ਦੀ ਸਹਾਇਕ ਪ੍ਰੋਫੈਸਰ ਅਤੇ ਖੇਤੀਬਾੜੀ ਮੌਸਮ ਵਿਗਿਆਨ ਦੀ ਮਾਹਿਰ ਡਾ. ਸਿਮਰਨਜੀਤ ਕੌਰ ਨੇ ਮਾਹਿਰ ਲੈਕਚਰ ਦਿੱਤਾ ਅਤੇ ਵਿਦਿਆਰਥੀਆਂ ਨਾਲ ਓਜ਼ੋਨ ਪਰਤ ਦੀ ਮਹੱਤਤਾ, ਧਰਤੀ ਉੱਤੇ ਜੀਵਨ ਦੀ ਸੁਰੱਖਿਆ ਵਿੱਚ ਇਸ ਦੀ ਭੂਮਿਕਾ ਅਤੇ ਓਜ਼ੋਨ ਪਰਤ ਦੇ ਖ਼ਾਤਮੇ ਅਤੇ ਬਦਲ ਰਹੀਆਂ ਵਾਯੂਮੰਡਲੀ ਸਥਿਤੀਆਂ ਦੇ ਖੇਤੀਬਾੜੀ ਅਤੇ ਵਾਤਾਵਰਣ ਉੱਤੇ ਪੈਣ ਵਾਲੇ ਪ੍ਰਭਾਵਾਂ ਬਾਰੇ ਵਿਚਾਰ-ਵਟਾਂਦਰਾ ਕੀਤਾ। ਉਨ੍ਹਾਂ ਨੇ ਵਾਤਾਵਰਣ ਨਾਲ ਜੁੜੀਆਂ ਚੁਣੌਤੀਆਂ ਨਾਲ ਨਜਿੱਠਣ ਲਈ ਟਿਕਾਊ ਖੇਤੀਬਾੜੀ ਪ੍ਰਥਾਵਾਂ ਅਪਣਾਉਣ ਦੀ ਮਹੱਤਤਾ 'ਤੇ ਵੀ ਜ਼ੋਰ ਦਿੱਤਾ।

ਇਸ ਮੌਕੇ ਪੋਸਟਰ ਮੁਕਾਬਲਾ ਵੀ ਕਰਵਾਇਆ ਗਿਆ, ਜਿਸ ਵਿੱਚ SASE ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲੈਂਦਿਆਂ ਓਜ਼ੋਨ ਪਰਤ ਦੀ ਸੁਰੱਖਿਆ ਅਤੇ ਵਾਤਾਵਰਣ ਦੀ ਸੰਭਾਲ ਨਾਲ ਸਬੰਧਤ ਰਚਨਾਤਮਕ ਪੋਸਟਰ ਪੇਸ਼ ਕੀਤੇ।

ਉਦਮਪ੍ਰੀਤ ਕੌਰ ਨੇ ਪਹਿਲਾ, ਅਨਮੋਲਪ੍ਰੀਤ ਕੌਰ ਨੇ ਦੂਜਾ ਅਤੇ ਜਸ਼ਨਪ੍ਰੀਤ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ।

ਪੋਸਟਰਾਂ ਦਾ ਮੁਲਾਂਕਣ ਡਾ. ਲੋਕੇਸ਼ ਅਤੇ ਸ੍ਰੀਮਤੀ ਰਮਨਦੀਪ ਕੌਰ ਵੱਲੋਂ ਵਿਸ਼ਾ-ਵਸਤੂ, ਰਚਨਾਤਮਕਤਾ, ਸਾਰਥਕਤਾ ਅਤੇ ਪੇਸ਼ਕਾਰੀ ਦੇ ਆਧਾਰ 'ਤੇ ਕੀਤਾ ਗਿਆ। ਇਹ ਪ੍ਰੋਗਰਾਮ ਪ੍ਰੋ. ਜਸਵੀਰ ਸਿੰਘ ਟਿਵਾਣਾ, ਮੁਖੀ ਵਿਭਾਗ, ਡਾ. ਵਿਨੀਤ ਚਾਵਲਾ, ਡਾ. ਕੰਵਲਜੀਤ ਸਿੰਘ, ਇੰਜ. ਜਤਿੰਦਰ ਕੁਮਾਰ ਅਤੇ ਇੰਜ. ਰਜਿੰਦਰ ਸਿੰਘ ਦੀ ਅਗਵਾਈ ਹੇਠ ਕਰਵਾਇਆ ਗਿਆ। ਉਨ੍ਹਾਂ ਦੀ ਅਗਵਾਈ ਅਤੇ ਸਹਿਯੋਗ ਨੇ ਪ੍ਰੋਗਰਾਮ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਨ ਵਿੱਚ ਅਹਿਮ ਯੋਗਦਾਨ ਪਾਇਆ।

ਵਾਈਸ ਚਾਂਸਲਰ ਪ੍ਰੋ. (ਡਾ.) ਸੰਜੀਵ ਕੁਮਾਰ ਸ਼ਰਮਾ ਅਤੇ ਰਜਿਸਟਰਾਰ ਪ੍ਰੋ. (ਡਾ.) ਪਰਮਜੀਤ ਸਿੰਘ ਨੇ ਪ੍ਰੋਗਰਾਮ ਦੇ ਆਯੋਜਨ ਅਤੇ ਵਿਦਿਆਰਥੀਆਂ ਵਿੱਚ ਵਾਤਾਵਰਣ ਸਬੰਧੀ ਜਾਗਰੂਕਤਾ ਪੈਦਾ ਕਰਨ ਲਈ ਐਸ.ਏ.ਐਸ.ਈ. ਦੇ ਯਤਨਾਂ ਦੀ ਸ਼ਲਾਘਾ ਕੀਤੀ।

ਐਸ.ਏ.ਐਸ.ਈ. ਦੇ ਫੈਕਲਟੀ ਮੈਂਬਰਾਂ ਨੇ ਵੱਖ-ਵੱਖ ਗਤੀਵਿਧੀਆਂ ਦਾ ਪ੍ਰਭਾਵਸ਼ਾਲੀ ਢੰਗ ਨਾਲ ਤਾਲਮੇਲ ਕੀਤਾ ਅਤੇ ਵਿਦਿਆਰਥੀਆਂ ਦੀ ਉਤਸ਼ਾਹਪੂਰਨ ਭਾਗੀਦਾਰੀ ਨੂੰ ਯਕੀਨੀ ਬਣਾਇਆ। ਪ੍ਰੋਗਰਾਮ ਦੇ ਅੰਤ ਵਿੱਚ ਵਿਦਿਆਰਥੀਆਂ ਨੂੰ ਵਾਤਾਵਰਣ ਦੀ ਟਿਕਾਊ ਸੰਭਾਲ ਅਤੇ ਓਜ਼ੋਨ ਪਰਤ ਦੀ ਸੁਰੱਖਿਆ ਲਈ ਆਪਣਾ ਯੋਗਦਾਨ ਪਾਉਣ ਦਾ ਸੰਦੇਸ਼ ਦਿੱਤਾ ਗਿਆ।

# ਹਜ਼ਰਤ ਜਨਾਬ ਬਾਬਾ ਹਰੀ ਰਾਮ ਸਰਕਾਰ ਜੀ ਦੀ ਯਾਦ ਵਿੱਚ ਸਲਾਨਾ ਮੇਲਾ 25 ਨੂੰ



**ਮੁਕੇਰੀਆਂ, 23 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪਿੰਡ ਸ਼ੇਰਪੁਰ ਮੁਕੇਰੀਆਂ ਵਿਖੇ ਸਥਿਤ ਦਰਬਾਰ ਸਾਈਂ ਜੋਤ ਅਲੀ ਸ਼ਾਹ ਚਿਸ਼ਤੀ ਸਾਬਰੀ, ਗੱਦੀ ਬਾਬਾ ਸ਼ੇਖ ਫ਼ਰੀਦ ਸ਼ੇਰਪੁਰ ਵਿਖੇ ਸਲਾਨਾ ਜੋੜ ਮੇਲੇ ਦੀਆਂ ਤਿਆਰੀਆਂ ਮੁਕੰਮਲ ਹੋ ਚੁੱਕੀਆਂ ਹਨ। ਸਲਾਨਾ ਇਤਿਹਾਸਕ ਮੇਲਾ ,25 ਸਤੰਬਰ ਨੂੰ ਬੜੀ ਸ਼ਰਧਾ ਤੇ ਧੂਮ-ਧਾਮ ਨਾਲ ਗੁਰੂ ਮੁਰਸ਼ਦ ਸਾਈ ਤਰਸੇਮ ਸ਼ਾਹ ਸਰਕਾਰ ਜੀ ਤੇ ਗੁਰੂ ਮਾਤਾ ਸੁਰਜੀਤ ਕੌਰ ਸਰਕਾਰ ਜੀ ਦੀ ਰਹਿਮੋ ਕਰਮ ਸਦਕਾ ਕਰਵਾਇਆ ਜਾ ਰਿਹਾ ਹੈ।

ਦਰਬਾਰ ਦੇ ਸੱਜਾਦਾ ਨਸ਼ੀਨ ਸਾਈਂ ਸੋਨੂ ਸ਼ਾਹ ਅਤੇ ਸੱਜਾਦਾ ਨਸ਼ੀਨ ਸਾਈਂ ਮੋਨੂ ਸ਼ਾਹ ਨੇ ਦੱਸਿਆ ਕਿ ਸ਼ੇਰਪੁਰ ਵਿਖੇ ਲੱਗਣ ਵਾਲਾ ਸਲਾਨਾ ਮੇਲਾ ਹਜ਼ਰਤ ਬਾਬਾ ਹਰੀ ਰਾਮ ਸਰਕਾਰ ਜੀ ਗੱਦੀ ਨਸ਼ੀਨ ਦਰਬਾਰ (1947-1984) ਤੱਕ ਦੀ ਯਾਦ ਵਿੱਚ ਮਨਾਇਆ ਜਾਵੇਗਾ ਮੇਲੇ ਦਾ ਆਗਾਜ਼ ਚਾਦਰ ਝੰਡੇ ਦੀ ਰਸਮ ਅਦਾ ਕੀਤੀ ਜਾਵੇਗੀ ਇਸ ਮੌਕੇ ਤੇ ਪੰਜਾਬ ਦੇ ਮਸ਼ਹੂਰ ਗਾਇਕ ਤੇ ਕਵਾਲ ਪਾਰਟੀ ਕਾਦਰੀ ਬ੍ਰਦਰਜ਼ ਜਲੰਧਰ, ਨਕਾਲ ਪਾਰਟੀ ਪਹੁੰਚ ਰਹੇ ਹਨ।

ਦਰਬਾਰ ਦੇ ਸੱਜਦਾ ਨਸ਼ੀਨ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਜਾਵੇਂਗੀ ਸਾਰਿਆਂ ਨੂੰ ਗੁਰੂ ਮੁਰਸ਼ਦ ਤੋਂ ਨਾਂਮ ਸ਼ਬਦ ਲੈਕੇ ਨਾਂਮ ਦੀ ਕਮਾਈ ਕਰਨੀ ਚਾਹੀਦੀ ਹੈ ਤਾਂ ਹੀ ਪ੍ਰਮਾਤਮਾ ਨਾਲ਼ ਮਿਲਾਪ ਹੋ ਸਕਦਾ ਹੈ। ਅੱਜ ਵੀ ਇਸ ਮੇਲੇ ਪ੍ਰਤੀ ਲੋਕਾਂ ਦੀ ਅਥਾਹ ਸ਼ਰਧਾ ਹੈ।

# 28 ਤੋਂ 30 ਸਤੰਬਰ ਤੱਕ ਤਿੰਨ ਦਿਨਾਂ ਦੀ ਬੈਂਕ ਹੜਤਾਲ ਪ੍ਰਸਤਾਵਿਤ

**ਚੰਡੀਗੜ੍ਹ, 23 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਯੂਨਾਈਟਿਡ ਫੋਰਮ ਆਫ ਬੈਂਕ ਯੂਨੀਅਨਜ਼ (UFBU) ਵੱਲੋਂ 28 ਸਤੰਬਰ ਤੋਂ 30 ਸਤੰਬਰ 2026 ਤੱਕ ਤਿੰਨ ਦਿਨਾਂ ਦੀ ਬੈਂਕ ਹੜਤਾਲ ਪ੍ਰਸਤਾਵਿਤ ਕੀਤੀ ਗਈ ਹੈ। ਇਸ ਤੋਂ ਇਲਾਵਾ 26 ਅਤੇ 27 ਸਤੰਬਰ ਨੂੰ ਸ਼ਨੀਵਾਰ ਅਤੇ ਐਤਵਾਰ ਦੀ ਹਫ਼ਤਾਵਾਰੀ ਛੁੱਟੀ ਰਹੇਗੀ। ਇਸ ਕਾਰਨ ਬੈਂਕ ਸ਼ਾਖਾਵਾਂ ਦਾ ਨਿਯਮਤ ਕੰਮਕਾਜ ਲਗਾਤਾਰ ਕਈ ਦਿਨਾਂ ਤੱਕ ਪ੍ਰਭਾਵਿਤ ਹੋਣ ਦੀ ਸੰਭਾਵਨਾ ਹੈ।

ਸਟੇਟ ਲੈਵਲ ਬੈਂਕਰਜ਼ ਕਮੇਟੀ (SLBC), ਪੰਜਾਬ ਨੇ ਗਾਹਕਾਂ ਨੂੰ ਅਪੀਲ ਕੀਤੀ ਹੈ ਕਿ ਕਿਸੇ ਵੀ ਤਰ੍ਹਾਂ ਦੀ ਅਸੁਵਿਧਾ ਤੋਂ ਬਚਣ ਲਈ ਉਹ ਆਪਣੇ ਜ਼ਰੂਰੀ ਬੈਂਕਿੰਗ ਕੰਮ 25 ਸਤੰਬਰ 2026 ਤੱਕ ਨਿਪਟਾ ਲੈਣ।

SLBC ਅਨੁਸਾਰ, ਹੜਤਾਲ ਦੌਰਾਨ ਬੈਂਕ ਸ਼ਾਖਾਵਾਂ ਵਿੱਚ ਵੱਖ-ਵੱਖ ਸੇਵਾਵਾਂ ਪ੍ਰਭਾਵਿਤ ਹੋ ਸਕਦੀਆਂ ਹਨ। ਇਸ ਲਈ ਗਾਹਕਾਂ ਨੂੰ ਨਕਦੀ ਕਢਵਾਉਣ ਅਤੇ ਹੋਰ ਨਿਯਮਤ ਬੈਂਕਿੰਗ ਜ਼ਰੂਰਤਾਂ ਲਈ ਏਟੀਐਮ, ਇੰਟਰਨੈੱਟ ਬੈਂਕਿੰਗ, ਮੋਬਾਈਲ ਬੈਂਕਿੰਗ, ਯੂਪੀਆਈ, ਬੈਂਕਿੰਗ ਕਰਸਪਾਂਡੈਂਟ (23) ਏਜੰਟ/ਗਾਹਕ ਸੇਵਾ ਕੇਂਦਰ (CSP) ਅਤੇ ਹੋਰ ਡਿਜੀਟਲ ਬੈਂਕਿੰਗ ਸੇਵਾਵਾਂ ਦੀ ਵਰਤੋਂ ਕਰਨ ਦੀ ਸਲਾਹ ਦਿੱਤੀ ਗਈ ਹੈ।

ਬੈਂਕਾਂ ਵੱਲੋਂ ਗਾਹਕਾਂ ਨੂੰ ਜ਼ਰੂਰੀ ਸੇਵਾਵਾਂ ਉਪਲਬਧ ਕਰਵਾਉਣ ਲਈ ਬਦਲਵੇਂ ਪ੍ਰਬੰਧ ਕੀਤੇ ਜਾ ਰਹੇ ਹਨ, ਪਰ ਹੜਤਾਲ ਕਾਰਨ ਸ਼ਾਖਾ ਪੱਧਰ ਦੀਆਂ ਸੇਵਾਵਾਂ ਪ੍ਰਭਾਵਿਤ ਹੋਣ ਦੀ ਸੰਭਾਵਨਾ ਹੈ। SBI ਨੇ ਵੀ ਆਪਣੇ ਗਾਹਕਾਂ ਨੂੰ ਮਹੱਤਵਪੂਰਨ ਸ਼ਾਖਾ-ਸਬੰਧੀ ਕੰਮ ਪਹਿਲਾਂ ਹੀ ਨਿਪਟਾਉਣ ਅਤੇ ਡਿਜੀਟਲ ਬੈਂਕਿੰਗ ਸਾਧਨਾਂ ਦੀ ਵੱਧ ਤੋਂ ਵੱਧ ਵਰਤੋਂ ਕਰਨ ਦੀ ਸਲਾਹ ਦਿੱਤੀ ਹੈ।

# ਐਸ.ਆਈ.ਆਰ.-2026: ਵੋਟਰ ਸੂਚੀਆਂ ਦੀ ਸ਼ੁੱਧਤਾ ਪਰਖਣ ਲਈ ਰੋਲ ਆਬਜ਼ਰਵਰ ਗੁਰਪ੍ਰੀਤ ਸਿੰਘ ਖਹਿਰਾ ਵੱਲੋਂ ਮਾਲੇਰਕੋਟਲਾ ਦੀ ਦੂਜੀ ਫੇਰੀ



**ਮਲੇਰਕੋਟਲਾ, 23 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਸਪੈਸ਼ਲ ਇੰਟੈਂਸਿਵ ਰਿਵਿਜ਼ਨ (ਐਸ.ਆਈ.ਆਰ.)-2026 ਦੀ ਪ੍ਰਕਿਰਿਆ ਨੂੰ ਪਾਰਦਰਸ਼ੀ, ਨਿਰਪੱਖ ਅਤੇ ਤਰਤੀਬਵਾਰ ਢੰਗ ਨਾਲ ਮੁਕੰਮਲ ਕਰਨ ਲਈ ਰੋਲ ਆਬਜ਼ਰਵਰ ਗੁਰਪ੍ਰੀਤ ਸਿੰਘ ਖਹਿਰਾ, ਆਈ.ਏ.ਐਸ. ਨੇ ਜ਼ਿਲ੍ਹਾ ਮਾਲੇਰਕੋਟਲਾ ਦੀ ਦੂਜੀ ਫੇਰੀ ਦੌਰਾਨ ਚੋਣ ਅਮਲੇ ਵੱਲੋਂ ਕੀਤੇ ਜਾ ਰਹੇ ਕੰਮ ਦੀ ਵਿਸਥਾਰ ਨਾਲ ਸਮੀਖਿਆ ਕੀਤੀ।

ਇਸ ਦੌਰਾਨ ਉਨ੍ਹਾਂ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਵਿਰਾਜ ਐਸ. ਤਿੜਕੇ ,ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ ਅਤੇ ਸਬੰਧਤ ਚੋਣ ਅਮਲੇ ਨਾਲ ਮੀਟਿੰਗ ਕਰਕੇ ਵੋਟਰ ਸੂਚੀਆਂ ਦੀ ਸੁਧਾਈ ਨਾਲ ਜੁੜੇ ਵੱਖ-ਵੱਖ ਪਹਿਲੂਆਂ ਦੀ ਪੜਤਾਲ ਕੀਤੀ। ਮੀਟਿੰਗ ਵਿੱਚ ਵਿਧਾਨ ਸਭਾ ਹਲਕਾ 105-ਮਾਲੇਰਕੋਟਲਾ ਦੇ ਈ.ਆਰ.ਓ. ਕਨੂੰ ਗਰਗ ਅਤੇ 106-ਅਮਰਗੜ੍ਹ ਦੇ ਈ.ਆਰ.ਓ. ਰਾਕੇਸ਼ ਕੁਮਾਰ ਸ਼ਰਮਾ,ਚੋਣ ਤਹਿਸ਼ੀਲਦਾਰ ਬ੍ਰਿਜ ਮੋਹਨ ਸਮੇਤ ਹੋਰ ਅਧਿਕਾਰੀ ਮੌਜੂਦ ਸਨ।

ਰੋਲ ਆਬਜ਼ਰਵਰ ਨੇ ਐਸ.ਆਈ.ਆਰ.-2026 ਤਹਿਤ 13 ਅਗਸਤ ਤੋਂ 12 ਸਤੰਬਰ 2026 ਤੱਕ ਪ੍ਰਾਪਤ ਦਾਅਵਿਆਂ ਅਤੇ ਇਤਰਾਜ਼ਾਂ ਦੀ ਸੂਪਰ ਚੈਕਿੰਗ ਕਰਦਿਆਂ ਸਬੰਧਤ ਰਿਕਾਰਡ ਦੀ ਬਾਰੀਕੀ ਨਾਲ ਜਾਂਚ ਕੀਤੀ। ਉਨ੍ਹਾਂ ਈ.ਆਰ.ਓਜ਼ ਨੂੰ ਕਿਹਾ ਕਿ ਜਿਨ੍ਹਾਂ ਅਰਜ਼ੀਆਂ ਨਾਲ ਦਸਤਾਵੇਜ਼ ਅਧੂਰੇ ਪਾਏ ਗਏ ਹਨ, ਉਨ੍ਹਾਂ ਦੀ ਮੁੜ ਪੜਤਾਲ ਨਿਯਮਾਂ ਅਤੇ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਕੀਤੀ ਜਾਵੇ।

ਖਹਿਰਾ ਨੇ ਕਿਹਾ ਕਿ ਵੋਟਰ ਸੂਚੀ ਦੀ ਭਰੋਸੇਯੋਗਤਾ ਲਈ ਹਰ ਦਾਅਵੇ ਅਤੇ ਇਤਰਾਜ਼ ਦੀ ਨਿਰਧਾਰਤ ਪ੍ਰਕਿਰਿਆ ਅਨੁਸਾਰ ਜਾਂਚ ਬੇਹੱਦ ਜ਼ਰੂਰੀ ਹੈ।

ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਕੋਈ ਵੀ ਯੋਗ ਨਾਗਰਿਕ ਵੋਟਰ ਵਜੋਂ ਦਰਜ ਹੋਣ ਤੋਂ ਵਾਂਝਾ ਨਾ ਰਹੇ ਅਤੇ ਸਮੁੱਚੀ ਪ੍ਰਕਿਰਿਆ ਵਿੱਚ ਪਾਰਦਰਸ਼ਤਾ ਤੇ ਨਿਰਪੱਖਤਾ ਨੂੰ ਹਰ ਪੱਧਰ 'ਤੇ ਯਕੀਨੀ ਬਣਾਇਆ ਜਾਵੇ। ਉਨ੍ਹਾਂ ਦੋਵੇਂ ਵਿਧਾਨ ਸਭਾ ਹਲਕਿਆਂ ਦੀਆਂ ਫੋਟੋ ਵੋਟਰ ਸੂਚੀਆਂ ਅਤੇ ਸਬੰਧਤ ਰਿਕਾਰਡ ਦਾ ਵੀ ਜਾਇਜ਼ਾ ਲਿਆ ਅਤੇ ਹੁਣ ਤੱਕ ਕੀਤੇ ਗਏ ਕੰਮ 'ਤੇ ਸੰਤੁਸ਼ਟੀ ਪ੍ਰਗਟਾਈ।

# ਯਾਦਗਾਰੀ ਹੋ ਨਿਬੜਿਆ ਹੈਡੋਂ ਬੇਟ ਦਾ ਦੰਗਲ ਮੇਲਾ; ਵੱਖ ਵੱਖ ਆਗੂਆਂ ਨੇ ਕੀਤੀ ਸ਼ਿਰਕਤ

**ਮਾਛੀਵਾੜਾ ਸਾਹਿਬ, 23 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਦੇ ਵੱਡੇ ਦੰਗਲ ਮੇਲਿਆਂ ਵਿੱਚੋਂ ਇੱਕ ਹੈਡੋਂ ਬੇਟ ਦਾ ਦੰਗਲ ਮੇਲਾ, ਬੀਤੇ ਕੱਲ੍ਹ ਆਪਣੇ ਪਿਛਲੇ ਸਾਰੇ ਰਿਕਾਰਡ ਤੋੜਦਾ ਹੋਇਆ ਯਾਦਗਾਰੀ ਹੋ ਨਿਬੜਿਆ। ਸਰਪੰਚ ਕਮਲਜੀਤ ਸਿੰਘ ਅਤੇ ਜਸਪ੍ਰੀਤ ਸਿੰਘ ਜੱਸਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਧੰਨ ਧੰਨ ਗੁੱਗਾ ਜਾਹਰ ਪੀਰ ਜੀ ਦੀ ਯਾਦ ਨੂੰ ਤਾਜ਼ਾ ਰੱਖਦਿਆਂ ਅਤੇ ਦੀਪਾ ਬਾਬਾ ਜੀ ਫਲਾਹੀ ਵਾਲਿਆਂ ਦੀ ਦੇਖਰੇਖ ਹੇਠ ,ਭਗਤ ਹਰਨੇਕ ਜੀ ਮੁੱਖ ਸੇਵਾਦਾਰ ਗੁੱਗਾ ਮੈਡੀ ਹੈਡੋ ਬੇਟ ਦੇ ਸਹਿਯੋਗ ਸਦਕਾ ਇਸ ਸਲਾਨਾ ਅਤੇ ਵਿਸ਼ਾਲ ਦੰਗਲ ਮੇਲੇ ਵਿੱਚ ਹਜ਼ਾਰਾਂ ਦੀ ਗਿਣਤੀ ਵਿੱਚ ਪੁੱਜੇ ਦਰਸ਼ਕਾਂ ਨੇ ਹਿੰਦੁਸਤਾਨ ਅਤੇ ਵਿਦੇਸ਼ੀ ਧਰਤੀ ਦੇ ਨਾਮੀ ਪਹਿਲਵਾਨਾਂ ਦੀਆਂ ਕੁਸ਼ਤੀਆਂ ਦਾ ਆਨੰਦ ਮਾਣਿਆ। ਉਹਨਾਂ ਦੱਸਿਆ ਕਿ ਝੰਡੀ ਦੀਆਂ ਕਰੀਬ 10 ਤੋਂ ਵੱਧ ਕੁਸ਼ਤੀਆਂ ਕਰਵਾਈਆਂ ਗਈਆਂ, ਜੋ ਲੱਖਾਂ ਰੁਪਏ ਇਨਾਮ ਦੀਆਂ ਸਨ, ਉਨ੍ਹਾਂ ਵਿੱਚ ਵੱਡੀ ਢਾਈ ਲੱਖ ਰੁਪਏ ਨਗਦ ਇਨਾਮੀ ਕੁਸਤੀ ਸ਼ੇਰਾ ਬਾਬਾ ਫਲਾਹੀ ਅਤੇ ਮਿਰਜ਼ਾ ਇਰਾਨ ਵਿਚਕਾਰ ਕਰਵਾਈ ਗਈ, ਜਿਸ ਵਿੱਚ ਸ਼ੇਰਾ ਅਖਾੜਾ ਡੇਰਾ ਬਾਬਾ ਫਲਾਹੀ ਨੇ ਜਿੱਤ ਪ੍ਰਾਪਤ ਕੀਤੀ। ਦੂਜੀ ਵੱਡੀ ਕੁਸ਼ਤੀ ਵਿੱਚ ਤਾਲਿਬ ਬਾਬਾ ਫਲਾਹੀ ਨੇ ਪੁਆਇੰਟ ਤੇ ਆਧਾਰ ਤੇ ਅਵਿਨਾਇਕ ਯੂਪੀ ਨੂੰ ਚਿੱਤ ਕੀਤਾ। ਅਗਲੀ ਵੱਡੀ ਕੁਸ਼ਤੀ ਵਿੱਚ ਪ੍ਰਿਤਪਾਲ ਫਗਵਾੜਾ ਨੇ ਬਿਨੀਆਂ ਜੰਮੂ ਨੂੰ ਹਰਾਇਆ। ਜੋਂਟੀ ਗੁੱਜਰ ਨੇ ਛੋਟਾ ਸੁਦਾਮ ਹੁਸ਼ਿਆਰਪੁਰ ਨੂੰ ਹਰਾ ਕੇ ਜਿੱਤ ਪ੍ਰਾਪਤ ਕੀਤੀ। ਹੋਰ ਨਾ ਕੁਸ਼ਤੀਆਂ ਵਿੱਚ ਲਾਲੀ ਮੰਡ ਚੌਂਤਾ, ਹਰਸ਼ ਪੰਡਿਤ ਡੇਰਾ ਬਾਬਾ ਫਲਾਹੀ, ਵਾਸ਼ਲ ਡੇਰਾ ਬਾਬਾ ਫਲਾਹੀ ਨੇ ਵੀ ਜਿੱਤ ਦਾ ਸਵਾਦ ਚੱਖਿਆ। ਕਰੀਬ 600 ਪਹਿਲਵਾਨਾਂ ਦੀਆਂ ਕੁਸ਼ਤੀਆਂ ਇਸ ਦੰਗਲ ਮੇਲੇ ਵਿੱਚ ਕਰਵਾਈਆਂ ਗਈਆਂ, ਜਿਨ੍ਹਾਂ ਦੇ ਜੋੜ ਜੱਗਾ ਡੇਰਾ ਬਾਬਾ ਫਲਾਹੀ ,ਸੋਨੂ ਹੈਡੋ, ਜਰਨੈਲ ਸਿੰਘ ਜੈਲਾ ,ਸਾਬੂ ਡੇਰਾ ਬਾਬਾ ਫਲਾਹੀ ਨੇ ਮਿਲਾਏ। ਅਖਾੜੇ ਵਿੱਚ ਮਹਿੰਦਰ ਪਹਿਲਵਾਨ ਕੱਚਾ ਮਾਛੀਵਾੜਾ, ਮੰਨੂ ਹੰਬੋਵਾਲ ,ਬੂਟਾ ਮਾਛੀਆਂ ,ਪਾਲੀ ਮਾਛੀਵਾੜਾ, ਮੰਗਲ ਦੁਰਾਹਾ ਅਤੇ ਜੀਤੀ ਮਾਛੀਵਾੜਾ ਨੇ ਰੈਫਰੀ ਦੀ ਭੂਮਿਕਾ ਨਿਭਾਈ।



ਇਸ ਦੰਗਲ ਮੇਲੇ ਦੀ ਕੁਮੈਂਟਰੀ ਸ਼ਿਵ ਬੈਂਸ, ਰਾਜੂ ਹੈਡੋਂ ਬੇਟ ,ਪ੍ਰਿੰਸ ਪੂਨੀਆ ਨੇ ਆਪਣੇ ਸ਼ਹਿਰਾਂਨਾ ਅੰਦਾਜ਼ ਵਿੱਚ ਨਿਭਾਈ ,ਜਦਕਿ ਸਟੇਜ ਸੈਕਟਰੀ ਦੀ ਭੂਮਿਕਾ ਜਸਪ੍ਰੀਤ ਸਿੰਘ ਜੱਸਾ ਨੇ ਨਿਭਾਈ। ਪਹਿਲਵਾਨਾਂ ਨੂੰ ਜਿੱਥੇ ਲੱਖਾਂ ਰੁਪਏ ਨਗਦੀ ਦੇ ਰੂਪ ਵਿੱਚ ਇਨਾਮ ਵਜੋਂ ਦਿੱਤੇ ਗਏ ਉੱਥੇ ਹੀ ਸੱਜਰ ਸੂਈਆਂ ਝੋਟੀਆਂ, ਮੋਟਰਸਾਈਕਲ ਅਤੇ ਸੋਨੇ ਦੀਆਂ ਮੁੰਦੀਆਂ ਨਾਲ ਵੀ ਨਿਵਾਜਿਆ ਗਿਆ।ਇਸ ਦੰਗਲ ਮੇਲੇ ਵਿੱਚ ਪਹਿਲਵਾਨਾਂ ਨੂੰ ਅਸ਼ੀਰਵਾਦ ਦੇਣ ਲਈ ਸਾਬਕਾ ਵਿਧਾਇਕ ਅਮਰੀਕ ਸਿੰਘ ਢਿੱਲੋਂ, ਰੁਪਿੰਦਰ ਸਿੰਘ ਰਾਜਾ ਗਿੱਲ, ਵਿਧਾਇਕ ਜਗਤਾਰ ਸਿੰਘ ਦਿਆਲਪੁਰਾ, ਪਰਮਜੀਤ ਸਿੰਘ ਢਿੱਲੋਂ, ਜਗਜੀਵਨ ਸਿੰਘ ਖੀਰਨੀਆਂ,ਨੀਸ਼ੂ ਸ਼ਰਮਾ, ਬਰਜਿੰਦਰ ਸਿੰਘ ਬਬਲੂ ਲੋਪੋਂ, ਸੁਖਵਿੰਦਰ ਗਿੱਲ, ਪ੍ਰਧਾਨ ਹਰਜਿੰਦਰ ਖੇੜਾ, ਅਰਵਿੰਦਰ ਪਾਲ ਵਿਕੀ, ਸੁਖਦੀਪ ਬਾਜਵਾ, ਵਨੀਤ ਝੜੌਦੀ, ਜਥੇਦਾਰ ਹਰਦੀਪ ਸਿੰਘ, ਹਰ ਦਿਲ ਮਾਂਗਟ, ਪਰਮਿੰਦਰ ਸਿੰਘ, ਜਸਪਾਲ ਸਿੰਘ ਜੱਜ, ਹਰਜਿੰਦਰ ਸਿੰਘ ਬਾਜਵਾ, ਜਗਦੀਪ ਝੱਜ ਨੇ ਆਪਣੇ ਸਾਥੀਆਂ ਸਮੇਤ ਉਚੇਚੇ ਤੌਰ ਤੇ ਸ਼ਿਰਕਤ ਕੀਤੀ। ਇਸ ਦੰਗਲ ਮੇਲੇ ਨੂੰ ਸਫਲ ਬਣਾਉਣ ਲਈ ਮੱਖਣ ਸਿੰਘ ਸੈਕਟਰੀ ,ਨੰਬਰਦਾਰ ਜਸਵਿੰਦਰ ਸਿੰਘ, ਆੜ੍ਹਤੀ ਅਮਰ ਸਿੰਘ, ਮਾਸਟਰ ਸੁਰਜੀਤ ਸਿੰਘ, ਸੈਕਟਰੀ ਅਮਰੀਕ ਸਿੰਘ, ਪ੍ਰਿੰਸੀਪਲ ਪਰਮਜੀਤ ਸਿੰਘ, ਕਮਲਪ੍ਰੀਤ ਸਿੰਘ ਧਾਂਦਲੀ, ਗੁਰਵੀਰ ਸਿੰਘ ਪੰਚ, ਪ੍ਰਿੰਸੀਪਲ ਸੁਰਜੀਤ ਸਿੰਘ, ਅੰਮ੍ਰਿਤ ਸਿੰਘ ਪੰਚ, ਮਹਿੰਦਰ ਸਿੰਘ, ਹਰਦੀਪ ਸਿੰਘ, ਨੰਬਰਦਾਰ ਗੁਰਵਿੰਦਰ ਸਿੰਘ, ਸ਼ਮਸ਼ੇਰ ਸਿੰਘ, ਬਾਬਾ ਪਰਮਾਨੰਦ, ਪ੍ਰਿੰਸੀਪਲ ਭੁਪਿੰਦਰ ਕਪੂਰ, ਅਸ਼ੋਕ ਕੁਮਾਰ ਪੰਚ,ਸੈਕਟਰੀ ਸੁਖਵਿੰਦਰ ਸਿੰਘ , ਚਮਨ ਲਾਲ ਸਾਬਕਾ ਸੰਮਤੀ ਮੈਂਬਰ, ਮਾਸਟਰ ਪ੍ਰਦੀਪ ਕਪੂਰ ਪਰਿਵਾਰਾਂ ਦਾ ਵੱਡਾ ਯੋਗਦਾਨ ਰਿਹਾ। ਇਸ ਦੰਗਲ ਮੇਲੇ ਦਾ ਸਿੱਧਾ ਪ੍ਰਸਾਰਨ ਸਿੰਘ ਧਾਂਦਲੀ ਮੂਵੀਜ਼ ਚੈਨਲ ਤੇ ਦਿਖਾਇਆ ਗਿਆ। ਪ੍ਰਬੰਧਕਾਂ ਵੱਲੋਂ ਮੁੱਖ ਮਹਿਮਾਨ ਦਾਨੀ ਸਹਿਯੋਗੀ ਸੱਜਣਾਂ ਨੂੰ ਸ਼ਾਨਦਾਰ ਸਨਮਾਨ ਚਿੰਨ੍ਹ ਦਿੰਦਿਆਂ ਸਨਮਾਨਿਤ ਕੀਤਾ ਗਿਆ।

ਮੇਲੇ ਨੂੰ ਯਾਦਗਾਰੀ ਬਣਾਉਂਦਿਆਂ ਸਫਲਤਾ ਪੂਰਵਕ ਨੇਪਰੇ ਚਾੜ੍ਹਨ ਲਈ ਸਰਪੰਚ ਕਮਲਜੀਤ ਸਿੰਘ ਵੱਲੋਂ ਪੁੱਜੇ ਸਮੁੱਚੇ ਪਹਿਲਵਾਨ ਵੀਰਾਂ ਦਰਸ਼ਕ ਵੀਰਾਂ ਮੁੱਖ ਮਹਿਮਾਨਾਂ ਸਾਹਿਯੋਗੀ ਦਾਨੀ ਸੱਜਣਾਂ ਦਾ ਤਹਿ ਦਿਲੋਂ ਧੰਨਵਾਦ ਪ੍ਰਗਟ ਕੀਤਾ ਗਿਆ ਜਿਨਾਂ ਦੇ ਵੱਡੇ ਸਹਿਯੋਗ ਸਦਕਾ ਇਹ ਮੇਲਾ ਬੁਲੰਦੀਆਂ ਛੂਹ ਗਿਆ।



# ਹਰਿਆਣਾ ਖ਼ਬਰਨਾਮਾ



## ਕਿਸਾਨ ਦੀ ਲਾਗਤ ਘਟੇ ਅਤੇ ਆਮਦਨ ਵਧੇ, ਉਹੀ ਤਕਨੀਕ ਅਸਲੀ ਇਨੋਵੇਸ਼ਨ ਹੈ: ਮੁੱਖ ਮੰਤਰੀ ਨਾਇਬ ਸਿੰਘ ਸੈਣੀ

**ਚੰਡੀਗੜ੍ਹ, 22 ਸਤੰਬਰ**
**-ਸੰਜੀਵ ਸਿੰਗਲਾ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਕਿਸਾਨ ਦੀ ਲਾਗਤ ਘਟੇ, ਮਿਹਨਤ ਘੱਟ ਹੋਵੇ ਅਤੇ ਫ਼ਸਲ ਦਾ ਮੁਨਾਫ਼ਾ ਵਧੇ, ਉਹੀ ਤਕਨੀਕ ਉਸ ਲਈ ਅਸਲੀ ਇਨੋਵੇਸ਼ਨ (ਨਵੀਨਤਾ) ਹੈ। ਕਿਸੇ ਵੀ ਤਕਨੀਕ ਦੀ ਅਸਲੀ ਸਫਲਤਾ ਕਿਸਾਨ ਦੇ ਹਿਸਾਬ-ਕਿਤਾਬ ਦੀ ਕਾਪੀ ਵਿੱਚ ਦਿਖਾਈ ਦੇਣੀ ਚਾਹੀਦੀ ਹੈ। ਕਿਸਾਨ ਲਈ ਉਹੀ ਤਕਨੀਕ ਲਾਹੇਵੰਦ ਹੈ, ਜੋ ਉਸ ਦੀ ਪਹੁੰਚ ਵਿੱਚ ਹੋਵੇ, ਆਸਾਨੀ ਨਾਲ ਵਰਤੀ ਜਾ ਸਕੇ ਅਤੇ ਜਿਸ ਦੀ ਮੁਰੰਮਤ ਵੀ ਪਿੰਡ ਦੇ ਆਸ-ਪਾਸ ਹੋ ਸਕੇ। ਮੁੱਖ ਮੰਤਰੀ ਬੁੱਧਵਾਰ ਨੂੰ ਕੁਰੂਕਸ਼ੇਤਰ ਦੇ ਲਾਡਵਾ ਵਿੱਚ ਸੀ.ਆਈ.ਆਈ. ਦੀ ਪੰਜਵੀਂ 'ਇਨੋਵੇਟਿਵ ਫਾਰਮਰਜ਼ ਮੀਟ' ਦੇ ਸਮਾਪਤੀ ਮੌਕੇ ਬੋਲ ਰਹੇ ਸਨ। ਮੁੱਖ ਮੰਤਰੀ ਨੇ ਇਸ ਮੌਕੇ ਲਗਾਈ ਗਈ ਖੇਤੀ ਸੰਦਾਂ ਦੀ ਪ੍ਰਦਰਸ਼ਨੀ ਦਾ ਉਦਘਾਟਨ ਅਤੇ ਜਾਇਜ਼ਾ ਲਿਆ। ਇਸ ਦੇ ਨਾਲ ਹੀ ਪ੍ਰਗਤੀਸ਼ੀਲ ਕਿਸਾਨਾਂ ਨਾਲ ਗੱਲਬਾਤ ਕੀਤੀ। ਮੁੱਖ ਮੰਤਰੀ ਨੇ ਕਿਹਾ ਕਿ ਇਸ ਇਨੋਵੇਟਿਵ ਫਾਰਮਰਜ਼ ਮੀਟ ਦੀ ਖਾਸੀਅਤ ਇਹ ਹੈ ਕਿ ਚਰਚਾ ਵੱਡੇ ਸ਼ਹਿਰਾਂ ਜਾਂ ਹਾਲਾਂ ਤੱਕ ਸੀਮਤ ਨਹੀਂ ਹੈ, ਸਗੋਂ ਇਸ ਨੂੰ ਸਿੱਧਾ ਕਿਸਾਨਾਂ ਦੇ ਵਿਚਕਾਰ ਲਿਜਾਇਆ ਜਾ ਰਿਹਾ ਹੈ।

**ਪਾਣੀ ਅਤੇ ਮਿੱਟੀ ਦੀ ਸਿਹਤ ਲਈ ਤਕਨੀਕ ਜ਼ਰੂਰੀ**

ਮੁੱਖ ਮੰਤਰੀ ਨੇ ਕਿਹਾ ਕਿ ਅੱਜ ਖੇਤੀ ਦੇ ਸਾਹਮਣੇ ਮੌਸਮ ਦੀ ਅਨਿਸ਼ਚਿਤਤਾ, ਪਾਣੀ ਦੀ ਵਧਦੀ ਘਾਟ ਅਤੇ ਮਿੱਟੀ ਦੀ ਵਿਗੜਦੀ ਸਿਹਤ ਵਰਗੀਆਂ ਗੰਭੀਰ ਸਮੱਸਿਆਵਾਂ ਹਨ। ਇਸ ਲਈ ਅਜਿਹੀ ਖੇਤੀ ਵੱਲ ਵਧਣਾ ਪਵੇਗਾ, ਜੋ ਬਦਲਦੇ ਹਾਲਾਤ ਦਾ ਮੁਕਾਬਲਾ ਕਰ ਸਕੇ ਅਤੇ ਕਿਸਾਨ ਦੀ ਆਮਦਨ ਨੂੰ ਵਧਾ ਸਕੇ। ਉਨ੍ਹਾਂ ਕਿਹਾ ਕਿ ਇਸ ਖੇਤਰ ਵਿੱਚ ਝੋਨੇ ਅਤੇ ਕਣਕ ਦੀ ਖੇਤੀ ਦਾ ਖਾਸ ਮਹੱਤਵ ਹੈ। ਖੇਤਾਂ ਵਿੱਚ ਝੋਨੇ ਦੀ ਸਿੱਧੀ ਬਿਜਾਈ, ਫ਼ਸਲ ਮੁਤਾਬਕ ਸੂਖਮ ਸਿੰਚਾਈ ਅਤੇ ਖੇਤ ਨੂੰ ਪੱਧਰਾ ਕਰਨ ਵਰਗੇ ਉਪਰਾਲੇ ਲਾਹੇਵੰਦ ਹੋ ਸਕਦੇ ਹਨ। ਉਨ੍ਹਾਂ ਕਿਸਾਨਾਂ ਨੂੰ ਆਪਣੀ ਜ਼ਮੀਨ ਦੀ ਜਾਂਚ ਕਰਵਾਉਣ ਅਤੇ ਉਸਦੀ ਲੋੜ ਮੁਤਾਬਕ ਖਾਦ ਦੀ ਵਰਤੋਂ ਕਰਨ ਦੀ ਅਪੀਲ ਕੀਤੀ। ਫ਼ਸਲ ਚੱਕਰ, ਜੈਵਿਕ ਪਦਾਰਥ ਅਤੇ ਵਿਗਿਆਨਕ ਸਲਾਹ ਨਾਲ ਮਿੱਟੀ ਦੀ ਉਪਜਾਊ ਸ਼ਕਤੀ ਨੂੰ ਸੰਭਾਲਣ ਉੱਤੇ ਵੀ ਜ਼ੋਰ ਦਿੱਤਾ।

**ਇੱਕ ਮਸ਼ੀਨ ਦਾ ਲਾਭ ਅਨੇਕਾਂ ਕਿਸਾਨਾਂ ਤੱਕ ਪੁੱਜੇ**

ਮੁੱਖ ਮੰਤਰੀ ਨੇ ਕਿਹਾ ਕਿ ਛੋਟਾ ਕਿਸਾਨ ਹਰ ਮਹਿੰਗੀ ਮਸ਼ੀਨ ਇਕੱਲਾ ਨਹੀਂ ਖਰੀਦ ਸਕਦਾ। ਇਸ ਲਈ ਕਿਸਾਨ ਸਮੂਹਾਂ, ਸਹਿਕਾਰੀ ਸੁਸਾਇਟੀਆਂ ਅਤੇ ਕਿਰਾਏ 'ਤੇ ਮਸ਼ੀਨ ਮੁਹੱਈਆ ਕਰਵਾਉਣ ਵਾਲੇ ਕੇਂਦਰਾਂ ਦੀ ਭੂਮਿਕਾ ਅਹਿਮ ਹੈ। ਇੱਕ ਮਸ਼ੀਨ ਦਾ ਲਾਭ ਅਨੇਕਾਂ ਖੇਤਾਂ ਤੱਕ ਪੁੱਜਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਪਿੰਡ ਦੇ ਨੌਜਵਾਨ ਮਸ਼ੀਨ ਚਲਾਉਣ, ਉਸਦੀ ਮੁਰੰਮਤ ਕਰਨ ਅਤੇ ਖੇਤੀ ਨਾਲ ਜੁੜੀਆਂ ਸੇਵਾਵਾਂ ਦੇਣ ਦਾ ਕੰਮ ਸਿੱਖਣ। ਇਸ ਨਾਲ ਕਿਸਾਨ ਦਾ ਖਰਚਾ ਘਟਣ ਦੇ ਨਾਲ-ਨਾਲ ਪਿੰਡ ਵਿੱਚ ਰੁਜ਼ਗਾਰ ਦੇ ਨਵੇਂ ਮੌਕੇ ਵੀ ਪੈਦਾ ਹੋਣਗੇ।

ਮੁੱਖ ਮੰਤਰੀ ਨੇ ਫ਼ਸਲ ਵਿਭਿੰਨਤਾ ਉੱਤੇ ਵੀ ਵਿਚਾਰ ਕਰਨ ਦੀ ਗੱਲ ਕਹੀ। ਉਨ੍ਹਾਂ ਕਿਹਾ ਕਿ ਜਿੱਥੇ ਹਾਲਾਤ ਅਨੁਕੂਲ ਹੋਣ, ਉੱਥੇ ਦਾਲਾਂ, ਤਿਲਹਨ, ਸਬਜ਼ੀਆਂ, ਫਲਾਂ ਅਤੇ ਹੋਰ ਢੁਕਵੀਆਂ ਫ਼ਸਲਾਂ ਦੀਆਂ ਸੰਭਾਵਨਾਵਾਂ ਦੇਖਣੀਆਂ ਚਾਹੀਦੀਆਂ ਹਨ। ਮੁੱਖ ਮੰਤਰੀ ਨੇ ਉਦਯੋਗਾਂ ਨੂੰ ਕਿਸਾਨਾਂ ਨੂੰ ਗੁਣਵੱਤਾ ਅਤੇ ਖੁਰਾਕ ਸੁਰੱਖਿਆ ਦੇ ਮਿਆਰਾਂ ਦੀ ਸਿਖਲਾਈ ਦੇਣ ਅਤੇ ਬਿਹਤਰ ਬਾਜ਼ਾਰ ਨਾਲ ਜੋੜਨ ਵਿੱਚ ਸਹਿਯੋਗ ਕਰਨ ਦੀ ਅਪੀਲ ਕੀਤੀ।

**ਕੁਦਰਤੀ ਖੇਤੀ ਨੂੰ ਵਧਾਵਾ ਦੇਣ ਲਈ ਸਿਖਲਾਈ ਅਤੇ ਸਹਾਇਤਾ**

ਮੁੱਖ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਕਿਸਾਨ ਭਲਾਈ ਸਰਕਾਰ ਦੀ ਤਰਜੀਹ ਹੈ। ਸਰਕਾਰ ਕਿਸਾਨਾਂ ਦੀ ਆਮਦਨ ਵਧਾਉਣ, ਸਿੰਚਾਈ ਸਹੂਲਤਾਂ ਦਾ ਵਿਸਤਾਰ ਕਰਨ, ਕੁਦਰਤੀ ਖੇਤੀ ਨੂੰ ਵਧਾਵਾ ਦੇਣ, ਫ਼ਸਲ ਵਿਭਿੰਨਤਾ ਨੂੰ ਉਤਸ਼ਾਹਿਤ ਕਰਨ ਅਤੇ ਖੇਤੀ ਨੂੰ ਤਕਨੀਕ ਨਾਲ ਜੋੜਨ ਲਈ ਵਚਨਬੱਧ ਹੈ। ਉਨ੍ਹਾਂ ਦੱਸਿਆ ਕਿ ਕੁਦਰਤੀ ਖੇਤੀ ਨੂੰ ਹੁਣ ਦੇਣ ਲਈ ਸ਼ੁਰੂ ਕੀਤੇ ਗਏ ਪੋਰਟਲ 'ਤੇ ਲਗਭਗ 2 ਲੱਖ ਕਿਸਾਨਾਂ ਨੇ 3 ਲੱਖ ਏਕੜ ਰਕਬੇ ਦੀ ਰਜਿਸਟ੍ਰੇਸ਼ਨ ਕਰਵਾਈ ਹੈ। ਇਨ੍ਹਾਂ ਵਿੱਚੋਂ 44 ਹਜ਼ਾਰ ਏਕੜ ਰਕਬੇ ਵਿੱਚ ਕੁਦਰਤੀ ਖੇਤੀ ਅਪਣਾਉਣ ਲਈ 23 ਹਜ਼ਾਰ 930 ਕਿਸਾਨਾਂ ਦੀ ਤਸਦੀਕ ਕੀਤੀ ਜਾ ਚੁੱਕੀ ਹੈ। ਸਾਲ 2025-26 ਵਿੱਚ ਸੂਬੇ ਵਿੱਚ 20 ਹਜ਼ਾਰ 727 ਏਕੜ ਰਕਬੇ 'ਤੇ ਕੁਦਰਤੀ ਖੇਤੀ ਕੀਤੀ ਗਈ।

ਮੁੱਖ ਮੰਤਰੀ ਨੇ ਦੱਸਿਆ ਕਿ ਪ੍ਰਧਾਨ ਮੰਤਰੀ ਕੁਸੁਮ ਯੋਜਨਾ ਤਹਿਤ ਸੋਲਰ ਪੰਪ ਲਗਾਉਣ ਲਈ ਕਿਸਾਨਾਂ ਨੂੰ 75 ਫੀਸਦੀ ਸਬਸਿਡੀ ਦਿੱਤੀ ਜਾਂਦੀ ਹੈ ਅਤੇ ਹੁਣ ਤੱਕ 1 ਲੱਖ 95 ਹਜ਼ਾਰ ਸੋਲਰ ਪੰਪ ਸਥਾਪਤ ਕੀਤੇ ਜਾ ਚੁੱਕੇ ਹਨ। ਉਨ੍ਹਾਂ ਦੱਸਿਆ ਕਿ ਪਰਾਲੀ ਦੇ ਸਹੀ ਪ੍ਰਬੰਧਨ ਅਤੇ ਗੰਢਾਂ ਬਣਾਉਣ ਲਈ 1,200 ਰੁਪਏ ਪ੍ਰਤੀ ਏਕੜ ਪ੍ਰੋਤਸਾਹਨ ਰਾਸ਼ੀ ਦਾ ਪ੍ਰਬੰਧ ਕੀਤਾ ਗਿਆ ਹੈ। ਹੁਣ ਤੱਕ 10 ਲੱਖ ਕਿਸਾਨਾਂ ਨੂੰ 907 ਕਰੋੜ ਰੁਪਏ ਦੀ ਰਾਸ਼ੀ ਸਬਸਿਡੀ ਵਜੋਂ ਦਿੱਤੀ ਜਾ ਚੁੱਕੀ ਹੈ।

**ਝੋਨੇ ਦੀ ਸਿੱਧੀ ਬਿਜਾਈ ਨਾਲ ਕਿਸਾਨਾਂ ਨੂੰ ਪ੍ਰਤੀ ਏਕੜ ਕਰੀਬ 15 ਹਜ਼ਾਰ ਰੁਪਏ ਤੱਕ ਦਾ ਫਾਇਦਾ, ਪਾਣੀ ਦੀ ਵੀ ਬਚਤ: ਸ਼ਾਮ ਸਿੰਘ ਰਾਣਾ**

ਹਰਿਆਣਾ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ੍ਰੀ ਸ਼ਾਮ ਸਿੰਘ ਰਾਣਾ ਨੇ ਕਿਹਾ ਕਿ ਕਿਸਾਨਾਂ ਨੂੰ ਝੋਨੇ ਦੀ ਸਿੱਧੀ ਬਿਜਾਈ ਅਪਣਾਉਣੀ ਚਾਹੀਦੀ ਹੈ। ਇਸ ਨਾਲ ਕਿਸਾਨਾਂ ਨੂੰ ਲਗਭਗ 15 ਹਜ਼ਾਰ ਰੁਪਏ ਪ੍ਰਤੀ ਏਕੜ ਤੱਕ ਦਾ ਫਾਇਦਾ ਹੋ ਸਕਦਾ ਹੈ, ਜਿਸ ਵਿੱਚ 10 ਹਜ਼ਾਰ ਰੁਪਏ ਪ੍ਰਤੀ ਏਕੜ ਦੀ ਲਾਗਤ ਦੀ ਬਚਤ ਹੁੰਦੀ ਹੈ ਅਤੇ ਸਰਕਾਰ ਵੱਲੋਂ ਵੀ 4 ਤੋਂ 5 ਹਜ਼ਾਰ ਰੁਪਏ ਪ੍ਰਤੀ ਏਕੜ ਦੀ ਸਹਾਇਤਾ ਦਿੱਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਸਿੱਧੀ ਬਿਜਾਈ ਨਾਲ ਪਾਣੀ ਦੀ ਵੀ ਬਚਤ ਹੁੰਦੀ ਹੈ। ਸ੍ਰੀ ਰਾਣਾ ਨੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਮੌਜੂਦਾ ਸਮੇਂ ਵਿੱਚ ਪਾਣੀ, ਮਿੱਟੀ ਅਤੇ ਹਵਾ ਦਾ ਸੰਤੁਲਨ ਵਿਗੜ ਰਿਹਾ ਹੈ ਅਤੇ ਜ਼ਮੀਨ ਦੀ ਸਿਹਤ ਵੀ ਖਰਾਬ ਹੋ ਰਹੀ ਹੈ, ਇਸ ਲਈ ਕੁਦਰਤੀ ਸਰੋਤਾਂ ਦੀ ਸੰਭਾਲ ਅਤੇ ਖੇਤੀ ਦੀ ਟਿਕਾਊ ਵਿਵਸਥਾ ਲਈ ਸਾਨੂੰ ਹੋਰ ਗੰਭੀਰਤਾ ਨਾਲ ਕੰਮ ਕਰਨ ਦੀ ਲੋੜ ਹੈ।

ਇਸ ਮੌਕੇ ਸਾਬਕਾ ਰਾਜ ਮੰਤਰੀ ਸੁਭਾਸ਼ ਸੁਧਾ, ਸੀ.ਆਈ.ਆਈ. ਹਰਿਆਣਾ ਦੇ ਪ੍ਰਧਾਨ ਸ੍ਰੀ ਸਾਕੇਤ ਭਾਟੀਆ ਅਤੇ ਹੋਰ ਅਹੁਦੇਦਾਰ ਤੇ ਭਾਰੀ ਗਿਣਤੀ ਵਿੱਚ ਕਿਸਾਨ ਮੌਜੂਦ ਸਨ।

## ਪਟਿਆਲਾ ਵਿੱਚ ਖੇਡ ਅਕੈਡਮੀ ਵਿੱਚ ਖਿਡਾਰੀਆਂ ਨੂੰ ਮਿਲੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ

### ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦਾ ਪੰਜਾਬ ਅਤੇ ਹਰਿਆਣਾ ਦੇ ਉਦਯੋਗਪਤੀਆਂ ਨੂੰ ਸੱਦਾ




**ਪਟਿਆਲਾ, 22 ਸਤੰਬਰ**
**-ਛਤਰਪਾਲ ਸਿੰਘ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਬੁੱਧਵਾਰ ਨੂੰ ਪਟਿਆਲਾ ਦੇ ਦੌਲਤਪੁਰ ਵਿੱਚ ਕ੍ਰਿਕਟ ਅਕੈਡਮੀ ਵਿੱਚ ਨੌਜਵਾਨ ਖਿਡਾਰੀਆਂ ਅਤੇ ਬੱਚਿਆਂ ਨਾਲ ਮੁਲਾਕਾਤ ਕੀਤੀ। ਇਸ ਦੌਰਾਨ ਮੁੱਖ ਮੰਤਰੀ ਨੇ ਖਿਡਾਰੀਆਂ ਨਾਲ ਕ੍ਰਿਕਟ ਵੀ ਖੇਡੀ ਅਤੇ ਉਨ੍ਹਾਂ ਦਾ ਉਤਸ਼ਾਹ ਵਧਾਇਆ।

ਮੁੱਖ ਮੰਤਰੀ ਨੇ ਨੌਜਵਾਨ ਖਿਡਾਰੀਆਂ ਨੂੰ ਨਸ਼ਿਆਂ ਅਤੇ ਨਕਾਰਾਤਮਕਤਾ ਤੋਂ ਦੂਰ ਰਹਿ ਕੇ ਖੇਡਾਂ ਅਤੇ ਸਕਾਰਾਤਮਕ ਗਤੀਵਿਧੀਆਂ ਨਾਲ ਜੁੜਨ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਇੱਕ ਸਿਹਤਮੰਦ ਅਤੇ ਸ਼ਕਤੀਸ਼ਾਲੀ ਸਮਾਜ ਦੀ ਸਿਰਜਣਾ ਵਿੱਚ ਨੌਜਵਾਨਾਂ ਦੀ ਅਹਿਮ ਭੂਮਿਕਾ ਹੈ।

ਮੁੱਖ ਮੰਤਰੀ ਨੂੰ ਆਪਣੇ ਵਿਚਕਾਰ ਇੱਕ ਆਮ ਨਾਗਰਿਕ ਵਾਂਗ ਦੇਖ ਕੇ ਨੌਜਵਾਨ ਖਿਡਾਰੀ ਕਾਫੀ ਉਤਸ਼ਾਹਿਤ ਨਜ਼ਰ ਆਏ ਅਤੇ ਉਨ੍ਹਾਂ ਨੇ ਮੁੱਖ ਮੰਤਰੀ ਨਾਲ ਪੂਰੇ ਉਤਸ਼ਾਹ ਨਾਲ ਗੱਲਬਾਤ ਕੀਤੀ। ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਪੰਜਾਬ ਅਤੇ ਹਰਿਆਣਾ ਦੇ ਉਦਯੋਗਪਤੀਆਂ ਨੂੰ ਸੱਦਾ ਦਿੱਤਾ ਹੈ ਕਿ ਤੁਸੀਂ ਹੁਨਰ, ਤਕਨੀਕ ਅਤੇ ਵਪਾਰ ਦੇ ਖੇਤਰ ਵਿੱਚ ਸਹਿਯੋਗ ਵਧਾਓ। ਸਾਡੇ ਸਾਂਝੇ ਯਤਨ ਇਸ ਪੂਰੇ ਖੇਤਰ ਨੂੰ ਉਤਪਾਦਨ, ਨਵੇਂ ਤਰੀਕਿਆਂ ਅਤੇ ਰੁਜ਼ਗਾਰ ਦਾ ਮਜ਼ਬੂਤ ਕੇਂਦਰ ਬਣਾ ਸਕਦੇ ਹਨ।

ਸ੍ਰੀ ਸੈਣੀ ਬੁੱਧਵਾਰ ਨੂੰ ਪੰਜਾਬ ਦੇ ਪਟਿਆਲਾ ਜ਼ਿਲ੍ਹੇ ਦੇ ਦੌਲਤਪੁਰ ਵਿੱਚ ਜੀ.ਐਸ.ਏ. ਇੰਡਸਟਰੀਜ਼ ਇੰਡੀਆ ਪ੍ਰਾਈਵੇਟ ਲਿਮਟਿਡ ਦੇ ਨਵੇਂ ਉਦਯੋਗਿਕ ਪਲਾਂਟ ਦੇ ਨੀਂਹ ਪੱਥਰ ਸਮਾਗਮ ਵਿੱਚ ਬੋਲ ਰਹੇ ਸਨ।

ਇਸ ਮੌਕੇ ਰਾਧਾ ਸੁਆਮੀ ਡੇਰਾ ਬਿਆਸ ਦੇ ਅਧਿਆਤਮਕ ਮੁਖੀ ਸਰਦਾਰ ਗੁਰਿੰਦਰ ਸਿੰਘ ਢਿੱਲੋਂ, ਸਾਬਕਾ ਕੇਂਦਰੀ ਮੰਤਰੀ ਪ੍ਰਨੀਤ ਕੌਰ, ਜੀ.ਐਸ.ਏ. ਇੰਡਸਟਰੀਜ਼ ਦੇ ਮੈਨੇਜਿੰਗ ਡਾਇਰੈਕਟਰ ਸ੍ਰੀ ਜਤਿੰਦਰ ਪਾਲ ਸੈਣੀ, ਪੰਜਾਬ ਭਾਜਪਾ ਮਹਿਲਾ ਮੋਰਚਾ ਦੀ ਪ੍ਰਧਾਨ ਬੀਬੀ ਜੈਇੰਦਰ ਕੌਰ, ਪਟਿਆਲਾ ਜ਼ਿਲ੍ਹਾ ਭਾਜਪਾ ਪ੍ਰਧਾਨ ਸਰਦਾਰ ਜਸਪਾਲ ਸਿੰਘ ਸਮੇਤ ਕਈ ਪਤਵੰਤੇ ਹਾਜ਼ਰ ਸਨ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਜੀ.ਐਸ.ਏ. ਗਰੁੱਪ ਦੀ ਉਦਯੋਗਿਕ ਵਿਕਾਸ-ਯਾਤਰਾ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਪੰਜਾਬ ਦੀ ਧਰਤੀ ਤੋਂ ਸ਼ੁਰੂ ਹੋ ਕੇ ਦੁਨੀਆ ਦੇ ਬਾਜ਼ਾਰਾਂ ਤੱਕ ਪਹੁੰਚੀ ਜੀ.ਐਸ.ਏ. ਇੰਡਸਟਰੀਜ਼ ਦੀ ਯਾਤਰਾ ਇਸ ਗੱਲ ਦੀ ਮਿਸਾਲ ਹੈ ਕਿ ਭਾਰਤੀ ਉੱਦਮਤਾ, ਤਕਨੀਕ ਅਤੇ ਮਿਹਨਤ ਮਿਲ ਕੇ ਰੁਜ਼ਗਾਰ ਵੀ ਪੈਦਾ ਕਰ ਸਕਦੀ ਹੈ, ਕਿਸਾਨਾਂ ਨੂੰ ਮਜ਼ਬੂਤ ਵੀ ਬਣਾ ਸਕਦੀ ਹੈ ਅਤੇ ਭਾਰਤ ਨੂੰ ਗਲੋਬਲ ਮੈਨੂਫੈਕਚਰਿੰਗ ਹੱਬ ਬਣਾਉਣ ਵਿੱਚ ਵੀ ਯੋਗਦਾਨ ਦੇ ਸਕਦੀ ਹੈ।

ਉਨ੍ਹਾਂ ਇਸ ਸਮਾਗਮ ਦੇ ਸੁਨੇਹੇ ÓMaking India Stronger Through ManufacturingÓ ਨੂੰ ਪ੍ਰੇਰਨਾਦਾਇਕ ਦੱਸਦਿਆਂ ਕਿਹਾ ਕਿ ਇਹ ਸੁਨੇਹਾ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੇ 'ਵਿਕਸਿਤ ਭਾਰਤ-2047' ਦੇ ਵਿਜ਼ਨ ਨੂੰ ਸਾਕਾਰ ਕਰਨ ਦਾ ਸੰਕਲਪ ਹੈ। ਉਨ੍ਹਾਂ ਕਿਹਾ ਕਿ ਦੇਸ਼ ਦੀ ਸਮਰੱਥਾ ਉਦੋਂ ਵਧਦੀ ਹੈ, ਜਦੋਂ ਇਸ ਦੇ ਕਾਰਖਾਨਿਆਂ ਵਿੱਚ ਉਤਪਾਦਨ ਵਧਦਾ ਹੈ, ਇਸ ਦੇ ਨੌਜਵਾਨਾਂ ਦਾ ਹੁਨਰ ਨਿਖਰਦਾ ਹੈ ਅਤੇ ਇਸ ਦੇ ਉਤਪਾਦ ਦੁਨੀਆ ਦਾ ਭਰੋਸਾ ਜਿੱਤਦੇ ਹਨ। ਸ੍ਰੀ ਨਾਇਬ ਸਿੰਘ ਸੈਣੀ ਨੇ ਅੱਗੇ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੇ 'ਮੇਕ ਇਨ ਇੰਡੀਆ' ਅਤੇ 'ਆਤਮਨਿਰਭਰ ਭਾਰਤ' ਦੇ ਸੱਦੇ ਦਾ ਮੂਲ ਭਾਵ ਆਪਣੀਆਂ ਸਮਰੱਥਾਵਾਂ ਨੂੰ ਵਿਕਸਿਤ ਕਰਨਾ ਹੈ। ਸਾਨੂੰ ਆਪਣੇ ਨੌਜਵਾਨਾਂ ਦੀ ਪ੍ਰਤਿਭਾ ਨੂੰ ਮੌਕਾ ਦੇਣਾ ਹੈ, ਆਪਣੇ ਉੱਦਮਾਂ ਨੂੰ ਨਵੀਂ ਤਕਨੀਕ ਨਾਲ ਜੋੜਨਾ ਹੈ ਅਤੇ ਭਾਰਤ ਵਿੱਚ ਤਿਆਰ ਉਤਪਾਦਾਂ ਨੂੰ ਗਲੋਬਲ ਬਾਜ਼ਾਰਾਂ ਤੱਕ ਪਹੁੰਚਾਉਣਾ ਹੈ। ਸਾਲ 2047 ਦੇ ਵਿਕਸਿਤ ਭਾਰਤ ਦਾ ਸੰਕਲਪ ਅਜਿਹੇ ਠੋਸ ਯਤਨਾਂ ਨਾਲ ਹੀ ਸਾਕਾਰ ਹੋਵੇਗਾ। ਮੁੱਖ ਮੰਤਰੀ ਨੇ ਦੋਵਾਂ ਰਾਜਾਂ ਦੇ ਭਾਈਚਾਰੇ ਦਾ ਜ਼ਿਕਰ ਕਰਦਿਆਂ ਕਿਹਾ ਕਿ ਸਾਡੀ ਸੱਭਿਆਚਾਰਕ ਸਾਂਝ, ਸਾਡੀ ਖੇਤੀ, ਸਾਡੇ ਪਰਿਵਾਰ ਅਤੇ ਸਾਡੀ ਮਿਹਨਤ ਦੀ ਪਰੰਪਰਾ ਆਪਸ ਵਿੱਚ ਜੁੜੀ ਹੋਈ ਹੈ। ਜੇਕਰ ਪੰਜਾਬ ਦਾ ਉੱਦਮ ਅੱਗੇ ਵਧਦਾ ਹੈ ਤਾਂ ਉਸ ਦੀਆਂ ਸੰਭਾਵਨਾਵਾਂ ਹਰਿਆਣਾ ਤੱਕ ਪਹੁੰਚਦੀਆਂ ਹਨ ਅਤੇ ਜੇਕਰ ਹਰਿਆਣਾ ਦਾ ਉਦਯੋਗ ਵਧਦਾ ਹੈ ਤਾਂ ਪੰਜਾਬ ਦੇ ਕਾਰੋਬਾਰੀਆਂ ਅਤੇ ਨੌਜਵਾਨਾਂ ਲਈ ਵੀ ਮੌਕੇ ਪੈਦਾ ਹੁੰਦੇ ਹਨ। ਸਾਡੀ ਸਾਂਝੀ ਤਾਕਤ ਪੂਰੇ ਉੱਤਰ ਭਾਰਤ ਦੀ ਤਰੱਕੀ ਨੂੰ ਗਤੀ ਦੇ ਸਕਦੀ ਹੈ। ਉਨ੍ਹਾਂ ਵਿਨਿਰਮਾਣ ਨਾਲ ਜੁੜੇ ਉਦਯੋਗਪਤੀਆਂ ਅਤੇ ਕਰਮਚਾਰੀਆਂ ਨੂੰ ਵੀ ਸੱਦਾ ਦਿੱਤਾ ਕਿ ਆਓ ਅਸੀਂ ਸਾਰੇ ਮਿਲ ਕੇ ਉੱਤਮਤਾ ਦਾ ਸੰਕਲਪ ਲਈਏ। ਇੱਥੇ ਤਿਆਰ ਹੋਣ ਵਾਲਾ ਹਰ ਉਤਪਾਦ ਆਪਣੀ ਗੁਣਵੱਤਾ ਕਰਕੇ ਵਿਦੇਸ਼ਾਂ ਵਿੱਚ ਵੀ ਪਸੰਦ ਕੀਤਾ ਜਾਵੇ ਤਾਂ ਜੋ ਅੰਤਰਰਾਸ਼ਟਰੀ ਪੱਧਰ 'ਤੇ ਭਾਰਤ ਦਾ ਭਰੋਸਾ ਹੋਰ ਮਜ਼ਬੂਤ ਹੋ ਸਕੇ।

## ਈ.ਡੀ. ਵੱਲੋਂ ਮੁਹਾਲੀ ਸਥਿਤ ਗਮਾਡਾ ਦ.ਫਤਰ ਵਿੱਚ ਰਾਤ ਭਰ ਤੋਂ ਛਾਪੇਮਾਰੀ ਜਾਰੀ; ਹਾਊਸਿੰਗ ਸਕੱਤਰ ਵਿਕਾਸ ਗਰਗ ਦੇ ਘਰ ਵੀ ਪਹੁੰਚੀ ਟੀਮ

**ਮੁਹਾਲੀ, 23 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਐਨਫੋਰਸਮੈਂਟ ਡਾਇਰੈਕਟੋਰੇਟ (ਈਡੀ) ਵੱਲੋਂ ਲੰਘੇ ਦਿਨ ਮੁਹਾਲੀ ਸਥਿਤ ਗਮਾਡਾ ਦਫ਼ਤਰ ਵਿੱਚ ਸ਼ੁਰੂ ਕੀਤੀ ਛਾਪੇਮਾਰੀ ਰਾਤ ਭਰ ਜਾਰੀ ਰਹੀ ਹੈ। ਈਡੀ ਦੇ ਅਧਿਕਾਰੀਆਂ ਵੱਲੋਂ ਸਾਰੀ ਰਾਤ ਗਮਾਡਾ ਦਫ਼ਤਰ ਵਿੱਚ ਬੈਠ ਕੇ ਵੱਖ-ਵੱਖ ਫ਼ਾਈਲਾਂ ਦੀ ਪੜਤਾਲ ਕੀਤੀ ਗਈ ਅਤੇ ਹੋਰ ਦਸਤਾਵੇਜ਼ ਖੰਗਾਲੇ ਗਏ ਹਨ। ਇਹ ਛਾਪੇਮਾਰੀ ਮੰਗਲਵਾਰ ਨੂੰ ਸ਼ੁਰੂ ਕੀਤੀ ਗਈ ਸੀ ਅਤੇ ਬੁੱਧਵਾਰ ਸਵੇਰ ਤੱਕ ਲਗਾਤਾਰ ਜਾਰੀ ਹੈ। ਈਡੀ ਵੱਲੋਂ 22 ਘੰਟਿਆਂ ਤੋਂ ਜਾਂਚ ਕੀਤੀ ਜਾ ਰਹੀ ਹੈ।

ਦੂਜੇ ਪਾਸੇ ਗਮਾਡਾ ਵਿੱਚ ਕਥਿਤ ਵਿੱਤੀ ਬੇਨਿਯਮੀਆਂ ਅਤੇ ਘਪਲਿਆਂ ਦੀ ਜਾਂਚ ਕਰ ਰਹੀ ਐਨਫੋਰਸਮੈਂਟ ਡਾਇਰੈਕਟੋਰੇਟ (54) ਦੀ ਟੀਮ ਨੇ ਪੰਜਾਬ ਦੇ ਹਾਊਸਿੰਗ ਸਕੱਤਰ ਵਿਕਾਸ ਗਰਗ ਦੇ ਘਰ ਚੰਡੀਗੜ੍ਹ ਵਿੱਚ ਛਾਪੇਮਾਰੀ ਕੀਤੀ ਹੈ। ਕੇਂਦਰੀ ਜਾਂਚ ਏਜੰਸੀ ਵੱਲੋਂ ਇਹ ਤਲਾਸ਼ੀ ਮੁਹਿੰਮ ਮੰਗਲਵਾਰ ਰਾਤ ਕਰੀਬ 11 ਵਜੇ ਸ਼ੁਰੂ ਕੀਤੀ ਗਈ ਸੀ, ਜੋ ਦੇਰ ਰਾਤ ਤੱਕ ਜਾਰੀ ਰਹੀ ਹੈ। ਇਸ ਜਾਂਚ ਦੌਰਾਨ ਹੁਣ ਅਥਾਰਟੀ ਲਈ ਲੈਂਡ ਐਗਰੀਗੇਟਰ ਵਜੋਂ ਕੰਮ ਕਰਨ ਵਾਲੀ ਕੰਪਨੀ 'ਟਿਲਾ ਕੰਸਲਟੈਂਟਸ ਐਂਡ ਕੰਟਰੈਕਟਰਜ਼ ਪ੍ਰਾਈਵੇਟ ਲਿਮਟਿਡ' (Tila Consultants and Contractors Pvt Ltd) ਦੀ ਭੂਮਿਕਾ ਵੀ ਜਾਂਚ ਦੇ ਘੇਰੇ ਵਿੱਚ ਆ ਗਈ ਹੈ।

ਜਾਂਚ ਏਜੰਸੀ ਦੇ ਸੂਤਰਾਂ ਨੇ 'ਟ੍ਰਿਬਿਊਨ' ਨੂੰ ਦੱਸਿਆ ਕਿ ਜ਼ਮੀਨ ਐਕਵਾਇਰ ਕਰਨ ਅਤੇ ਨਿੱਜੀ ਰੀਅਲਟਰਾਂ ਨੂੰ ਜ਼ਮੀਨ ਦੀ ਵਰਤੋਂ ਤਬਦੀਲੀ (3*") ਦੀਆਂ ਮਨਜ਼ੂਰੀਆਂ ਦੇਣ ਵਿੱਚ ਕਥਿਤ ਗੜਬੜੀਆਂ ਹੋਈਆਂ ਹਨ, ਜਿਸ ਵਿੱਚ ਕੀਰਤੀ ਸਾਧੂ ਬਾਸ ਦੀ ਮਲਕੀਅਤ ਵਾਲੀ ਇਸ ਕੰਪਨੀ ਦੀ ਭੂਮਿਕਾ ਦੀ ਜਾਂਚ ਕੀਤੀ ਜਾ ਰਹੀ ਹੈ। ਇਹ ਕੰਸਲਟੈਂਸੀ ਕੰਪਨੀ ਕਈ ਸੂਬਾਂ ਸਰਕਾਰਾਂ ਅਤੇ ਕੇਂਦਰ ਸਰਕਾਰ ਦੀਆਂ ਅਥਾਰਟੀਆਂ ਲਈ ਕੰਮ ਕਰਦੀ ਹੈ। ਰਿਪੋਰਟਾਂ ਅਨੁਸਾਰ ਈਡੀ ਵੱਲੋਂ ਉਨ੍ਹਾਂ ਵਿਅਕਤੀਆਂ ਦੇ ਰਿਕਾਰਡਾਂ ਦੀ ਜਾਂਚ ਕੀਤੀ ਜਾ ਰਹੀ ਹੈ, ਜਿਨ੍ਹਾਂ ਦੀ ਜ਼ਮੀਨ ਹਾਲ ਹੀ ਵਿੱਚ ਗਮਾਡਾ ਵੱਲੋਂ ਨਿਊ ਚੰਡੀਗੜ੍ਹ ਅਤੇ ਮੁਹਾਲੀ ਵਿੱਚ ਐਕਵਾਇਰ ਕੀਤੀ ਗਈ ਸੀ। ਪ੍ਰਾਪਤ ਜਾਣਕਾਰੀ ਅਨੁਸਾਰ ਈਡੀ ਵੱਲੋਂ ਮੁਹਾਲੀ ਵਿੱਚ ਗਮਾਡਾ ਮੁੱਖ ਦਫ਼ਤਰ ਸਮੇਤ ਦਿੱਲੀ, ਚੰਡੀਗੜ੍ਹ, ਪੰਚਕੂਲਾ ਅਤੇ ਲੁਧਿਆਣਾ ਸਮੇਤ ਕੁੱਲ 27 ਠਿਕਾਣਿਆਂ 'ਤੇ ਛਾਪੇਮਾਰੀ ਕੀਤੀ ਗਈ ਹੈ।

## ਭਗਵੰਤ ਮਾਨ ਸਰਕਾਰ ਨੇ ਲਈ ਆਯੁਰਵੇਦ ਵਿਭਾਗ ਦੀ ਸਾਰ, ਪਿਛਲੀਆਂ ਸਰਕਾਰਾਂ ਨੇ ਅੱਖੋਂ ਪਰੋਖੇ ਕੀਤ: ਡਾ. ਬਲਬੀਰ ਸਿੰਘ

**ਪਟਿਆਲਾ, 22 ਸਤੰਬਰ**
**-ਛਤਰਪਾਲ ਸਿੰਘ-**
**-ਸ਼ਹੀਦ-ਏ-ਆਜ਼ਮ-ਬਿਊਰੋ-**



ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਹੈ ਭਗਵੰਤ ਮਾਨ ਸਰਕਾਰ ਨੇ ਪਿਛਲੀਆਂ ਸਰਕਾਰਾਂ ਵੱਲੋਂ ਅੱਖੋਂ ਪਰੋਖੇ ਕੀਤੇ ਗਏ ਆਯੁਰਵੇਦ ਵਿਭਾਗ ਦੀ ਸਾਰ ਲੈਂਦਿਆਂ ਇਸ ਦੀ ਕਾਇਆਂ ਕਲਪ ਕੀਤੀ ਹੈ। ਡਾ. ਬਲਬੀਰ ਸਿੰਘ ਅੱਜ ਸਰਕਾਰੀ ਆਯੁਰਵੈਦਿਕ ਕਾਲਜ ਪਟਿਆਲਾ ਵਿਖੇ 'ਸਵੱਸਥ ਭਵਿੱਖ ਲਈ ਆਯੁਰਵੇਦ' ਦੀ ਥੀਮ ਹੇਠ ਮਨਾਏ ਗਏ 11ਵੇਂ ਰਾਸ਼ਟਰੀ ਆਯੁਰਵੇਦ ਦਿਵਸ ਮੌਕੇ ਰਾਜ ਪੱਧਰੀ ਸਮਾਗਮ ਨੂੰ ਸੰਬੋਧਨ ਕਰ ਰਹੇ ਸਨ।

ਸਿਹਤ ਮੰਤਰੀ ਨੇ ਦੱਸਿਆ ਕਿ ਬਹੁਤ ਅਫ਼ਸੋਸ ਦੀ ਗੱਲ ਸੀ ਕਿ ਆਯੁਵੈਦਿਕ ਵਿਭਾਗ ਦਾ ਕੋਈ ਵਾਲੀ ਵਾਰਸ ਹੀ ਨਹੀਂ ਸੀ ਤੇ 1954 ਤੋਂ ਬਾਅਦ ਪਹਿਲੀ ਵਾਰ ਭਗਵੰਤ ਮਾਨ ਸਰਕਾਰ ਨੇ ਪਟਿਆਲਾ ਦਾ ਸਰਕਾਰੀ ਆਯੁਰਵੈਦਿਕ ਕਾਲਜ 'ਚ 23 ਰੈਗੂਲਰ ਅਧਿਆਪਕ ਤੇ ਪ੍ਰਿੰਸੀਪਲ ਸਮੇਤ ਗੁਰੂ ਰਵਿਦਾਸ ਆਯੁਰਵੈਦਿਕ ਯੂਨੀਵਰਸਿਟੀ ਦਾ ਵਾਈਸ ਚਾਂਸਲਰ ਤੇ ਸਪੈਸ਼ਲਿਸਟ ਅਮਲਾ ਨਿਯੁਕਤ ਕੀਤਾ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ 7.7 ਕਰੋੜ ਰੁਪਏ ਦੀ ਦਵਾਈ ਖਰੀਦੀ ਗਈ ਹੈ, 7 ਸਰਕਾਰੀ ਆਯੁਰਵੇਦਿਕ ਡਿਸਪੈਂਸਰੀਆਂ ਦੀ ਮੁਰੰਮਤ ਕਰਵਾਈ ਗਈ, 10 ਕਰੋੜ ਰੁਪਏ ਦਾ ਹੋਰ ਟੈਂਡਰ ਲਗਾਇਆ ਗਿਆ ਹੈ। ਡਾ. ਬਲਬੀਰ ਸਿੰਘ ਨੇ ਆਯੁਰਵੈਦਿਕ ਚੈਟਬੋਟ ਦੀ ਸ਼ੁਰੂਆਤ ਕਰਦਿਆਂ ਆਯੁਰਵੈਦਿਕ ਡਾਕਟਰਾਂ ਨੂੰ ਸੱਦਾ ਦਿੱਤਾ ਕਿ ਉਹ ਪਹਿਲੇ ਪੜਾਅ ਹੇਠ 20 ਦੇ ਕਰੀਬ ਪਿੰਡ ਅਪਣਾ ਕੇ ਆਯੁਰਵੈਦਿਕ ਇਲਾਜ ਪ੍ਰਣਾਲੀ ਤੇ ਦੂਜੀਆਂ ਪੱਧਤੀਆਂ ਨਾਲ ਇਲਾਜ ਕਰਨ ਬਾਰੇ ਅਧਿਐਨ ਕਰਨ।

ਸਿਹਤ ਮੰਤਰੀ ਨੇ ਕਿਹਾ ਕਿ ਵਿਗੜੇ ਆਚਾਰ-ਵਿਹਾਰ ਕਰਕੇ ਮਨੁੱਖ ਗੰਭੀਰ ਬਿਮਾਰੀਆਂ ਦਾ ਸ਼ਿਕਾਰ ਹੋ ਰਿਹਾ ਹੈ ਪਰੰਤੂ ਆਯੁਰਵੇਦ ਵਿੱਚ ਮਨੁੱਖ ਦੀ ਖੁਰਾਕ ਨੂੰ ਦਵਾਈ ਦੀ ਤਰ੍ਹਾਂ ਵਰਤਕੇ ਗੰਭੀਰ ਬਿਮਾਰੀਆਂ ਦਾ ਇਲਾਜ ਜੜ੍ਹ ਤੋਂ ਕਰਨ ਦੀ ਸਮਰੱਥਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸਾਡੀ ਪ੍ਰਾਚੀਨ ਤੇ ਵਿਗਿਆਨਕ ਚਿਕਿਤਸਾ ਪ੍ਰੰਪਰਾ ਨੂੰ ਪ੍ਰਫੁੱਲਤ ਕਰਨ ਲਈ ਵਚਨਬੱਧ ਹੈ, ਜਿਸ ਲਈ ਪਿੰਡ-ਪਿੰਡ ਨਵ ਗ੍ਰਹਿ ਵਾਟਿਕਾ ਬਣਾਉਣ ਦਾ ਟੀਚਾ ਮਿੱਥਿਆ ਗਿਆ ਹੈ। ਇਸ ਮੌਕੇ ਗੁਰੂ ਰਵਿਦਾਸ ਆਯੁਰਵੈਦਿਕ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਸੰਜੀਵ ਸੂਦ, ਰਜਿਸਟਰਾਰ ਡਾ. ਸੰਜੀਵ ਗੋਇਲ, ਡਾਇਰੈਕਟਰ ਆਯੁਰਵੈਦਾ ਡਾ. ਰਮਨ ਖੰਨਾ, ਸੀਐਮ ਯੋਗਸ਼ਾਲਾ ਦੇ ਕੁਆਰਡੀਨੇਟਰ ਅਮਰੇਸ਼ ਕੁਮਾਰ ਤੇ ਕਮਲੇਸ਼ ਮਿਸ਼ਰਾ, ਸਰਕਾਰੀ ਆਯੁਰਵੈਦਿਕ ਕਾਲਜ ਦੇ ਪ੍ਰਿੰਸੀਪਲ ਡਾ. ਚੰਦਰ ਸ਼ੇਖਰ ਸ਼ਰਮਾ, ਜ਼ਿਲ੍ਹਾ ਆਯੁਰਵੈਦਿਕ ਤੇ ਯੁਨਾਨੀ ਅਫ਼ਸਰ ਡਾ. ਮੋਹਨ ਲਾਲ, ਕੰਟਰੋਲਰ ਇਮਤਿਹਾਨ ਡਾ. ਅੰਜੂ ਬਾਲਾ, ਆਯੁਰਵੈਦਾ ਸਲਾਹਕਾਰ ਡਾ. ਰਾਜੀਵ ਮਹਿਤਾ ਅਤੇ ਵੱਡੀ ਗਿਣਤੀ ਆਯੁਰਵੈਦਿਕ ਮੈਡੀਕਲ ਅਫ਼ਸਰ ਤੇ ਵਿਦਿਆਰਥੀ ਮੌਜੂਦ ਸਨ।

## ਨਗਰ ਪੰਚਾਇਤ ਘੱਗਾ ਵੱਲੋਂ 'ਸਵੱਛਤਾ ਹੀ ਸੇਵਾ' ਤਹਿਤ ਡੋਰ-ਟੂ-ਡੋਰ ਜਾਗਰੂਕਤਾ ਮੁਹਿੰਮ




**ਘੱਗਾ, 23 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਨਗਰ ਪੰਚਾਇਤ ਘੱਗਾ ਵੱਲੋਂ 'ਸਵੱਛਤਾ ਹੀ ਸੇਵਾ 2026' ਮੁਹਿੰਮ ਤਹਿਤ ਪ੍ਰਧਾਨ ਮਿੱਠੂ ਸਿੰਘ ਅਤੇ ਕਾਰਜ ਸਾਧਕ ਅਫ਼ਸਰ ਬਲਜਿੰਦਰ ਸਿੰਘ ਦੀ ਅਗਵਾਈ ਹੇਠ ਡੋਰ-ਟੂ-ਡੋਰ ਜਾਗਰੂਕਤਾ ਮੁਹਿੰਮ ਚਲਾਈ ਗਈ। ਇਸ ਦੌਰਾਨ ਨਗਰ ਪੰਚਾਇਤ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਨੇ ਘਰ-ਘਰ ਜਾ ਕੇ ਲੋਕਾਂ ਨੂੰ ਗਿੱਲੇ ਅਤੇ ਸੁੱਕੇ ਕੂੜੇ ਨੂੰ ਅਲੱਗ-ਅਲੱਗ ਰੱਖਣ ਅਤੇ ਕੂੜਾ ਨਿਰਧਾਰਤ ਥਾਵਾਂ 'ਤੇ ਹੀ ਦੇਣ ਸਬੰਧੀ ਜਾਗਰੂਕ ਕੀਤਾ।

ਨਗਰ ਪੰਚਾਇਤ ਦੇ ਅਧਿਕਾਰੀਆਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਘਰਾਂ ਤੋਂ ਨਿਕਲਣ ਵਾਲੇ ਕੂੜੇ ਨੂੰ ਗਿੱਲੇ ਅਤੇ ਸੁੱਕੇ ਕੂੜੇ ਦੇ ਰੂਪ ਵਿੱਚ ਵੱਖ-ਵੱਖ ਰੱਖਿਆ ਜਾਵੇ ਅਤੇ ਇਸ ਨੂੰ ਸੜਕਾਂ ਦੇ ਕਿਨਾਰਿਆਂ ਜਾਂ ਜਨਤਕ ਥਾਵਾਂ 'ਤੇ ਨਾ ਸੁੱਟਿਆ ਜਾਵੇ। ਉਨ੍ਹਾਂ ਕਿਹਾ ਕਿ ਸਾਫ਼-ਸੁਥਰਾ ਵਾਤਾਵਰਣ ਬਣਾਈ ਰੱਖਣਾ ਸਿਰਫ਼ ਨਗਰ ਪੰਚਾਇਤ ਦੀ ਹੀ ਨਹੀਂ, ਸਗੋਂ ਹਰੇਕ ਨਾਗਰਿਕ ਦੀ ਸਾਂਝੀ ਜ਼ਿੰਮੇਵਾਰੀ ਹੈ। ਇਸ ਮੌਕੇ ਲੋਕਾਂ ਨੂੰ ਅਪੀਲ ਕੀਤੀ ਗਈ ਕਿ ਉਹ ਨਗਰ ਪੰਚਾਇਤ ਘੱਗਾ ਵੱਲੋਂ ਸ਼ਹਿਰ ਨੂੰ ਸਾਫ਼-ਸੁਥਰਾ ਅਤੇ ਕੂੜਾ-ਮੁਕਤ ਬਣਾਉਣ ਲਈ ਕੀਤੇ ਜਾ ਰਹੇ ਉਪਰਾਲਿਆਂ ਵਿੱਚ ਸਰਗਰਮ ਸਹਿਯੋਗ ਦੇਣ ਅਤੇ 'ਸਵੱਛਤਾ ਹੀ ਸੇਵਾ' ਮੁਹਿੰਮ ਨੂੰ ਸਫ਼ਲ ਬਣਾਉਣ ਵਿੱਚ ਆਪਣੀ ਭੂਮਿਕਾ ਨਿਭਾਉਣ।

## ਬੀ.ਜੇ.ਪੀ. ਵਲੋਂ ਸਤੀਸ਼ ਪੂਨੀਆ ਪੰਜਾਬ, ਸਮ੍ਰਿਤੀ ਇਰਾਨੀ ਨੂੰ ਹਰਿਆਣਾ ਅਤੇ ਮਹਿੰਦਰ ਪਾਂਡੇ ਚੰਡੀਗੜ੍ਹ ਦੇ ਇੰਚਾਰਜ ਨਿਯੁਕਤ

### ਤਰੁਣ ਚੁੱਘ ਨੂੰ ਪ੍ਰਧਾਨ ਮੰਤਰੀ ਮੋਦੀ ਦੇ ਗ੍ਰਹਿ ਸੂਬੇ ਗੁਜਰਾਤ ਦਾ ਇੰਚਾਰਜ ਬਣਾਇਆ



**ਨਵੀਂ ਦਿੱਲੀ, 22 ਸਤੰਬਰ**
**-ਚੌਧਰੀ ਪ੍ਰਭਜੀਤ ਸਿੰਘ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਭਾਰਤੀ ਜਨਤਾ ਪਾਰਟੀ (ਭਾਜਪਾ) ਨੇ 2027 ਦੇ ਆਗਾਮੀ ਵਿਧਾਨ ਸਭਾ ਚੋਣ ਚੱਕਰ ਤੋਂ ਪਹਿਲਾਂ ਸੰਗਠਨਾਤਮਕ ਢਾਂਚੇ ਵਿੱਚ ਵੱਡਾ ਫੇਰਬਦਲ ਕਰਦਿਆਂ ਨਵੀਆਂ ਨਿਯੁਕਤੀਆਂ ਦਾ ਐਲਾਨ ਕੀਤਾ ਹੈ। ਪਾਰਟੀ ਦੀ ਸੀਨੀਅਰ ਆਗੂ ਅਤੇ ਨਵ-ਨਿਯੁਕਤ ਕੌਮੀਂ ਜਨਰਲ ਸਕੱਤਰ ਸਮ੍ਰਿਤੀ ਇਰਾਨੀ ਨੂੰ ਹਰਿਆਣਾ ਦਾ ਇੰਚਾਰਜ ਲਗਾਇਆ ਗਿਆ ਹੈ। ਸਰਹੱਦੀ ਸੂਬੇ ਪੰਜਾਬ ਦੀ ਕਮਾਨ Satish Poonia ਨੂੰ ਸੌਂਪੀ ਗਈ ਹੈ, ਜਦੋਂ ਕਿ ਦਿੱਲੀ ਭਾਜਪਾ ਦੇ ਸਾਬਕਾ ਪ੍ਰਧਾਨ ਵਰੇਂਦਰ ਸਚਦੇਵਾ ਅਤੇ ਅਲਕਾ ਗੁਰਜਰ ਨੂੰ ਪੰਜਾਬ ਦੇ ਸਹਿ-ਇੰਚਾਰਜ ਵਜੋਂ ਤਾਇਨਾਤ ਕੀਤਾ ਗਿਆ ਹੈ। ਹਰਿਆਣਾ ਵਿੱਚ ਸਮ੍ਰਿਤੀ ਇਰਾਨੀ ਦੀ ਮਦਦ ਲਈ ਭੋਲਾ ਸਿੰਘ ਨੂੰ ਸਹਿ-ਇੰਚਾਰਜ ਬਣਾਇਆ ਗਿਆ ਹੈ।

ਹਿਮਾਚਲ ਪ੍ਰਦੇਸ਼ ਵਿੱਚ ਭਾਜਪਾ ਨੇ ਉੱਤਰ ਪ੍ਰਦੇਸ਼ ਦੇ ਸੀਨੀਅਰ ਨੇਤਾ ਸ੍ਰੀਕਾਂਤ ਸ਼ਰਮਾ ਨੂੰ ਇੰਚਾਰਜ ਥਾਪਿਆ ਹੈ, ਜਦੋਂ ਕਿ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਦੀ ਜ਼ਿੰਮੇਵਾਰੀ ਮਹੇਂਦਰ ਪਾਂਡੇ ਨੂੰ ਦਿੱਤੀ ਗਈ ਹੈ। ਮਹਾਰਾਸ਼ਟਰ ਵਿੱਚ ਪਾਰਟੀ ਨੇ ਰਾਜ ਸਭਾ ਮੈਂਬਰ Baijayant ਪਾਂਡਾ ਨੂੰ ਇੰਚਾਰਜ ਬਣਾਇਆ ਹੈ, ਜਿਨ੍ਹਾਂ ਦੇ ਨਾਲ ਭਾਜਪਾ ਦੇ ਆਈ.ਟੀ. ਸੈੱਲ ਦੇ ਸਾਬਕਾ ਮੁਖੀ ਅਮਿਤ ਮਾਲਵੀਆ ਅਤੇ ਦਿੱਲੀ ਤੋਂ ਸੰਸਦ ਮੈਂਬਰ ਕਮਲਜੀਤ ਸਹਿਰਾਵਤ ਸਹਿ-ਇੰਚਾਰਜ ਦੀ ਭੂਮਿਕਾ ਨਿਭਾਉਣਗੇ।

**ਤਰੁਣ ਚੁੱਘ ਨੂੰ ਗੁਜਰਾਤ ਦੀ ਦਿੱਤੀ ਜ਼ਿੰਮੇਵਾਰੀ**

ਰਾਜਨੀਤਿਕ ਦ੍ਰਿਸ਼ਟੀ ਤੋਂ ਅਹਿਮ ਨਿਯੁਕਤੀਆਂ ਤਹਿਤ ਭਾਜਪਾ ਦੇ ਸੀਨੀਅਰ ਨੇਤਾ ਤਰੁਣ ਚੁੱਘ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਗ੍ਰਹਿ ਸੂਬੇ ਗੁਜਰਾਤ ਦੇ ਇੰਚਾਰਜ ਵਜੋਂ ਵੱਡੀ ਜ਼ਿੰਮੇਵਾਰੀ ਦਿੱਤੀ ਗਈ ਹੈ। ਇਸ ਦੇ ਨਾਲ ਹੀ ਪਾਰਟੀ ਦੇ ਰਾਸ਼ਟਰੀ ਜਨਰਲ ਸਕੱਤਰ ਬਿਪਲਬ ਦੇਵ ਨੂੰ ਮੱਧ ਪ੍ਰਦੇਸ਼ ਦਾ ਇੰਚਾਰਜ ਨਿਯੁਕਤ ਕੀਤਾ ਗਿਆ ਹੈ। ਰਾਜਧਾਨੀ ਦਿੱਲੀ ਦੀ ਕਮਾਨ ਸੀਨੀਅਰ ਆਗੂ ਵਿਨੈ ਸਹਸ੍ਰਬੁੱਧੇ ਨੂੰ ਸੌਂਪੀ ਗਈ ਹੈ, ਜਿਨ੍ਹਾਂ ਨਾਲ ਲੱਦਾਖ ਦੇ ਸਾਬਕਾ ਸੰਸਦ ਮੈਂਬਰ ਜਾਮਿਆਂਗ ਤਸੇਰਿੰਗ ਨਾਮਗਿਆਲ ਸਹਿ-ਇੰਚਾਰਜ ਵਜੋਂ ਕੰਮ ਕਰਨਗੇ। ਆਗਾਮੀ ਚੋਣਾਂ ਵਾਲੇ ਸੂਬਿਆਂ ਲਈ ਵੀ ਪਾਰਟੀ ਨੇ ਵਿਸ਼ੇਸ਼ ਰਣਨੀਤੀ ਤਹਿਤ ਤਾਇਨਾਤੀਆਂ ਕੀਤੀਆਂ ਹਨ। ਇਸ ਲੜੀ ਤਹਿਤ ਪੰਜਾਬ ਵਿੱਚ ਸਤੀਸ਼ ਪੂਨੀਆ, ਉੱਤਰ ਪ੍ਰਦੇਸ਼ ਵਿੱਚ ਰਾਸ਼ਟਰੀ ਜਨਰਲ ਸਕੱਤਰ ਵਿਨੋਦ ਤਾਵੜੇ, ਗੋਆ ਵਿੱਚ ਸਾਬਕਾ ਮੰਤਰੀ ਭਾਰਤੀ ਪਵਾਰ, ਮਨੀਪੁਰ ਵਿੱਚ ਰਾਜਦੀਪ ਰੋਏ, ਹਿਮਾਚਲ ਪ੍ਰਦੇਸ਼ ਵਿੱਚ ਸ੍ਰੀਕਾਂਤ ਸ਼ਰਮਾ ਅਤੇ ਗੁਜਰਾਤ ਵਿੱਚ ਤਰੁਣ ਚੁੱਘ ਨੂੰ ਮੋਰਚਾ ਸੰਭਾਲਣ ਦੇ ਨਿਰਦੇਸ਼ ਦਿੱਤੇ ਗਏ ਹਨ।





